


ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ

# ਸੇਵਾ ਸਰਗਰਮੀਆਂ

ਲੜੀ ਨੰਬਰ 2, ਅਪ੍ਰੈਲ 2018 (ਵੈਸਾਖ, ਸੰਮਤ ਨਾਨਕਸ਼ਾਹੀ 550) ਮੁੱਖ ਸੰਪਾਦਕ ਦਿਲਜੀਤ ਸਿੰਘ ਬੇਦੀ ਪ੍ਰਕਾਸ਼ਕ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਫੋਨ- 01832553956-60 ਈਮੇਲ- sgpcsargarmiya@gmail.com


### ਕੌਮ ਵਿੱਚੋਂ ਵੰਡੀਆਂ ਨੂੰ ਖ਼ਤਮ ਕਰਨ 'ਚ ਸਹਾਈ ਹੋਵੇਗੀ

## ਇੱਕ ਪਿੰਡ ਇੱਕ ਗੁਰਦੁਆਰਾ ਮੁਹਿੰਮ

ਭਾਈ ਕਾਨ੍ਹ ਸਿੰਘ 'ਨਾਭਾ' ਮਹਾਨ ਕੋਸ਼ ਵਿਚ ਗੁਰਦੁਆਰੇ ਦੀ ਸੰਗਯਾ 'ਗੁਰੂ ਦਾ ਘਰ' ਕਰਦਿਆਂ ਲਿਖਦੇ ਹਨ ਕਿ "ਸਿੱਖਾਂ ਦਾ ਧਰਮ ਮੰਦਰ ਉਹ ਅਸਥਾਨ ਜਿਸ ਨੂੰ ਦਸ ਸਤਿਗੁਰਾਂ ਨੇ ਧਰਮ ਪ੍ਰਚਾਰ ਲਈ ਬਣਾਇਆ ਅਥਵਾ ਜਿਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਹੁੰਦਾ ਹੈ।" ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਸ੍ਰੀ ਗੁਰੂ ਅਰਜਨ ਦੇਵ ਜੀ ਤੱਕ ਸਿੱਖਾਂ ਦੇ ਧਰਮ ਮੰਦਿਰ ਦਾ ਨਾਮ ਧਰਮਸ਼ਾਲਾ ਰਿਹਾ ਹੈ। ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸਭ ਤੋਂ ਪਹਿਲਾਂ ਅੰਮ੍ਰਿਤ ਸਰੋਵਰ ਵਿਚ ਧਰਮ ਮੰਦਿਰ ਦੀ 'ਹਰਿਮੰਦਰ' ਸੰਗਯਾ ਥਾਪੀ ਅਰ ਗੁਰੂ ਹਰਿਗੋਬਿੰਦ ਜੀ ਦੇ ਸਮੇਂ ਧਰਮਸ਼ਾਲਾ ਦੀ ਸੰਗਯਾ 'ਗੁਰਦੁਆਰਾ' ਵਜੋਂ ਹੋਈ।

ਡਾ. ਰਤਨ ਸਿੰਘ ਸਿੱਖ ਪੰਥ ਵਿਸ਼ਵ ਕੋਸ਼ ਵਿਚ ਗੁਰਦੁਆਰਾ ਦੀ ਪਰਿਭਾਸ਼ਾ ਬਾਰੇ ਲਿਖਦੇ ਹਨ ਜਿਸ ਥਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਹੁੰਦਾ ਹੋਵੇ ਉਸ ਨੂੰ ਸਿੱਖ ਸ਼ਬਦਾਵਲੀ ਵਿਚ 'ਗੁਰਦੁਆਰਾ' ਕਿਹਾ ਜਾਂਦਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਸ੍ਰੀ ਗੁਰੂ ਅਰਜਨ ਦੇਵ ਜੀ ਤਕ ਸਿੱਖ ਧਰਮ ਦੇ ਪ੍ਰਚਾਰ-ਪ੍ਰਸਾਰ ਲਈ ਬਣਾਏ ਗਏ ਅਸਥਾਨ ਨੂੰ ਧਰਮਸ਼ਾਲ ਕਿਹਾ ਜਾਂਦਾ ਸੀ। ਇਸ ਪ੍ਰਕਾਰ ਦੇ ਉਲੇਖ ਜਨਮਸਾਖੀ ਸਾਹਿਤ ਵਿਚ ਮਿਲਦੇ ਹਨ।

ਸਿੱਖਾਂ ਦਾ ਗੁਰਦੁਆਰਾ, ਵਿਦਿਆਰਥੀਆਂ ਲਈ ਸਕੂਲ, ਆਤਮ ਜਗਿਆਸਾ ਵਾਲਿਆਂ ਲਈ ਗਿਆਨ ਉਪਦੇਸ਼ਕ, ਰੋਗੀਆਂ ਲਈ ਸ਼ਫਾਖਾਨਾ, ਭੁਖਿਆਂ ਲਈ ਅੰਨਪੂਰਣਾ, ਇਸਤਰੀ ਜਾਤਿ ਦੀ ਪਤ ਰੱਖਣ ਲਈ ਲੋਹਮਈ ਦੁਰਗਾ ਅਤੇ ਮੁਸਾਫਰਾਂ ਲਈ ਵਿਸ਼ਰਾਮ ਦਾ ਅਸਥਾਨ ਹੈ। ਸਿੱਖ ਧਰਮ ਸਰਬ-ਸਾਂਝਾ ਧਰਮ ਹੈ। ਇਸ ਦੀ ਨੀਂਹ "ਸਭੇ ਸਾਝੀਵਾਲ ਸਦਾਇਨਿ ਤੂੰ ਕਿਸੈ ਨ ਦਿਸਹਿ ਬਾਹਰਾ ਜੀਉ" ਦੇ ਸਿਧਾਂਤ ਉਪਰ ਰੱਖੀ ਗਈ ਹੈ। ਇਸ ਸਿਧਾਂਤ 'ਤੇ ਅਮਲ ਕਰਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣੇ ਮਿਸ਼ਨ ਦੇ ਪ੍ਰਚਾਰ ਲਈ ਸਮਾਜ ਵੱਲੋਂ ਵੰਡੀ ਹੋਈ ਅਖੌਤੀ ਪੱਛੜੀ ਸ਼੍ਰੇਣੀ ਵਿਚੋਂ ਭਾਈ ਮਰਦਾਨਾ ਜੀ ਨੂੰ ਆਪਣਾ ਸੰਗੀ (ਸਾਥੀ) ਚੁਣਿਆ ਜਿਸ ਨੂੰ ਉਨ੍ਹਾਂ ਨੇ ਭਾਈ ਦਾ ਖਿਤਾਬ ਦੇ ਕੇ ਆਪਣੇ ਬਰਾਬਰ ਖੜ੍ਹਾ ਕੀਤਾ। ਗੁਰੂ ਸਹਿਬਾਨ ਦੀਆਂ ਸਿਖਿਆਵਾਂ ਸਾਰੀ ਮਨੁੱਖਤਾ ਨੂੰ ਆਪਣੇ ਕਲਾਵੇ ਵਿਚ ਲੈਂਦੀਆਂ ਹਨ। ਸੰਗਤਾਂ ਦੇ ਇਕੱਤਰ ਹੋਣ ਲਈ ਗੁਰੂ ਸਾਹਿਬਾਨ ਸਮੇਂ ਹੋਂਦ ਵਿਚ ਆਈ ਧਰਮਸ਼ਾਲਾ, ਗੁਰਦੁਆਰਾ ਸਾਹਿਬ ਦਾ ਰੂਪ ਧਾਰਨ ਕਰ ਗਈ। ਗੁਰਦੁਆਰਾ ਸਾਹਿਬ ਵਿਚ ਹਰ ਮਨੁੱਖ ਬਿਨਾ ਊਚ-ਨੀਚ, ਭੇਦ-ਭਾਵ ਅਤੇ ਵਿਤਕਰੇ ਦੇ ਆਪਣੀ ਸਰਧਾ ਅਨੁਸਾਰ ਹਾਜ਼ਰ ਹੋ ਸਕਦਾ ਹੈ। ਵਰਨ ਵੰਡ ਜਾਤਾ-ਪਾਤਾਂ ਤੋਂ ਉਪਰ ਉਠਦਿਆਂ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਚਾਰ ਦਰਵਾਜੇ ਰੱਖੇ ਸਨ ਜੋ ਏਸੇ ਸੰਕਲਪ ਦਾ ਸੰਕੇਤ ਸੀ ਕਿ ਇਸ ਅਸਥਾਨ ਤੇ ਹਰ ਮਨੁੱਖ ਬਿਨਾ ਭੇਦ-ਭਾਵ ਦੇ ਆ ਸਕਦਾ ਹੈ ਅਤੇ ਪੰਗਤ ਚ ਬੈਠ ਕੇ ਲੰਗਰ ਛਕ ਸਕਦਾ ਹੈ।

ਗੁਰੂ ਕਾਲ ਤੋਂ ਪਹਿਲਾਂ ਕੰਮਾਂ ਦੇ ਅਧਾਰ ਤੇ ਸਮਾਜ ਅਨੇਕਾਂ ਜਾਤਾਂ-ਪਾਤਾਂ ਵਿਚ ਵੰਡਿਆ ਹੋਇਆ ਸੀ। ਅਖੌਤੀ ਨੀਵੀਂ ਜਾਤ ਨਾਲ ਸਬੰਧਤ ਲੋਕਾਂ ਨੂੰ ਧਰਮ ਅਸਥਾਨਾਂ ਅੰਦਰ ਜਾਣ ਦੀ ਇਜ਼ਾਜਤ ਨਹੀਂ ਸੀ। ਇਹ ਲੋਕ ਧਰਮ ਗ੍ਰੰਥਾਂ ਤੋਂ ਪੂਜਾ ਪਾਠ ਨਹੀਂ ਸਨ ਕਰ ਸਕਦੇ। ਗੁਰੂ ਸਾਹਿਬ ਨੇ ਸੰਸਾਰ ਦੀ ਅਜਿਹੀ ਹਾਲਤ ਵੇਖ ਕੇ ਧਰਮ ਲਈ ਅਜਿਹੇ ਸਿਧਾਂਤ ਦਿੱਤੇ ਜਿਨ੍ਹਾਂ ਅੰਦਰ ਜਾਤ-ਪਾਤ ਲਈ ਕੋਈ ਥਾਂ ਨਹੀਂ ਸੀ। ਗੁਰੂ ਸਾਹਿਬ ਨੇ "ਏਕੁ ਪਿਤਾ ਏਕਸ ਕੇ ਹਮ ਬਾਰਿਕ" ਦੇ ਸਿਧਾਂਤ ਅਨੁਸਾਰ ਸਾਰਿਆਂ ਨੂੰ ਬਰਾਬਰਤਾ ਦਾ ਹੱਕ ਦਿੱਤਾ।

ਜਾਤ-ਪਾਤ ਵਰਨ ਭੇਦ ਦੀ ਇਸ ਵੰਡ ਨੂੰ ਖ਼ਤਮ ਕਰਨ ਲਈ ਸ੍ਰੀ ਗੁਰੂ ਅਮਰਦਾਸ ਜੀ ਨੇ ਪਹਿਲੇ ਪੰਗਤ ਪਾਛੇ ਸੰਗਤ ਦਾ ਸਿਧਾਂਤ ਦਿੱਤਾ ਤਾਂ ਕਿ ਗੁਰੂ ਜੀ ਦੇ ਦਰਸ਼ਨਾਂ ਨੂੰ ਆਉਣ ਵਾਲਾ ਹਰ ਮਨੁੱਖ ਪਹਿਲਾਂ ਪੰਗਤ ਵਿਚ ਬੈਠ ਕੇ ਪਰਸ਼ਾਦਾ ਛਕੇ ਜਿਸ ਨਾਲ ਉਸ ਦੇ ਮਨ ਵਿਚੋਂ ਊਚ-ਨੀਚ ਦੀ ਭਾਵਨਾ ਖਤਮ ਹੋ ਸਕੇ। ਅੱਜ ਸਿੱਖ ਸਮਾਜ ਅੰਦਰ ਗੁਰੂ ਸਾਹਿਬ ਵੱਲੋਂ ਬਖ਼ਸੇ ਸਿਧਾਤਾਂ ਦੇ ਉਲਟ ਗੁਰੂ ਘਰਾਂ ਦੀਆਂ ਵੀ ਵੰਡੀਆਂ ਪਈਆਂ ਹੋਈਆਂ ਹਨ। ਆਪਣੀ ਚੌਧਰ ਅਤੇ ਪ੍ਰਧਾਨਗੀ ਖ਼ਾਤਰ ਅਸੀਂ ਗੁਰਦੁਆਰਾ ਸਾਹਿਬ ਨੂੰ ਵੀ ਜਾਤਾਂ-ਪਾਤਾਂ ਦੇ ਅਧਾਰ 'ਤੇ ਵੰਡ ਦਿੱਤਾ ਹੈ। ਅੱਜ ਇਕ ਇਕ ਪਿੰਡ ਵਿਚ ਕਈ ਕਈ ਗੁਰਦੁਆਰਾ ਸਾਹਿਬ ਸਥਾਪਤ ਹਨ। ਇਸ ਨਾਲ ਜਿਥੇ ਗੁਰਦੁਆਰਾ ਸਾਹਿਬਾਨ ਅੰਦਰ ਸੰਗਤ ਦੀ ਆਮਦ ਘਟੀ ਹੈ ਉਥੇ ਗੁਰੂ ਸਾਹਿਬ ਦੇ ਸਤਿਕਾਰ ਵਿਚ ਵੀ ਭਾਰੀ ਕਮੀ ਆਈ ਹੈ।

ਗੁਰੂ ਘਰ ਸਾਂਝੀਵਾਲਤਾ ਦਾ ਸੰਦੇਸ਼ ਦਿੰਦੇ ਹਨ ਅਤੇ ਇਥੇ ਊਚ-ਨੀਚ, ਜਾਤ-ਪਾਤ ਤੇ ਭੇਦ-ਭਾਵ ਦਾ ਕੋਈ ਵੰਡ ਵੱਖਰੇਵਾਂ ਨਹੀਂ ਹੈ। ਪ੍ਰਧਾਨਗੀਆਂ ਹਥਿਆਉਣ ਲਈ ਅਤੇ ਜਾਤਾਂ-ਪਾਤਾਂ ਦੇ ਆਧਾਰ 'ਤੇ ਨਿੱਤ ਦਿਨ ਬਣ ਰਹੇ ਨਵੇਂ ਗੁਰਦੁਆਰਾ ਸਾਹਿਬਾਨ ਸਿੱਖ ਧਰਮ ਲਈ ਚਿੰਤਾਂ ਦਾ ਵਿਸ਼ਾ ਹਨ। ਅੱਜ ਲੋੜ ਹੈ ਕਿ ਵੰਡੀਆਂ ਵੱਖਰੇਵਿਆਂ ਨੂੰ ਖ਼ਤਮ ਕਰਦਿਆਂ ਹਰ ਪਿੰਡ ਵਿਚ ਇਕ ਗੁਰਦੁਆਰਾ ਸਾਹਿਬ ਅਤੇ ਇਕ ਹੀ ਸਮਸ਼ਾਨ ਘਰ ਦੇ ਸੰਕਲਪ ਨੂੰ ਲਾਗੂ ਕੀਤਾ ਜਾਵੇ। ਪਿਛਲੇ ਸਮੇਂ ਵਿਚ ਸ੍ਰੀ ਅਕਾਲ ਤਖਤ ਸਾਹਿਬ ਤੋਂ 'ਇਕ ਪਿੰਡ ਇਕ ਗੁਰਦੁਆਰਾ' ਕਰਨ ਲਈ ਆਦੇਸ਼ ਜਾਰੀ ਹੋਇਆ ਸੀ। ਇਸ ਆਦੇਸ਼ ਦਾ ਮਕਸਦ ਸਿੱਖਾਂ ਅੰਦਰ ਜਾਤ-ਪਾਤ ਦੇ ਅਧਾਰ 'ਤੇ ਪਾਈਆਂ ਜਾ ਰਹੀਆਂ ਵੰਡੀਆਂ ਨੂੰ ਖ਼ਤਮ ਕਰਨਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਾਤ-ਪਾਤ ਤੇ ਭੇਦ-ਭਾਵ ਦੇ ਵਖਰੇਵਿਆਂ ਨੂੰ ਖ਼ਤਮ ਕਰਨ ਅਤੇ ਪੰਥਕ ਏਕਤਾ ਨੂੰ ਬੜ੍ਹਾਵਾ ਦੇਣ ਲਈ 'ਇਕ ਪਿੰਡ ਇਕ ਗੁਰਦੁਆਰਾ' ਮੁਹਿੰਮ ਦੀ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨਛੋਹ ਪ੍ਰਾਪਤ ਇਤਿਹਾਸਕ ਪਿੰਡ ਚਕਰ ਤੋਂ ਆਰੰਭਤਾ ਕਰਦਿਆਂ ਪਿੰਡ ਦੀ ਪੰਚਾਇਤ ਅਤੇ ਗੁਰਦੁਆਰਾ ਕਮੇਟੀ ਨੂੰ ਸਨਮਾਨਿਤ ਕੀਤਾ ਗਿਆ।

ਇਸੇ ਤਰ੍ਹਾਂ ਜ਼ਿਲ੍ਹਾ ਫਰੀਦਕੋਟ ਦੇ ਪਿੰਡ ਧੂੜਕੋਟ ਦੀਆਂ ਸੰਗਤਾਂ ਨੇ ਦੋ ਗੁਰਦੁਆਰਾ ਸਾਹਿਬ ਤੋਂ ਇਕ ਕਰਨ ਦਾ ਸੰਕਲਪ ਲਿਆ ਹੈ, ਜਿਸ ਲਈ ਉਹ ਵਧਾਈ ਦੀਆਂ ਹੱਕਦਾਰ ਹਨ। ਸ਼੍ਰੋਮਣੀ ਕਮੇਟੀ ਵੱਲੋਂ 'ਇਕ ਪਿੰਡ ਇਕ ਗੁਰਦੁਆਰਾ' ਤਹਿਤ ਬਹੁਤੇ ਗੁਰਦੁਆਰਿਆਂ ਤੋਂ ਕੇਵਲ ਇਕ ਗੁਰਦੁਆਰਾ ਸਾਹਿਬ ਕਰਨ ਵਾਲੇ ਪਿੰਡਾਂ ਨੂੰ ਮਾਇਕ ਸਹਾਇਤਾ ਦੇਣ ਦਾ ਫੈਸਲਾ ਕੀਤਾ ਹੈ ਜੇਕਰ ਸੰਗਤਾਂ ਅਜਿਹਾ ਕਰਦੀਆਂ ਹਨ ਤਾਂ ਸ਼੍ਰੋਮਣੀ ਕਮੇਟੀ ਹਰ ਤਰ੍ਹਾਂ ਦੇ ਸਹਿਯੋਗ ਲਈ ਤਿਆਰ ਹੈ। ਜਿਨ੍ਹਾਂ ਪਿੰਡਾਂ ਵਿਚ ਪਹਿਲਾਂ ਹੀ ਕੇਵਲ ਇਕ ਗੁਰਦੁਆਰਾ ਸਾਹਿਬ ਹੈ, ਉਨ੍ਹਾਂ ਪਿੰਡਾਂ ਦੀਆਂ ਸੰਗਤਾਂ ਦੀ ਸੋਚ ਦਾ ਸਵਾਗਤ ਹੈ। ਅਜਿਹੇ ਪਿੰਡਾਂ ਵੱਲ ਵੇਖ ਕੇ ਹੋਰਨਾਂ ਪਿੰਡਾਂ ਨੂੰ ਵੀ ਪ੍ਰੇਰਣਾ ਲੈਣੀ ਚਾਹੀਦੀ ਹੈ। ਇਸ ਸਮਾਜ ਸੁਧਾਰਕ ਉਪਰਾਲੇ ਦਾ ਸਮੁੱਚੀ ਸੰਗਤ ਨੇ ਚੰਗਾ ਨੋਟਿਸ ਲਿਆ ਹੈ ਜਿਸ ਕਾਰਨ ਇਸ ਲਹਿਰ ਨੂੰ ਬੂਰ ਵੀ ਪੈ ਰਿਹਾ ਹੈ। ਪਿੰਡਾਂ ਵਾਂਗ ਸ਼ਹਿਰਾਂ ਵਿਚ ਵੀ ਹਰ ਮੁਹੱਲੇ ਵਿਚ ਕਈ ਗੁਰਦੁਆਰੇ ਬਣੇ ਹੋਏ ਹਨ। ਸ਼ਹਿਰਾਂ ਦੀ ਸੰਗਤ ਨੂੰ ਵੀ ਇਸ ਮੁਹਿੰਮ ਦਾ ਹਿੱਸਾ ਬਣਦਿਆਂ ਆਪਣੇ ਮੁਹੱਲੇ ਵਿਚ ਕੇਵਲ ਇਕ ਗੁਰਦੁਆਰਾ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।

ਅਸੀਂ ਅਗਲੇ ਸਾਲ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550 ਸਾਲਾ ਪ੍ਰਕਾਸ਼ ਪੁਰਬ ਮਨਾਉਣ ਜਾ ਰਹੇ ਹਾਂ ਇਸ ਮੌਕੇ ਸਾਨੂੰ ਗੁਰੂ ਸਾਹਿਬ ਦੀ ਸੋਚ 'ਤੇ ਵੀ ਪਹਿਰਾ ਦੇਣਾ ਚਾਹੀਦਾ ਹੈ। ਪਹਿਲੇ ਪਾਤਸ਼ਾਹ ਜੀ ਨੇ ਦੇਸ਼ ਦੁਨੀਆਂ ਦਾ ਭਰਮਣ ਕਰਨ ਸਮੇਂ ਕੁਲ ਆਲਮ ਨੂੰ ਰੱਬੀ ਅਤੇ ਮਨੁੱਖੀ ਏਕਤਾ ਦਾ ਸੁਨੇਹਾ ਦਿੱਤਾ ਸੀ ਪਰ ਅਸੀਂ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਵਿਸਾਰ ਕੇ ਵੰਡੀਆਂ ਦੇ ਰਾਹ ਤੁਰੇ ਹੋਏ ਹਾਂ। ਸ਼੍ਰੋਮਣੀ ਕਮੇਟੀ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਇਕ ਪਿੰਡ ਵਿਚ 'ਇਕ ਗੁਰਦੁਆਰਾ ਅਤੇ ਇਕ ਸਮਸ਼ਾਨ ਘਰ' ਹੋਵੇ ਦੀ ਮੁਹਿੰਮ ਨੂੰ ਬਲ ਦੇਣ ਲਈ ਅੱਗੇ ਆਉਣ। ਪੰਜਾਬ ਵਿਚ ਹੀ ਬਹੁਤੇ ਪਿੰਡਾਂ ਵਿੱਚ ਪੱਤੀ ਵਾਰੀ ਗੁਰਦੁਆਰਾ ਸਾਹਿਬਾਨ ਹਨ। ਜਾਤਾਂ ਤੋਂ ਇਲਾਵਾ ਪਾਰਟੀਬਾਜ਼ੀ ਨੇ ਵੱਡੀ ਪੱਧਰ 'ਤੇ ਧਾਰਮਿਕ ਅਜ਼ਾਰੇਦਾਰੀ ਵਿਚ ਪੈਰ ਪਸਾਰੇ ਹੋਏ ਹਨ ਜੋ ਬਹੁਤ ਹੀ ਦੁਖਦਾਈ ਚਲਨ ਹੈ। ਫਿਰ ਵੀ ਉਸਾਰੂ ਯਤਨ ਜਾਰੀ ਰੱਖਣੇ ਚਾਹੀਦੇ ਹਨ ਜੇਕਰ ਪੰਜਾਬ ਹਰਿਆਣਾ ਸਮੇਤ ਬਾਕੀ ਪ੍ਰਾਂਤਾਂ ਅੰਦਰ ਵੀ ਪਿੰਡਾਂ ਦੀਆਂ ਸੰਗਤਾਂ ਇਸ ਫੈਸਲੇ ਨੂੰ ਲਾਗੂ ਕਰ ਲੈਂਦੀਆਂ ਹਨ ਤਾਂ ਇਸ ਵਿਚ ਨਗਰ ਦਾ ਭਲਾ ਸਭਿਆਚਾਰ, ਧਾਰਮਿਕ ਤੇ ਮਨੁੱਖੀ ਸਾਂਝ ਦੀਆਂ ਤੰਦਾਂ ਵੱਧ ਪਕੇਰੀਆਂ ਹੋਣਗੀਆਂ। ਨਗਰ ਮਜਬੂਤੀ ਨਾਲ ਚੰਗੇ ਫੈਸਲੇ ਲੈ ਸਕਣਗੇ। ਵਾਧੂ ਗੁਰਦੁਆਰੇ ਦੀ ਖਾਲੀ ਹੋਈ ਥਾਂ ਪੁਰ ਚੰਗੀ ਲਾਇਬ੍ਰੇਰੀ, ਧਾਰਮਿਕ ਕਲਾਸਾਂ ਲਗਾਉਣ ਦੇ ਪ੍ਰਬੰਧ ਕੀਤੇ ਜਾ ਸਕਦੇ ਹਨ। ਇਸ ਥਾਂ 'ਤੇ ਛੋਟੇ ਸਕੂਲ, ਡਿਸਪੈਂਸਰੀਆਂ ਕੰਪਿਊਟਰ ਸਿਖਲਾਈ ਸੈਂਟਰ ਆਦਿ ਬਣਾਏ ਜਾ ਸਕਦੇ ਹਨ। ਇਸ ਨੂੰ ਕਮਿਊਨਿਟੀ ਸੈਂਟਰ ਵਜੋਂ ਵੀ ਵਰਤਿਆ ਜਾ ਸਕਦਾ ਹੈ ਜਿਥੇ ਛੋਟੇ ਵੱਡੇ ਸਮਾਗਮ ਕੀਤੇ ਜਾ ਸਕਦੇ ਹਨ। ਧਰਮ ਪ੍ਰਚਾਰ ਲਹਿਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਸ਼ੁਰੂ ਕੀਤੀ ਗਈ ਸੀ 'ਇਕ ਪਿੰਡ ਇਕ ਗੁਰਦੁਆਰਾ' ਮੁਹਿਮ ਵੀ ਉਸ ਲਹਿਰ ਦਾ ਭਾਗ ਹੀ ਹੈ। ਇਸ ਦੇ ਨਾਲ ਹੀ ਸ਼੍ਰੋਮਣੀ ਕਮੇਟੀ ਵੱਲੋਂ ਸਰਹੱਦੀ ਇਲਾਕਿਆਂ ਵਿਚ ਸੇਹਤ ਸੇਵਾਵਾਂ ਦੇਣ ਦਾ ਫੈਸਲਾ ਵੀ ਇਕ ਚੰਗੇਰਾ ਕਦਮ ਹੈ। ਅਜਿਹੇ ਫੈਸਲਿਆਂ ਨਾਲ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਸੰਕਲਪ ਦੀ ਪੂਰਤੀ ਹੋਵੇਗੀ। ਕੌਮ ਦੇ ਉਜਲੇ ਭਵਿੱਖ ਲਈ ਅਜਿਹੇ ਕਾਰਜ਼ ਲਾਹੇਵੰਦੇ ਹੋਣਗੇ।

*-ਦਿਲਜੀਤ ਸਿੰਘ ਬੇਦੀ*

## 2018-19 ਦਾ ਸਾਲਾਨਾ ਬਜਟ 11 ਅਰਬ, 59 ਕਰੋੜ, 67 ਲੱਖ ਰੁਪਏ ਪਾਸ

### ਸ਼੍ਰੋਮਣੀ ਕਮੇਟੀ ਬਜਟ ਵਿਚ ਧਰਮ ਪ੍ਰਚਾਰ, ਸਿਹਤ ਸਹੂਲਤਾਂ, ਵਿਦਿਅਕ ਪਾਸਾਰ ਤੇ ਸਮਾਜ ਭਲਾਈ ਕਾਰਜਾਂ ਲਈ ਰੱਖੀ ਗਈ ਹੈ ਵਿਸ਼ੇਸ਼ ਰਾਸ਼ੀ-ਭਾਈ ਲੌਂਗੋਵਾਲ



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਪ੍ਰਧਾਨਗੀ ਹੇਠ ਇਤਿਹਾਸਕ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਹੋਏ ਬਜਟ ਇਜਲਾਸ ਵਿੱਚ ਸ਼੍ਰੋਮਣੀ ਕਮੇਟੀ ਦਾ ਸਾਲ 2018-19 ਦਾ ਸਾਲਾਨਾ ਬਜਟ 11 ਅਰਬ, 59 ਕਰੋੜ, 67 ਲੱਖ ਰੁਪਏ ਪਾਸ ਕੀਤਾ ਗਿਆ। ਬਜਟ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ ਨੇ ਪੇਸ਼ ਕੀਤਾ, ਜਿਸ ਨੂੰ ਹਾਜ਼ਰ ਮੈਬਰਾਂ ਨੇ ਜੈਕਾਰੇ ਗਜਾ ਕੇ ਪ੍ਰਵਾਨਗੀ ਦਿੱਤੀ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਇਜਲਾਸ ਦੀ ਆਰੰਭਤਾ ਲਈ ਭਾਈ ਸਲਵਿੰਦਰ ਸਿੰਘ ਨੇ ਅਰਦਾਸ ਕੀਤੀ ਅਤੇ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਪਾਵਨ ਹੁਕਮਨਾਮਾ ਲਿਆ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ



ਰਘਬੀਰ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਇਕਬਾਲ ਸਿੰਘ ਵੀ ਮੌਜੂਦ ਸਨ। ਬਜਟ ਇਜਲਾਸ ਦੀ ਆਰੰਭਤਾ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਇਜਲਾਸ ਦੀ ਅਗਲੀ ਕਾਰਵਾਈ ਦਾ ਸੱਦਾ ਦਿੱਤਾ, ਜਿਸ 'ਤੇ ਭਾਈ ਲੌਂਗੋਵਾਲ ਨੇ ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਕਾਲਾਬੂਲਾ, ਸ. ਮਨਜੀਤ ਸਿੰਘ ਕਲਕੱਤਾ ਅਤੇ ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ ਦੇ ਅਕਾਲ ਚਲਾਣੇ ਸਬੰਧੀ ਸ਼ੋਕ ਮਤੇ ਪੜ੍ਹੇ। ਇਸ ਤੋਂ ਬਾਅਦ ਬਜਟ ਪੇਸ਼ ਕਰਦਿਆਂ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ ਨੇ ਆਪਣੇ ਬਜਟ ਭਾਸ਼ਣ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਿਥੇ ਪਿਛਲੇ ਸਮੇਂ ਦੌਰਾਨ ਕੀਤੇ ਗਏ ਵਿਸ਼ੇਸ਼ ਕਾਰਜਾਂ ਦੀ ਸੰਖੇਪ ਜਾਣਕਾਰੀ ਦਿੱਤੀ ਉਥੇ ਭਵਿੱਖ ਦੀਆਂ ਯੋਜਨਾਵਾਂ ਦਾ ਵੀ ਖੁਲਾਸਾ ਕੀਤਾ। ਬਜਟ ਵਿੱਚ ਗੁਰਦੁਆਰਾ ਸਾਹਿਬਾਨ ਸੈਕਸ਼ਨ-85 ਤੇ ਸਿੱਧੇ ਅਤੇ ਅਟੈਚ ਪ੍ਰਬੰਧ ਵਾਲੇ ਗੁਰਦੁਆਰਾ ਸਾਹਿਬਾਨ ਲਈ 6 ਅਰਬ 88 ਕਰੋੜ 94 ਲੱਖ ਰੁਪਏ, ਜਨਰਲ ਬੋਰਡ ਫੰਡ ਲਈ 66 ਕਰੋੜ 25 ਲੱਖ ਰੁਪਏ, ਟਰੱਸਟ ਫੰਡ ਲਈ 56 ਕਰੋੜ ਰੁਪਏ, ਵਿਦਿਆ ਫੰਡ ਲਈ 36 ਕਰੋੜ 50 ਲੱਖ ਰੁਪਏ, ਧਰਮ ਪ੍ਰਚਾਰ ਕਮੇਟੀ ਲਈ 76 ਕਰੋੜ ਰੁਪਏ, ਵਿਦਿਅਕ ਅਦਾਰਿਆਂ (ਸਕੂਲਾਂ/ਕਾਲਜਾਂ) ਲਈ 2 ਅਰਬ 28 ਕਰੋੜ ਰੁਪਏ ਅਤੇ ਪ੍ਰਿੰਟਿੰਗ ਪ੍ਰੈਸਾਂ ਲਈ 7 ਕਰੋੜ 98 ਲੱਖ ਰੁਪਏ ਰੱਖੇ ਗਏ ਹਨ।

ਇਜਲਾਸ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਤੋਤਾ ਸਿੰਘ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਬਲਵਿੰਦਰ ਸਿੰਘ ਬੈਂਸ ਅਤੇ ਸ. ਸੁਖਦੇਵ ਸਿੰਘ ਭੌਰ ਨੇ ਆਪਣੇ ਸੰਬੋਧਨ ਦੌਰਾਨ ਜਿਥੇ ਬਜਟ ਸਬੰਧੀ ਆਪਣੇ ਵਿਚਾਰ ਪੇਸ਼ ਕੀਤੇ, ਉਥੇ ਹੀ ਭਵਿੱਖ ਵਿਚ ਪੇਸ਼ ਕੀਤੇ ਜਾਣ ਵਾਲੇ ਬਜਟ ਲਈ ਕੁਝ ਸੁਝਾਅ ਵੀ ਦਿੱਤੇ।

ਇਜਲਾਸ ਤੋਂ ਬਾਅਦ ਪ੍ਰੈੱਸ ਨਾਲ ਗੱਲਬਾਤ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਬਜਟ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਬਜਟ ਵਿਚ ਧਰਮ ਪ੍ਰਚਾਰ, ਸਿਹਤ ਸਹੂਲਤਾਂ ਅਤੇ ਵਿਦਿਆ ਦੇ ਪਾਸਾਰ ਦੇ ਨਾਲ-ਨਾਲ ਸਮਾਜ ਭਲਾਈ ਦੇ ਕਾਰਜਾਂ ਲਈ ਵਿਸ਼ੇਸ਼ ਰਾਸ਼ੀ ਰੱਖੀ ਗਈ ਹੈ। ਉਨ੍ਹਾਂ ਕਿਹਾ ਕਿ ਕੈਂਸਰ ਪੀੜ੍ਹਤਾਂ ਦੀ ਸਹਾਇਤਾ ਦੇ ਨਾਲ-ਨਾਲ ਸੰਗਤਾਂ ਦੀ ਸਹੂਲਤ ਲਈ ਵੱਖ-ਵੱਖ ਯੋਜਨਾਵਾਂ ਵੀ ਉਲੀਕੀਆਂ



ਗਈਆਂ ਹਨ।

ਭਾਈ ਲੌਂਗੋਵਾਲ ਨੇ ਦੱਸਿਆ ਕਿ ਇਸ ਬਜਟ ਵਿਚ ਧਰਮ ਪ੍ਰਚਾਰ ਲਹਿਰ ਨੂੰ ਹੋਰ ਪ੍ਰਫੁੱਲਤ ਕਰਨ ਲਈ ਵਿਸ਼ੇਸ ਰਾਸ਼ੀ ਰੱਖੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਵਰ੍ਹੇ ਦੀ ਧਰਮ ਪ੍ਰਚਾਰ ਲਹਿਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆ ਰਹੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੀਤੀ ਗਈ ਹੈ ਅਤੇ ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਜਿਥੇ ਵਿਸ਼ੇਸ਼ ਗੁਰਮਤਿ ਸਮਾਗਮਾਂ ਦਾ ਪ੍ਰਬੰਧ ਕਰੇਗੀ ਉਥੇ ਹੀ ਸੁਲਤਾਨਪੁਰ ਲੋਧੀ ਵਿਖੇ ਯਾਦਗਾਰਾਂ ਸਥਾਪਤ ਕਰਨ ਦਾ ਫੇਸਲਾ ਵੀ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੱਛੜੇ ਇਲਾਕਿਆਂ ਵਿਚ ਮੁੱਢਲੀਆਂ ਮੈਡੀਕਲ ਸਹੂਲਤਾਂ ਦੇਣ ਲਈ ਮੈਡੀਕਲ ਵੈਨਾਂ ਅਤੇ

*ਬਾਕੀ ਸਫ਼ਾ 2 'ਤੇ*

## ਸ਼੍ਰੋਮਣੀ ਕਮੇਟੀ ਨੇ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦਾ ਗੁਰਗੱਦੀ ਦਿਵਸ ਵਾਤਾਵਰਣ ਦਿਵਸ ਵਜੋਂ ਮਨਾਇਆ

ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਇ ਸਾਹਿਬ ਦਾ ਗੁਰਤਾਗੱਦੀ ਦਿਵਸ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਵਾਤਾਵਰਣ ਦਿਵਸ ਦੇ ਰੂਪ ਵਿਚ ਮਨਾਇਆ ਗਿਆ। ਇਸ ਸਬੰਧ ਵਿਚ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਸਥਿਤ ਗੁਰਦੁਆਰਾ ਬਾਬਾ ਗੁਰਬਖ਼ਸ਼ ਸਿੰਘ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅਤੇ ਅਰਦਾਸ ਉਪਰੰਤ ਭਾਈ ਹਰਮਿੱਤਰ ਸਿੰਘ ਨੇ ਹੁਕਮਨਾਮਾ ਸਰਵਣ ਕਰਵਾਇਆ।

**ਗੁਰੂ ਸਾਹਿਬਾਨ ਨੇ ਕੁਦਰਤ ਨੂੰ ਵੱਡਾ ਮਹੱਤਵ ਦੇ ਕੇ ਵਾਤਾਵਰਣ ਦੀ ਸਾਂਭ-ਸੰਭਾਲ ਲਈ ਪ੍ਰੇਰਿਆ -ਡਾ. ਰੂਪ ਸਿੰਘ**

ਇਸ ਮੌਕੇ ਹਜ਼ੂਰੀ ਰਾਗੀ ਭਾਈ ਗੁਰਕੀਰਤ ਸਿੰਘ ਦੇ ਰਾਗੀ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ ਅਤੇ ਭਾਈ ਹਰਮਿੱਤਰ ਸਿੰਘ ਨੇ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦੇ ਜੀਵਨ ਇਤਿਹਾਸ ਨੂੰ ਸੰਗਤਾਂ ਨਾਲ ਸਾਂਝਾ ਕਰਦਿਆਂ ਗੁਰਸਿੱਖੀ ਜੀਵਨ ਵਿਚ ਪ੍ਰਪੱਕ ਰਹਿਣ ਦੀ ਪ੍ਰੇਰਣਾ ਕੀਤੀ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ ਅਤੇ ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ ਸਮੇਤ ਹੋਰਾਂ ਨੇ ਸਾਂਝੇ ਰੂਪ ਵਿਚ ਸ੍ਰੀ ਗੁਰੂ ਰਾਮਦਾਸ ਲੰਗਰ ਦੇ ਨਜ਼ਦੀਕ ਪਾਰਕ ਵਿਚ ਬੂਟੇ ਲਗਾਏ। ਇਸ ਮੌਕੇ ਡਾ. ਰੂਪ ਸਿੰਘ ਨੇ ਕਿਹਾ ਕਿ ਸਿੱਖ ਕੌਮ ਵੱਲੋਂ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦਾ ਗੁਰਤਾਗੱਦੀ ਦਿਵਸ ਹਰ ਸਾਲ ਸਿੱਖ ਵਾਤਾਵਰਣ ਦਿਵਸ ਦੇ ਰੂਪ ਵਿਚ ਮਨਾਇਆ ਜਾਂਦਾ ਹੈ, ਜਿਸਦਾ ਮਕਸਦ ਵਾਤਾਵਰਣ ਦੀ ਸਾਂਭ ਸੰਭਾਲ ਕਰਨਾ ਹੈ। ਸਿੱਖ ਵਾਤਾਵਰਣ ਪ੍ਰੇਮੀ ਹਨ ਕਿਉਂਕਿ ਗੁਰੂ ਸਾਹਿਬਾਨ ਨੇ ਕੁਦਰਤੀ ਵਾਤਾਵਰਣ ਦੀ ਸਾਂਭ ਸੰਭਾਲ ਲਈ ਪ੍ਰੇਰਣਾ ਕੀਤੀ ਹੈ। ਉਨ੍ਹਾਂ ਕਿਹਾ ਕਿ ਰੁੱਖਾਂ, ਦਰੱਖ਼ਤਾਂ ਦੇ ਨਾਂ 'ਤੇ ਬਣੇ ਹੋਏ ਬਹੁਤ ਸਾਰੇ ਗੁਰਦੁਆਰਾ ਸਾਹਿਬਾਨ ਇਸ ਗੱਲ ਦੀ ਪ੍ਰਤੱਖ ਉਦਾਹਰਣ ਹਨ ਕਿ ਗੁਰੂ ਸਾਹਿਬ ਹਮੇਸ਼ਾਂ ਹੀ ਕੁਦਰਤ ਨੂੰ ਵੱਡਾ ਮਹੱਤਵ ਦਿੰਦੇ ਰਹੇ ਹਨ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਬੂਟੇ ਲਗਾਉਣ।

ਇਸ ਮੌਕੇ ਸ. ਪ੍ਰਤਾਪ ਸਿੰਘ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਤੇਜਿੰਦਰ ਸਿੰਘ ਪੱਡਾ, ਸ. ਸਤਨਾਮ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਸਮੇਤ ਸ਼੍ਰੋਮਣੀ ਕਮੇਟੀ, ਧਰਮ ਪ੍ਰਚਾਰ ਕਮੇਟੀ ਤੇ ਸ੍ਰੀ ਦਰਬਾਰ ਸਾਹਿਬ ਦਾ ਸਮੂਹ ਸਟਾਫ਼ ਤੇ ਸੰਗਤਾਂ ਹਾਜ਼ਰ ਸਨ। (15 ਮਾਰਚ)



# ਸਿੱਖ ਸੰਗਤਾਂ ਵੰਡੀਆਂ ਤੇ ਵਖਰੇਵਿਆਂ ਵਿਚੋਂ ਬਾਹਰ ਨਿਕਲ ਕੇ ਕੌਮੀ ਏਕਤਾ ਲਈ ਅੱਗੇ ਆਉਣ -ਭਾਈ ਲੌਂਗੋਵਾਲ

## ਪਿੰਡ ਚਕਰ ਤੋਂ ਕੀਤੀ ਗਈ 'ਇੱਕ ਪਿੰਡ ਇੱਕ ਗੁਰਦੁਆਰਾ' ਮੁਹਿੰਮ ਆਰੰਭ

ਜਗਰਾਉਂ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਾਤ-ਪਾਤ ਤੇ ਭੇਦ-ਭਾਵ ਦੇ ਵਖਰੇਵਿਆਂ ਨੂੰ ਖ਼ਤਮ ਕਰਨ ਅਤੇ ਪੰਥਕ ਏਕਤਾ



ਨੂੰ ਬੜ੍ਹਾਵਾ ਦੇਣ ਲਈ 'ਇਕ ਪਿੰਡ ਇਕ ਗੁਰਦੁਆਰਾ' ਮੁਹਿੰਮ ਦੀ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨਛੋਹ ਪ੍ਰਾਪਤ ਇਤਿਹਾਸਕ ਪਿੰਡ ਚਕਰ ਤੋਂ ਆਰੰਭਤਾ ਕੀਤੀ ਗਈ। ਗੁਰਮਤਿ ਸਮਾਗਮ ਦੌਰਾਨ ਪਿੰਡ ਦੀ ਪੰਚਾਇਤ ਅਤੇ ਗੁਰਦੁਆਰਾ ਕਮੇਟੀ ਨੂੰ ਸਨਮਾਨਿਤ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦੇ ਹਲਕਾ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਦੇ ਵਿਸ਼ੇਸ਼ ਉਪਰਾਲੇ ਨਾਲ ਕੀਤੇ ਗਏ ਇਸ ਸਮਾਗਮ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿਘ ਲੌਂਗੋਵਾਲ ਉੱਚੇਚੇ ਤੌਰ 'ਤੇ ਸ਼ਾਮਲ ਹੋਏ। ਇਸ ਸਮਾਗਮ ਵਿਚ ਸਮੁੱਚੀਆਂ ਧਿਰਾਂ ਨਾਲ ਸਬੰਧਤ ਸੰਗਤਾਂ ਨੇ ਸ਼ਮੂਲੀਅਤ ਕਰ ਕੇ ਸ਼੍ਰੋਮਣੀ ਕਮੇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਸਮਾਗਮ ਦੌਰਾਨ ਸੰਗਤਾਂ ਨੂੰ ਸੰਬੋਧਨ ਕਰਦਿਆਂ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਕਿਹਾ ਕਿ ਗੁਰੂ ਘਰ ਸਾਂਝੀਵਾਲਤਾ ਦਾ ਸੰਦੇਸ਼ ਦਿੰਦੇ ਹਨ ਅਤੇ ਇਥੇ ਊਚ-ਨੀਚ, ਜਾਤ-ਪਾਤ ਤੇ ਭੇਦ-ਭਾਵ ਦਾ ਕੋਈ ਵੰਡ ਵੱਖਰੇਵਾਂ ਨਹੀਂ ਹੈ। ਇਸੇ ਤਹਿਤ ਪਿੰਡ ਚਕਰ ਦੀ ਸੰਗਤ ਨੂੰ ਸਨਮਾਨਿਤ ਕੀਤਾ ਗਿਆ ਹੈ। ਉਨ੍ਹਾਂ ਪਿੰਡ ਚਕਰ ਦੀ ਸੰਗਤ ਨੂੰ ਇਕ ਗੁਰਦੁਆਰਾ ਸਾਹਿਬ ਦੀ ਸਥਾਪਨਾ ਲਈ ਵਧਾਈ ਦਿੱਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਪ੍ਰਧਾਨਗੀਆਂ ਹਥਿਆਉਣ ਅਤੇ ਜਾਤਾਂ-ਪਾਤਾਂ ਦੇ ਆਧਾਰ 'ਤੇ ਨਿੱਤ ਦਿਨ ਬਣ ਰਹੇ ਨਵੇਂ ਗੁਰਦੁਆਰਾ ਸਾਹਿਬਾਨ ਚਿੰਤਾਂ ਦਾ ਵਿਸ਼ਾ ਹਨ ਅਤੇ ਸਾਨੂੰ ਵੰਡੀਆਂ ਤੇ ਵੱਖਰੇਵਿਆਂ ਨੂੰ ਖ਼ਤਮ ਕਰਦਿਆਂ ਹਰ ਪਿੰਡ ਵਿਚ ਇੱਕ ਗੁਰਦੁਆਰਾ ਸਾਹਿਬ ਦੇ ਸੰਕਲਪ ਨੂੰ ਲਾਗੂ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਖ਼ਾਲਸਾ ਸਿਰਜਣਾ ਸਮੇਂ ਵੱਖ-ਵੱਖ ਜਾਤਾਂ ਤੇ ਸ਼੍ਰੇਣੀਆਂ ਵਿੱਚੋਂ ਪੰਜ ਪਿਆਰਿਆਂ ਦੀ ਚੋਣ ਕਰਕੇ ਪੰਥਕ ਏਕਤਾ ਦਾ ਸੁਨੇਹਾ ਦਿੱਤਾ ਹੈ, ਜਿਸ 'ਤੇ ਅਮਲ ਕਰਨਾ ਸਮੁੱਚੀ ਸਿੱਖ ਕੌਮ ਦਾ ਧਰਮ ਕਰਤੱਵ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪਿੰਡ ਚਕਰ ਦੀ ਸਮੁੱਚੀ ਸੰਗਤ ਨੂੰ ਇਕ ਗੁਰਦੁਆਰਾ ਸਾਹਿਬ ਦੀ ਸਥਾਪਨਾ ਲਈ ਮੁਬਾਰਕਬਾਦ ਦਿੱਤੀ ਅਤੇ ਗੁਰਦੁਆਰਾ ਸਾਹਿਬ ਲਈ 2 ਲੱਖ, 50 ਹਜ਼ਾਰ ਰੁਪਏ ਦੀ ਸਹਾਇਤਾ ਦੇਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਨਾਲ ਜਿੱਥੇ ਸਮਾਜਕ ਪਾੜਿਆਂ ਨੂੰ ਘਟਾਇਆ ਜਾਵੇਗਾ ਉਥੇ ਹੀ ਇਸ ਮੁਹਿੰਮ ਨਾਲ ਸਿੱਖ ਕੌਮ ਵਿਚ ਇੱਕਜੁਟਤਾ ਦੀ ਭਾਵਨਾ ਨੂੰ ਬਲ ਮਿਲੇਗਾ। ਉਨ੍ਹਾਂ ਵਿਸ਼ਵ ਦੇ ਸਮੂਹ ਸਿੱਖਾਂ ਨੂੰ ਇਸ ਮੁਹਿੰਮ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਹਿਯੋਗ ਕਰਨ ਲਈ ਅਪੀਲ ਵੀ ਕੀਤੀ।

ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਹਲਕਾ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਜਿਥੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਅਤੇ ਭਾਈ ਲੌਂਗੋਵਾਲ ਸਮੇਤ ਹੋਰ ਸ਼ਖ਼ਸੀਅਤਾਂ ਨੂੰ ਜੀ ਆਇਆਂ ਕਿਹਾ, ਉਥੇ ਹੀ ਭਾਈ ਲੌਂਗੋਵਾਲ ਦੀ ਅਗਵਾਈ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਵਿੱਢੀ ਗਈ ਧਰਮ ਪ੍ਰਚਾਰ ਮੁਹਿੰਮ ਨੂੰ ਬਹੁਮੁੱਖੀ ਅਤੇ ਬਹੁਦਿਸ਼ਾਵੀ ਬਣਾ ਕੇ ਸੰਗਤਾਂ ਤਕ ਪਹੁੰਚਾਉਣ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਦਾ ਧੰਨਵਾਦ ਵੀ ਕੀਤਾ। ਉਨ੍ਹਾਂ ਕਿਹਾ ਕਿ ਸਮਾਜ ਅੰਦਰ ਵਿੱਥਾਂ ਅਤੇ ਦੂਰੀਆਂ ਕਾਰਨ ਪੰਥਕ ਏਕਤਾ ਨੂੰ ਢਾਹ ਲੱਗ ਰਹੀ ਹੈ, ਜਿਸ ਨੂੰ ਖ਼ਤਮ ਕਰਨ ਲਈ ਸ਼੍ਰੋਮਣੀ ਕਮੇਟੀ ਵੱਲੋਂ 'ਇਕ ਪਿੰਡ ਇਕ ਗੁਰਦੁਆਰਾ' ਦੀ ਮੁਹਿੰਮ ਬੇਹੱਦ ਸਾਰਥਕ ਉਪਰਾਲਾ ਹੈ। ਇਸ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਸ. ਜਗਜੀਤ ਸਿੰਘ ਤਲਵੰਡੀ ਨੇ ਵੀ ਵਿਚਾਰ ਸਾਂਝੇ ਕੀਤੇ।

ਸਮਾਗਮ ਦੀ ਆਰੰਭਤਾ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਬਰਤੋੜ ਸਿੰਘ ਅਤੇ ਭਾਈ ਗੁਰਵਿੰਦਰ ਸਿੰਘ ਦੇ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸਟੇਜ ਦੀ ਸੇਵਾ ਪ੍ਰਚਾਰਕ ਭਾਈ ਸਰਬਜੀਤ ਸਿੰਘ ਨੇ ਨਿਭਾਈ। ਇਸ ਮੌਕੇ ਭਾਈ ਗਰੇਵਾਲ ਅਤੇ ਨਗਰ ਦੀਆਂ ਸਮੁੱਚੀਆਂ ਸੰਗਤਾਂ ਵੱਲੋਂ ਜਥੇਦਾਰ ਗਿਆਨੀ ਗੁਰਬਚਨ ਸਿੰਘ ਅਤੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸਾਬਕਾ ਵਿਧਾਇਕ ਐਸ.ਆਰ. ਕਲੇਰ, ਸ. ਜਗਜੀਤ ਸਿੰਘ ਤਲਵੰਡੀ ਮੈਂਬਰ ਸ਼੍ਰੋਮਣੀ ਕਮੇਟੀ, ਬੀਬੀ ਰਣਜੀਤ ਕੌਰ ਮਾਹਿਲਪੁਰ ਮੈਂਬਰ, ਬਾਬਾ ਅਮਰੀਕ ਸਿੰਘ ਕਾਰਸੇਵਾ ਵਾਲੇ, ਸ. ਨਵਇੰਦਰਪ੍ਰੀਤ ਸਿੰਘ ਲੌਂਗੋਵਾਲ, ਚੇਅਰਮੈਨ ਦਿਦਾਰ ਸਿੰਘ ਮਲਕ, ਸ. ਮੇਜਰ ਸਿੰਘ ਸਰਪੰਚ, ਸ. ਰਣਧੀਰ ਸਿੰਘ ਸਾਬਕਾ ਸਰਪੰਚ, ਸ. ਦਲੀਪ ਸਿੰਘ ਚਕਰ, ਸ. ਹਰਚੰਦ ਸਿੰਘ, ਸ. ਸ਼ੇਰ ਸਿੰਘ ਸਰਪੰਚ, ਸ. ਸੁਖਦੀਪ ਸਿੰਘ ਸਿਧਵਾਂ, ਸ. ਅਮਰਜੀਤ ਸਿੰਘ ਪ੍ਰਧਾਨ, ਬਾਈ ਰਸ਼ਪਾਲ ਸਿੰਘ, ਸ. ਚਮਕੌਰ ਸਿੰਘ ਲੰਬਰਦਾਰ, ਸ. ਬੂਟਾ ਸਿੰਘ ਕਿਸਾਨ ਆਗੂ, ਸ. ਦਰਸ਼ਨ ਸਿੰਘ ਘੋਲੀਆ, ਸ. ਬਚਿੱਤਰ ਸਿੰਘ ਘੋਲੀਆ, ਮੈਨੇਜਰ ਸ. ਕਮਲਜੀਤ ਸਿੰਘ, ਸ. ਸਾਰਜ ਸਿੰਘ, ਸ. ਜਰਨੈਲ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਹਾਇਕ ਸ. ਦਰਸ਼ਨ ਸਿੰਘ, ਸ. ਜਗਜੀਤ ਸਿੰਘ, ਸ. ਵਸਾਖਾ ਸਿੰਘ ਲੰਬਰਦਾਰ, ਸ. ਝਿਰਮਲ ਸਿੰਘ, ਸ. ਰਣਜੀਤ ਸਿੰਘ, ਸ. ਰੂਪ ਸਿੰਘ ਪੰਚ, ਸ. ਬੂਟਾ ਸਿੰਘ, ਸ. ਹਰਚੰਤ ਸਿੰਘ ਸਮੇਤ ਨਗਰ ਦੀਆਂ ਸਮੁਚੀਆਂ ਸੰਗਤਾਂ ਹਾਜ਼ਰ ਸਨ। (10 ਮਾਰਚ)



# 'ਗਾਵਹੁ ਸਚੀ ਬਾਣੀ' ਦੇ ਪੰਜ ਪ੍ਰਤਿਯੋਗੀਆਂ ਨੂੰ ਭਾਈ ਲੌਂਗੋਵਾਲ ਤੇ ਸਨਮਾਨਿਤ ਕੀਤਾ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੀ. ਟੀ. ਸੀ. ਚੈਨਲ ਦੇ ਸਹਿਯੋਗ ਨਾਲ ਕਰਵਾਏ ਗਏ ਇਨਾਮੀ ਕੀਰਤਨ ਮੁਕਾਬਲੇ 'ਗਾਵਹੁ ਸਚੀ ਬਾਣੀ' ਭਾਗ 2 ਵਿੱਚੋਂ ਅੱਵਲ ਆਉਣ ਵਾਲੇ ਪ੍ਰਤਿਯੋਗੀਆਂ ਨੂੰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਇਨਾਮੀ ਰਾਸ਼ੀ ਦੇ ਚੈੱਕ, ਸਿਰੋਪਾਓ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਦੇ ਕੇ ਸਨਮਾਨਿਤ ਕੀਤਾ। ਉਨ੍ਹਾਂ ਨੇ ਇਨਾਮੀ ਕੀਰਤਨ ਮੁਕਾਬਲੇ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੇ ਦਿੱਲੀ ਨਿਵਾਸੀ ਪ੍ਰਦੀਪ ਸਿੰਘ ਨੂੰ 5 ਲੱਖ ਰੁਪਏ, ਦੂਸਰਾ ਸਥਾਨ ਪ੍ਰਾਪਤ ਕਰਨ ਵਾਲੇ ਜਲੰਧਰ ਦੇ ਰਵਿੰਦਰ ਸਿੰਘ ਉੱਭੀ ਨੂੰ 3 ਲੱਖ ਰੁਪਏ, ਤੀਸਰੇ ਸਥਾਨ 'ਤੇ ਆਈ ਬਠਿੰਡਾ ਤੋਂ ਜਸ਼ਨਪ੍ਰੀਤ ਕੌਰ ਨੂੰ 1 ਲੱਖ ਰੁਪਏ ਇਨਾਮ ਵਜੋਂ ਦਿੱਤੇ। ਇਸ ਤੋਂ ਇਲਾਵਾ ਚੌਥੇ ਅਤੇ ਪੰਜਵੇਂ ਸਥਾਨ 'ਤੇ ਰਹੇ ਫ਼ਤਹਿਗੜ੍ਹ ਸਾਹਿਬ ਦੇ ਉਅੰਕਾਰ ਸਿੰਘ ਅਤੇ ਹੁਸ਼ਿਆਪੁਰ ਦੇ ਮਨਪ੍ਰੀਤ ਸਿੰਘ ਨੂੰ 50-50 ਹਜ਼ਾਰ ਰੁਪਏ ਦੀ ਇਨਾਮੀ ਰਾਸ਼ੀ ਦਿੱਤੀ ਗਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਅੱਵਲ ਆਏ ਪ੍ਰਤਿਯੋਗੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਹੋਰਨਾਂ ਨੌਜੁਆਨਾਂ ਨੂੰ ਵੀ ਇਨ੍ਹਾਂ ਤੋਂ ਪ੍ਰੇਰਣਾ ਪ੍ਰਾਪਤ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਕੀਰਤਨ ਮੁਕਾਬਲੇ ਦੀ ਤਰਜ਼ 'ਤੇ ਹੀ ਢਾਡੀ ਮੁਕਾਬਲੇ ਵੀ ਕਰਵਾਏ ਜਾਣਗੇ। ਇਸ ਮੌਕੇ ਇਨਾਮ ਪ੍ਰਾਪਤ ਕਰਨ ਵਾਲੇ ਨੌਜੁਆਨ ਕੀਰਤਨਕਾਰਾਂ ਅਤੇ ਉਨ੍ਹਾਂ ਦੇ ਮਾਪਿਆਂ ਨੇ ਇਸ ਸਨਮਾਨ ਬਦਲੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਦਾ ਧੰਨਵਾਦ ਕੀਤਾ। ਨੌਜੁਆਨ ਪ੍ਰਤਿਯੋਗੀਆਂ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਅਤੇ ਪੀ.ਟੀ.ਸੀ. ਚੈਨਲ ਵੱਲੋਂ ਦਿੱਤੇ ਗਏ ਇਸ ਮੰਚ ਨਾਲ ਉਨ੍ਹਾਂ ਦੀ ਸੰਸਾਰ ਭਰ ਵਿਚ ਪਛਾਣ ਬਣ ਸਕੀ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਮੈਂਬਰਾਨ ਸ. ਲਖਬੀਰ ਸਿੰਘ ਅਰਾਈਆਂਵਾਲਾ, ਸ. ਨਵਤੇਜ ਸਿੰਘ ਕਾਉਣੀ ਤੇ ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਕੱਤਰ ਸ. ਜਗਜੀਤ ਸਿੰਘ ਜੱਗੀ, ਸ. ਸਿਮਰਜੀਤ ਸਿੰਘ ਮੀਤ ਸਕੱਤਰ ਸਮੇਤ ਇਨਾਮ ਪ੍ਰਾਪਤ ਕਰਨ ਵਾਲੇ ਨੌਜੁਆਨਾਂ ਦੇ ਪਰਿਵਾਰਕ ਮੈਂਬਰ ਹਾਜ਼ਰ ਸਨ। (31 ਮਾਰਚ)

# ਸ਼੍ਰੋਮਣੀ ਕਮੇਟੀ ਵੱਲੋਂ ਨੌਜੁਆਨ ਸਿੱਖ ਖਿਡਾਰੀ ਨਵਜੋਤ ਕੌਰ 2 ਲੱਖ 51 ਹਜ਼ਾਰ ਅਤੇ ਅਰਸ਼ਦੀਪ ਸਿੰਘ 1 ਲੱਖ 25 ਹਜ਼ਾਰ ਦੀ ਰਾਸ਼ੀ ਨਾਲ ਸਨਮਾਨਿਤ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਏਸ਼ੀਆਈ ਕੁਸ਼ਤੀ ਚੈਂਪੀਅਨਸ਼ਿਪ ਵਿਚ ਸੋਨ ਤਗਮਾ ਜੇਤੂ ਸਿੱਖ ਲੜਕੀ ਨਵਜੋਤ ਕੌਰ ਅਤੇ ਅੰਡਰ-19 ਕ੍ਰਿਕਟ ਵਿਸ਼ਵ ਕੱਪ-2018 ਦੌਰਾਨ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਸਿੱਖ ਖਿਡਾਰੀ ਅਰਸ਼ਦੀਪ ਸਿੰਘ ਨੂੰ ਕ੍ਰਮਵਾਰ 2 ਲੱਖ 51 ਹਜ਼ਾਰ ਰੁਪਏ ਅਤੇ 1 ਲੱਖ 25 ਹਜ਼ਾਰ ਰੁਪਏ ਦੀ ਸਨਮਾਨਿਤ ਰਾਸ਼ੀ ਦੇ ਚੈੱਕ ਦਿੱਤੇ ਗਏ।



ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਅੰਤ੍ਰਿੰਗ ਕਮੇਟੀ ਵੱਲੋਂ ਲਏ ਗਏ ਫੈਸਲੇ ਅਨੁਸਾਰ ਇਨ੍ਹਾਂ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ ਹੈ ਅਤੇ ਭਵਿੱਖ ਵਿਚ ਵੀ ਵਿਸ਼ੇਸ਼ ਪ੍ਰਾਪਤੀਆਂ ਕਰਨ ਵਾਲੇ ਸਿੱਖ ਖਿਡਾਰੀਆਂ ਨੂੰ ਸਨਮਾਨਿਤ ਕਰਦੀ ਰਹੇਗੀ। ਉਨ੍ਹਾਂ ਆਸ ਪ੍ਰਗਟਾਈ ਕਿ ਇਨ੍ਹਾਂ ਨੌਜੁਆਨ ਖਿਡਾਰੀਆਂ ਦੀਆਂ ਪ੍ਰਾਪਤੀਆਂ ਤੋਂ ਸਿੱਖ ਨੌਜੁਆਨੀ ਜ਼ਰੂਰ ਪ੍ਰੇਰਣਾ ਲਵੇਗੀ। ਇਸ ਮੌਕੇ ਉਨ੍ਹਾਂ ਨਵਜੋਤ ਕੌਰ ਅਤੇ ਅਰਸ਼ਦੀਪ ਸਿੰਘ ਦੇ ਮਾਪਿਆਂ ਨੂੰ ਵਧਾਈ ਵੀ ਦਿੱਤੀ।

ਇਸ ਸਮੇਂ ਨਵਜੋਤ ਕੌਰ ਅਤੇ ਅਰਸ਼ਦੀਪ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਬੇਸ਼ੱਕ ਉਨ੍ਹਾਂ ਦੀਆਂ ਪ੍ਰਾਪਤੀਆਂ ਨਾਲ ਉਨ੍ਹਾਂ ਨੂੰ ਵੱਖ-ਵੱਖ ਥਾਵਾਂ ਤੋਂ ਸਨਮਾਨ ਪ੍ਰਾਪਤ ਹੋਏ ਹਨ, ਪਰ ਸਿੱਖ ਕੌਮ ਦੀ ਨੁਮਾਇੰਦਾ ਸੰਸਥਾ ਸ਼੍ਰੋਮਣੀ ਕਮੇਟੀ ਪਾਸੋਂ ਸਨਮਾਨ ਪ੍ਰਾਪਤ ਕਰਕੇ ਅਥਾਹ ਖ਼ੁਸ਼ੀ ਪ੍ਰਾਪਤ ਹੋਈ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਕੀਤਾ ਗਿਆ ਸਨਮਾਨ ਤੋਂ ਵੱਡਾ ਉਨ੍ਹਾਂ ਲਈ ਕੋਈ ਹੋਰ ਸਨਮਾਨ ਨਹੀਂ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਹਰਪਾਲ ਸਿੰਘ ਜੱਲ੍ਹਾ, ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਕਮੇਟੀ ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਸ. ਲਖਬੀਰ ਸਿੰਘ ਅਰਾਈਆਂਵਾਲਾ, ਸ. ਸੱਜਣ ਸਿੰਘ ਬੱਜੂਮਾਨ, ਸ. ਗੁਰਮੀਤ ਸਿੰਘ ਬੂਹ, ਸ. ਗੁਰਤੇਜ ਸਿੰਘ ਢੱਡੇ, ਸ. ਹਰਦੇਵ ਸਿੰਘ ਰੋਗਲਾ, ਸ. ਰਵਿੰਦਰ ਸਿੰਘ ਬ੍ਰਹਮਪੁਰਾ ਸਾਬਕਾ ਵਿਧਾਇਕ, ਡਾ. ਰੂਪ ਸਿੰਘ ਮੁੱਖ ਸਕੱਤਰ, ਸ. ਮਨਜੀਤ ਸਿੰਘ ਬਾਠ ਸਕੱਤਰ, ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਸ. ਮਹਿੰਦਰ ਸਿੰਘ ਆਹਲੀ ਵਧੀਕ ਸਕੱਤਰ, ਸ. ਜਗਜੀਤ ਸਿੰਘ ਜੱਗੀ ਨਿੱਜੀ ਸਕੱਤਰ ਅਤੇ ਖਿਡਾਰੀਆਂ ਦੇ ਪਰਿਵਾਰਕ ਮੈਂਬਰ ਮੌਜੂਦ ਸਨ। (29 ਮਾਰਚ)

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗਲਣਸ਼ੀਲ ਲਿਫਾਫਿਆਂ ਦੀ ਵਰਤੋਂ ਸ਼ੁਰੂ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਪਲਾਸਟਿਕ ਦੇ ਲਿਫਾਫਿਆਂ ਦੀ ਥਾਂ ਆਲੂ ਤੇ ਮੱਕੀ ਤੋਂ ਬਣੇ ਹੋਏ ਈਕੋ ਫਰੈਂਡਲੀ ਅਤੇ ਗਲਣਸ਼ੀਲ ਲਿਫਾਫਿਆਂ ਦੀ ਵਰਤੋਂ ਸ਼ੁਰੂ ਕਰ ਦਿੱਤੀ ਗਈ। ਸ਼੍ਰੋਮਣੀ ਕਮੇਟੀ ਨੇ ਪਲਾਸਟਿਕ ਤੋਂ ਬਣੇ ਲਿਫਾਫੇ ਬੰਦ ਕਰਨ ਦਾ ਫੈਸਲਾ ਵਾਤਾਵਰਣ ਨੂੰ ਸ਼ੁੱਧ ਰੱਖਣ ਦੇ ਮੰਤਵ ਨਾਲ ਲਿਆ, ਜਿਸ ਨੂੰ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਸਹਾਇਤਾ ਨਾਲ ਲਾਗੂ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਵਿਚ ਪ੍ਰਵਾਨਗੀ ਤੋਂ ਬਾਅਦ ਲੰਘੀ 16 ਮਾਰਚ ਨੂੰ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਸਮੇਤ ਹੋਰ ਆਹਲਾ ਅਧਿਕਾਰੀਆਂ ਵੱਲੋਂ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਚੇਅਰਮੈਨ ਸ. ਕਾਹਨ ਸਿੰਘ ਪਨੂੰ ਨਾਲ ਇੱਕ ਇਕੱਤਰਤਾ ਦੌਰਾਨ ਐਲਾਨ ਕੀਤਾ ਸੀ ਕਿ ਪਹਿਲੀ ਅਪ੍ਰੈਲ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਕੇਵਲ ਗਲਣਸ਼ੀਲ ਲਿਫਾਫੇ ਹੀ ਵਰਤੇ ਜਾਣਗੇ। ਇਹ ਲਿਫਾਫੇ ਲਾਗੂ ਕਰਨ ਸਮੇਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਚੀਫ ਵਾਤਾਵਰਣ ਇੰਜੀਨੀਅਰ ਸ. ਜੀ.ਐਸ. ਮਜੀਠੀਆ ਮੌਜੂਦ ਸਨ। ਇਸ ਤੋਂ ਇਲਾਵਾ ਜਲੰਧਰ ਵਿਖੇ ਵਾਤਾਵਰਣ ਨਾਲ ਸਬੰਧਤ ਤਕਨੀਕ 'ਤੇ ਆਧਾਰਤ ਇੱਕ ਸੈਮੀਨਾਰ ਵਿਚ ਭਾਗ ਲੈਣ ਵੱਖ ਵੱਖ ਦੇਸ਼ਾਂ ਤੋਂ ਪਹੁੰਚੇ ਵਾਤਾਵਰਣ ਦੀ ਸ਼ੁਧਤਾ ਲਈ ਕਾਰਜਸ਼ੀਲ ਪ੍ਰਤੀਨਿਧ ਵੀ ਇਸ ਮੌਕੇ ਹਾਜ਼ਰ ਹੋਏ।



ਇਸ ਸਮੇਂ ਗੱਲਬਾਤ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵਾਤਾਵਰਣ ਦੀ ਸ਼ੁੱਧਤਾ ਲਈ ਨਿਰੰਤਰ ਯਤਨ ਕਰ ਰਹੀ ਹੈ ਅਤੇ ਇਸੇ ਅਨੁਸਾਰ ਹੀ ਇਹ ਫੈਸਲਾ ਲਿਆ ਗਿਆ ਹੈ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਧਿਆਤਮਿਕ ਕੇਂਦਰ ਹੋਣ ਕਾਰਨ ਇਥੋਂ ਮਿਲਦਾ ਸੁਨੇਹਾ ਸੰਗਤਾਂ ਲਈ ਵੱਡਾ ਪ੍ਰਭਾਵ ਰੱਖਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਪ੍ਰਦੂਸ਼ਣ ਦੇ ਖਾਤਮੇ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਇਨ੍ਹਾਂ ਲਿਫਾਫਿਆਂ ਦੀ ਆਰੰਭਤਾ ਸਭ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਕੀਤੀ ਗਈ ਹੈ ਤਾਂ ਜੋ ਸੰਗਤਾਂ ਇਸ ਤੋਂ ਸੇਧ ਪ੍ਰਾਪਤ ਕਰਨ। ਉਨ੍ਹਾਂ ਦੱਸਿਆ ਕਿ ਸ਼ਰਧਾਲੂ ਕੜਾਹ ਪ੍ਰਸ਼ਾਦ ਆਪਣੇ ਨਾਲ ਲਿਜਾਣ ਲਈ ਲਿਫਾਫਿਆਂ ਦੀ ਵਰਤੋਂ ਕਰਦੇ ਹਨ ਅਤੇ ਇਸ ਤੋਂ ਇਲਾਵਾ ਪਿੰਨੀ ਪ੍ਰਸ਼ਾਦ ਲਈ ਵੀ ਲਿਫਾਫਿਆਂ ਦੀ ਵਰਤੋਂ ਕੀਤੀ ਜਾਂਦੀ ਹੈ। ਬਦਲਵੇਂ ਲਿਫਾਫਿਆਂ ਦੇ ਪ੍ਰਬੰਧਾਂ ਸਬੰਧੀ ਡਾ. ਰੂਪ ਸਿੰਘ ਨੇ ਦੱਸਿਆ ਕਿ ਪਹਿਲੀ ਖੇਪ ਪੰਜਾਬ ਪ੍ਰਦੂਸ਼ਨ ਕੰਟਰੋਲ ਬੋਰਡ ਵੱਲੋਂ ਭੇਜੀ ਗਈ ਹੈ, ਜਿਸ ਵਿਚ 18 ਕੁਇੰਟਲ ਲਿਫਾਫੇ ਹਨ। ਇਸ ਤੋਂ ਬਾਅਦ ਸ਼੍ਰੋਮਣੀ ਕਮੇਟੀ ਲਿਫਾਫਿਆਂ ਦੀ ਆਪ ਖਰੀਦ ਕਰੇਗੀ। ਡਾ. ਰੂਪ ਸਿੰਘ ਅਨੁਸਾਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹਰ ਮਹੀਨੇ 15 ਕੁਇੰਟਲ ਦੇ ਕਰੀਬ ਲਿਫਾਫਿਆਂ ਦੀ ਖਪਤ ਹੁੰਦੀ ਹੈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਪਲਾਸਟਿਕ ਦੀ ਥਾਂ ਗਲਣਸ਼ੀਲ ਲਿਫਾਫਿਆਂ ਦੀ ਲੋਕਪੱਖੀ ਮੁਹਿੰਮ ਨੂੰ ਅਪਣਾਉਣ ਤਾਂ ਜੋ ਪਲਾਸਟਿਕ ਦੇ ਨਾ ਗਲਣ ਕਾਰਨ ਪੈਦਾ ਹੁੰਦੇ ਮੰਦ ਪ੍ਰਭਾਵ ਤੋਂ ਵਾਤਾਵਰਣ ਨੂੰ ਬਚਾਇਆ ਜਾ ਸਕੇ।

ਇਸ ਮੌਕੇ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ, ਵਧੀਕ ਮੈਨੇਜਰ ਸ. ਸੁਖਰਾਜ ਸਿੰਘ, ਸ. ਜਸਵਿੰਦਰ ਸਿੰਘ ਜੱਸੀ ਤੇ ਸ. ਅੰਮ੍ਰਿਤਪਾਲ ਸਿੰਘ ਸੂਚਨਾ ਅਧਿਕਾਰੀ, ਇੰਜੀ: ਕਮਲਜੀਤ ਸਿੰਘ, ਸੋਸਾਨਾ ਗੋਵੀਆਂ (ਪੁਰਤਗਾਲ), ਕਲਾਡੀਆ (ਸਪੇਨ), ਉਜਾਰ ਕਰਾਸਾ (ਤੁਰਕੀ), ਕਰਿਸ਼ਨਾ ਰੈਡੀ (ਅਮਰੀਕਾ), ਕਾਈਮਨ ਸੀਹ (ਹਾਂਗਕਾਂਗ) ਆਦਿ ਮੌਜੂਦ ਸਨ। (1 ਅਪ੍ਰੈਲ)

ਸਫ਼ਾ 1 ਦਾ ਬਾਕੀ...

## ਸਾਲਾਨਾ ਬਜਟ...

### ਆਈ.ਏ.ਐਸ., ਆਈ.ਪੀ.ਐਸ. ਤੇ ਪੀ.ਸੀ.ਐਸ. ਦਾ ਇਮਤਿਹਾਨ ਪਾਸ ਕਰਕੇ ਚੁਣੇ ਜਾਣ ਵਾਲੇ ਸਾਬਤ ਸੂਰਤ ਸਿੱਖਾਂ ਨੂੰ ਦਿੱਤੇ ਜਾਣਗੇ ਵਿਸ਼ੇਸ਼ ਇਨਾਮ

### ਪੱਛੜੇ ਇਲਾਕਿਆਂ 'ਚ ਮੁੱਢਲੀਆਂ ਮੈਡੀਕਲ ਸਹੂਲਤਾਂ ਦੇਣ ਲਈ ਬਜਟ ਵਿਚ ਵਿਸ਼ੇਸ਼ ਪ੍ਰਬੰਧ

ਡਾਕਟਰੀ ਸਹੂਲਤਾਂ ਤੇ ਦਵਾਈਆਂ ਆਦਿ ਲਈ ਵੀ ਵਿਸ਼ੇਸ ਪ੍ਰਬੰਧ ਕੀਤਾ ਗਿਆ ਹੈ ਅਤੇ ਇਸੇ ਤਰ੍ਹਾਂ ਸਿੱਖ ਧਰਮ ਨਾਲ ਜੁੜੇ ਸਕਲੀਗਰ ਅਤੇ ਵਣਜਾਰੇ ਸਿੱਖਾਂ ਦੀ ਸਹਾਇਤਾ ਲਈ 80 ਲੱਖ ਰੁਪਏ ਖਰਚੇ ਜਾਣਗੇ।

ਭਾਈ ਲੌਂਗੋਵਾਲ ਨੇ ਦੱਸਿਆ ਕਿ ਬਜਟ ਵਿੱਚ ਕੈਂਸਰ ਪੀੜਤਾਂ, ਕੁਦਰਤੀ ਆਫਤਾਂ, ਖ਼ਾਲਸਾਈ ਖੇਡਾਂ ਅਤੇ ਸਾਬਤ ਸੂਰਤ ਸਿੱਖ ਖਿਡਾਰੀਆਂ ਨੂੰ ਉਤਸ਼ਾਹਤ ਕਰਨ, ਸਿੱਖ ਇਤਿਹਾਸ ਦੀ ਖੋਜ ਅਤੇ ਛਪਾਈ ਲਈ ਜਿਥੇ ਵਿਸ਼ੇਸ ਪ੍ਰਬੰਧ ਕਤਿਾ ਗਿਆ ਹੈ ਉਥੇ ਸਿੱਖ ਰੈਫਰੈਂਸ ਲਾਇਬ੍ਰੇਰੀ ਦੇ ਨਵੀਨੀਕਰਨ, ਪੰਥਕ ਵਿਦਵਾਨਾਂ ਅਤੇ ਧਾਰਮਿਕ ਸ਼ਖ਼ਸੀਅਤਾਂ ਦੇ ਸਨਮਾਨ, ਸ਼ਹੀਦ ਅਤੇ ਜ਼ਖ਼ਮੀ ਸਿੰਘਾਂ ਦੇ ਪਰਿਵਾਰਾਂ ਅਤੇ 1984 ਦੇ ਪੀੜ੍ਹਤ ਸਿੱਖਾਂ ਦੇ ਬੱਚਿਆਂ ਨੂੰ ਉਚੇਰੀ ਸਿੱਖਿਆ ਲਈ ਵੀ ਰਾਸ਼ੀ ਦਾ ਪ੍ਰਬੰਧ ਕਤਿਾ ਗਿਆ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਗੱਲਬਾਤ ਦੌਰਾਨ ਇਹ ਵੀ ਦੱਸਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤ ਦੀ ਵੱਧ ਰਹੀ ਆਮਦ ਨੂੰ ਮੁੱਖ ਰੱਖਦਿਆਂ ਹੋਇਆਂ ਇੱਕ ਹਜ਼ਾਰ ਕਮਰਿਆਂ ਦੀ ਸਰਾਂ ਬਣਾਈ ਜਾਵੇਗੀ, ਜਿਸ ਲਈ ਵਿਸ਼ੇਸ਼ ਫੰਡ ਰੱਖੇ ਗਏ ਹਨ।

ਉਨ੍ਹਾਂ ਹੋਰ ਦੱਸਿਆ ਕਿ ਭਾਰਤ ਦੇ ਸਮੁੱਚੇ ਸਿੱਖਿਆ ਬੋਰਡਾਂ ਵਿੱਚੋਂ ਪਹਿਲੀਆਂ 20 ਪੁਜੀਸ਼ਨਾਂ 'ਤੇ ਆਉਣ ਵਾਲੇ ਅੰਮ੍ਰਿਤਧਾਰੀ ਸਿੱਖ ਵਿਦਿਆਰਥੀਆਂ ਲਈ, ਧਾਰਮਿਕ ਖੇਤਰ ਵਿਚ ਉਚ ਸਿੱਖਿਆ ਪ੍ਰਾਪਤ ਕਰਨ ਵਾਲੇ ਸਿੱਖ ਵਿਦਿਆਰਥੀਆਂ ਨੂੰ ਸਹਾਇਤਾ ਅਤੇ ਆਈ.ਏ.ਐਸ., ਆਈ.ਪੀ.ਐਸ. ਅਤੇ ਬਰਾਬਰ ਦੀਆਂ ਪ੍ਰੀਖਿਆਵਾਂ ਵਿਚ ਚੁਣੇ ਜਾਣ ਵਾਲੇ ਸਾਬਤ ਸੂਰਤ ਸਿੱਖ ਉਮੀਦਵਾਰਾਂ ਵਿਸ਼ੇਸ਼ ਨਗਦ ਇਨਾਮ ਦੇਣ ਲਈ ਵੀ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਸਾਲ ਮਈ ਮਹੀਨੇ ਵਿਚ ਸੁਲਤਾਨ-ਉਲ-ਕੌਮ ਸਰਦਾਰ ਜੱਸਾ ਸਿੰਘ ਆਹਲੂਵਾਲੀਆਂ ਦੀ ਜਨਮ ਸ਼ਤਾਬਦੀ ਮਨਾਉਣ ਲਈ ਵੀ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਦੇ ਜੀਵਨ ਨਾਲ ਸਬੰਧਤ ਕਿਤਾਬ ਵੀ ਛਪਾਈ ਜਾਵੇਗੀ।

ਅੱਜ ਦੀ ਇਕੱਤਰਤਾ ਵਿੱਚ ਬਜਟ ਇਜਲਾਸ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਸ. ਹਰਪਾਲ ਸਿੰਘ ਜੱਲ੍ਹਾ, ਅੰਤ੍ਰਿੰਗ ਕਮੇਟੀ ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਸ. ਲਖਬੀਰ ਸਿੰਘ ਅਰਾਈਆਂ ਵਾਲਾ, ਸ. ਗੁਰਤੇਜ ਸਿੰਘ ਢੱਡੇ, ਸ. ਸੱਜਣ ਸਿੰਘ ਬੱਜੂਮਾਨ, ਸ. ਗੁਰਮੀਤ ਸਿੰਘ ਬੂਹ, ਸ. ਨਵਤੇਜ ਸਿੰਘ ਕਾਉਣੀ, ਸ. ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਹਰਦੇਵ ਸਿੰਘ ਰੋਂਗਲਾ, ਸ. ਰਵਿੰਦਰ ਸਿੰਘ ਚੱਕ, ਸ. ਅਮਰੀਕ ਸਿੰਘ ਸ਼ਾਹਪੁਰ ਤੇ ਬੀਬੀ ਗੁਰਪ੍ਰੀਤ ਕੌਰ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਤੋਤਾ ਸਿੰਘ, ਜਥੇਦਾਰ ਅਵਤਾਰ ਸਿੰਘ ਮੱਕੜ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਮਨਜੀਤ ਸਿੰਘ, ਬੀਬੀ ਜਗੀਰ ਕੌਰ, ਸ. ਰਾਜਿੰਦਰ ਸਿੰਘ ਮਹਿਤਾ, ਸ. ਬਲਬੀਰ ਸਿੰਘ ਕੁੰਨਸ, ਸ. ਗੁਰਚਰਨ ਸਿੰਘ ਗਰੇਵਾਲ, ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਸੁਰਜੀਤ ਸਿੰਘ ਭਿੱਟੇਵਡ, ਭਾਈ ਰਾਮ ਸਿੰਘ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਸੁਖਦੇਵ ਸਿੰਘ ਭੌਰ, ਸ. ਅਮਰੀਕ ਸਿੰਘ ਵਿਛੋਆ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਜੋਧ ਸਿੰਘ ਸਮਰਾ, ਸ. ਗੁਰਿੰਦਰਪਾਲ ਸਿੰਘ ਰਣੀਕੇ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਬੀਬੀ ਪਰਮਜੀਤ ਕੌਰ ਲਾਂਡਰਾਂ, ਸ. ਬਲਵਿੰਦਰ ਸਿੰਘ ਬੈਂਸ, ਡਾ. ਰੂਪ ਸਿੰਘ ਸਕੱਤਰ ਮੁੱਖ ਸਕੱਤਰ, ਸ. ਮਨਜੀਤ ਸਿੰਘ ਸਕੱਤਰ, ਸ. ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਜਗਜੀਤ ਸਿੰਘ ਜੱਗੀ ਤੇ ਸ. ਸੁਖਦੇਵ ਸਿੰਘ ਭੂਰਾਕੋਹਨਾ ਆਦਿ ਹਾਜ਼ਰ ਸਨ। (30 ਮਾਰਚ)

ਮੁੱਖ ਸੰਪਾਦਕ:
ਦਿਲਜੀਤ ਸਿੰਘ ਬੇਦੀ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ, ਗੁਰਦੁਆਰਾ ਰਾਮਸਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ।

# ਸ਼੍ਰੋਮਣੀ ਕਮੇਟੀ ਦੇ ਬਜਟ ਇਜਲਾਸ ਦੌਰਾਨ ਪਾਸ ਕੀਤੇ ਗਏ ਮਤੇ

ਬਜਟ ਇਜਲਾਸ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕੁਝ ਮਤੇ ਪੇਸ਼ ਕੀਤੇ ਜਿਨ੍ਹਾਂ ਨੂੰ ਸਮੁੱਚੇ ਹਾਊਸ ਨੇ ਜੈਕਾਰਿਆਂ ਦੀ ਗੂੰਜ 'ਚ ਪ੍ਰਵਾਨਗੀ ਦਿੱਤੀ। ਇਕ ਮਤੇ ਰਾਹੀਂ ਜੂਨ 1984 ਵਿਚ ਸ੍ਰੀ ਦਰਬਾਰ ਸਾਹਿਬ ਸਮੂਹ 'ਤੇ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਸਿੱਖ ਰੈਫਰੈਂਸ ਲਾਇਬ੍ਰੇਰੀ ਦਾ ਅਨਮੋਲ ਖ਼ਜ਼ਾਨਾ ਜੋ ਭਾਰਤੀ ਫ਼ੌਜ ਆਪਣੇ ਨਾਲ ਲੈ ਗਈ ਸੀ ਨੂੰ ਵਾਪਸ ਕਰਨ ਦੀ ਮੰਗ ਕੀਤੀ ਗਈ। ਦੂਸਰੇ ਪਾਸੇ ਇਕ ਮਤੇ ਰਾਹੀਂ 1984 ਦੀ ਸਿੱਖ ਨਸਲਕੁਸ਼ੀ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕਰਦਿਆਂ ਕੀਤੀ ਗਈ। ਜੂਨ ਅਤੇ ਨਵੰਬਰ 1984 'ਚ ਦੇਸ਼ ਦੇ ਵੱਖ-ਵੱਖ ਸ਼ਹਿਰਾਂ 'ਚ



ਕੇਂਦਰ ਦੀ ਸਰਕਾਰ ਵੱਲੋਂ ਸਿੱਖਾਂ ਦਾ ਕਤਲੇਆਮ ਕੀਤਾ ਗਿਆ ਪਰ ਦੋਸ਼ੀਆਂ ਨੂੰ ਅਜੇ ਤੀਕ ਸਜ਼ਾਵਾਂ ਨਹੀਂ ਮਿਲੀਆਂ। ਕਈ ਕਮਿਸ਼ਨ ਵੀ ਬਣਾਏ ਗਏ ਪਰ ਫਿਰ ਵੀ ਇਨਸਾਫ਼ ਲਈ ਪੀੜਤ ਇਧਰ ਓਧਰ ਭਟਕਦੇ ਰਹੇ। ਇਜਲਾਸ ਨੇ ਮੰਗ ਕੀਤੀ ਕਿ 1984 ਕਤਲੇਆਮ ਦੇ ਦੋਸ਼ੀਆਂ ਨੂੰ ਤੁਰੰਤ ਸਜ਼ਾਵਾਂ ਦਿੱਤੀਆਂ ਜਾਣ। ਇਕ ਹੋਰ ਮਤੇ ਰਾਹੀਂ ਪੰਜਾਬੀ ਮਾਂ ਬੋਲੀ ਨਾਲ ਹੋ ਰਹੇ ਵਿਤਕਰੇ ਵਖਰੇਵੇਂ ਨੂੰ ਖ਼ਤਮ ਕਰਨ ਦੀ ਮੰਗ ਕੀਤੀ ਗਈ। ਮਤੇ ਵਿਚ ਕਿਹਾ ਗਿਆ ਕਿ ਪੰਜਾਬ ਅੰਦਰ ਹੀ ਪੰਜਾਬੀ ਮਾਂ ਬੋਲੀ ਨੂੰ ਨੀਵਾਂ ਦਿਖਾਇਆ ਜਾਂਦਾ ਹੈ ਅਤੇ ਇਥੋਂ ਤੱਕ ਕਿ ਪੰਜਾਬੀ ਦੇ ਵਿਕਾਸ ਤੇ ਵਿਸਥਾਰ ਲਈ ਪੰਜਾਬ ਸਰਕਾਰ ਵੱਲੋਂ ਸਥਾਪਤ ਭਾਸ਼ਾ ਵਿਭਾਗ ਆਪਣੀ ਬਣਦੀ ਜ਼ਿੰਮੇਵਾਰੀ ਨਹੀਂ ਨਿਭਾ ਰਿਹਾ। ਮਤੇ ਰਾਹੀਂ ਭਾਰਤ ਸਰਕਾਰ ਤੋਂ ਮੰਗ ਕੀਤੀ ਗਈ ਕਿ ਪੰਜਾਬ ਹਰਿਆਣਾ ਹਿਮਾਚਲ ਚੰਡੀਗੜ੍ਹ ਅਤੇ ਹੋਰ ਪੰਜਾਬੀ ਵੱਸੋਂ ਵਾਲੇ ਸੂਬਿਆਂ ਵਿਚ ਪੰਜਾਬੀ ਭਾਸ਼ਾ ਨੂੰ ਬਣਦਾ ਮਾਣ-ਸਤਿਕਾਰ ਦਿਵਾਉਣ ਲਈ ਉਪਰਾਲੇ ਕੀਤੇ ਜਾਣ। ਇਸ ਮਤੇ ਰਾਹੀਂ ਸਮੁੱਚੇ ਪੰਜਾਬੀਆਂ ਨੂੰ ਵੀ ਅਪੀਲ ਕੀਤੀ ਗਈ ਕਿ ਉਹ ਆਪਣੀ ਮਾਂ ਬੋਲੀ ਪੰਜਾਬੀ ਨਾਲ ਜੁੜ ਕੇ ਬੋਲ ਚਾਲ ਅਤੇ ਲਿਖਤ ਵਿਚ ਸਨਮਾਨਯੋਗ ਰੁਤਬਾ ਦੇਣ। ਇਕ ਮਤੇ ਰਾਹੀਂ ਗੁਰਦੁਆਰਾ ਕਰਤਾਰਪੁਰ ਸਾਹਿਬ ਪਾਕਿਸਤਾਨ ਜੋ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਅਸਥਾਨ ਹੈ ਲਈ ਡੇਰਾ ਬਾਬਾ ਨਾਨਕ ਦੀ ਸਰਹੱਦ ਤੋਂ ਕਰਤਾਰਪੁਰ ਸਾਹਿਬ ਤੱਕ ਸੰਗਤ ਲਾਂਘਾ ਦਿਵਾਉਣ ਲਈ ਭਾਰਤ ਸਰਕਾਰ ਤੋਂ ਮੰਗ ਕੀਤੀ ਗਈ। ਇਸ ਸਬੰਧੀ ਭਾਰਤ ਸਰਕਾਰ ਨੂੰ ਅਪੀਲ ਕੀਤੀ ਗਈ ਕਿ ਉਹ ਪਾਕਿਸਤਾਨ ਸਰਕਾਰ ਨਾਲ ਸੁਹਿਰਦ ਪਹੁੰਚ ਅਪਣਾ ਕੇ ਮਸਲੇ ਦਾ ਹੱਲ ਕਰਵਾਏ, ਤਾਂ ਜੋ ਸੰਗਤਾਂ ਗੁਰਦੁਆਰਾ ਕਰਤਾਰਪੁਰ ਸਾਹਿਬ ਦੇ ਖੁੱਲ੍ਹੇ ਦਰਸ਼ਨ ਦੀਦਾਰੇ ਕਰ ਸਕਣ। ਇਸ ਤੋਂ ਇਲਾਵਾ ਇਕ ਹੋਰ ਮਤੇ ਰਾਹੀਂ ਭਾਰਤ ਸਰਕਾਰ ਨੂੰ ਅਪੀਲ ਕੀਤੀ ਕਿ ਸਿੱਖਾਂ ਦੀ ਨਿਆਰੀ ਹੋਂਦ ਹਸਤੀ ਅਤੇ ਅੰਮ੍ਰਿਤਧਾਰੀ ਸਿੰਘਾਂ ਦੀ ਪਛਾਣ ਸੰਸਾਰ ਪੱਧਰ 'ਤੇ ਮੰਨਵਾਉਣ ਲਈ ਤੁਰੰਤ ਲੋੜੀਂਦੇ ਉਪਰਾਲੇ ਕੀਤੇ ਜਾਣ। ਫਰਾਂਸ਼ ਲਈ ਅਜ਼ਾਦੀ ਲਈ ਜੂਝੇ ਸਿੱਖਾਂ ਨੂੰ ਫਰਾਸ਼ ਅੰਦਰ ਦਸਤਾਰ ਕਾਰਨ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਫਰਾਸ ਦੇ ਸਕੂਲਾਂ ਅੰਦਰ ਸਿੱਖ ਬੱਚਿਆਂ ਨੂੰ ਦਸਤਾਰ ਸਜਾਉਣ ਦੇ ਧਾਰਮਿਕ ਹੱਕ ਤੋਂ ਵਾਂਝਾ ਕੀਤਾ ਗਿਆ ਹੈ। ਇਸ ਸਬੰਧੀ ਕੀਤੀਆਂ ਗਈਆਂ ਅਪੀਲਾਂ ਦਲੀਲਾਂ ਦੀ ਪ੍ਰਵਾਹ ਨਾ ਕਰਦਿਆਂ ਫਰਾਸ ਸਰਕਾਰ ਨੇ ਪਾਬੰਦੀ ਬਰਕਰਾਰ ਰੱਖੀ ਹੋਈ ਹੈ। ਇਸ ਲਈ ਸ਼੍ਰੋਮਣੀ ਕਮੇਟੀ ਭਾਰਤ ਸਰਕਾਰ ਤੋਂ ਮੰਗ ਕਰਦੀ ਹੈ ਕਿ ਫਰਾਸ ਸਰਕਾਰ ਨਾਲ ਰਾਬਤਾ ਬਣਾ ਕੇ ਸਕੂਲਾਂ ਅੰਦਰ ਸਿੱਖ ਬੱਚਿਆਂ ਦੇ ਦਸਤਾਰ ਸਜਾਉਣ ਤੇ ਲਗਾਈ ਪਾਬੰਦੀ ਵਾਪਸ ਕਰਵਾਈ ਜਾਵੇ, ਤਾਂ ਜੋ ਉਥੇ ਸਿੱਖਾਂ ਦੇ ਧਾਰਮਿਕ ਹੱਕ ਬਰਕਰਾਰ ਰਹਿ ਸਕਣ। ਇਕ ਮਤੇ ਰਾਹੀਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਲੰਗਰ ਲਈ ਖਰੀਦ ਕੀਤੀਆਂ ਜਾਂਦੀਆਂ ਰਸਦਾਂ ਨੂੰ ਜੀ.ਐਸ.ਟੀ. ਤੋਂ ਮੁਕਤ ਕਰਨ ਲਈ ਪੰਜਾਬ ਸਰਕਾਰ ਦੇ ਐਲਾਨ ਦਾ ਸਵਾਗਤ ਕੀਤਾ ਗਿਆ ਅਤੇ ਭਾਰਤ ਸਰਕਾਰ ਤੋਂ ਸਮੁੱਚੇ ਗੁਰਦੁਆਰਾ ਸਾਹਿਬਾਨ ਤੋਂ ਸੀ.ਜੀ.ਐਸ.ਟੀ. ਹਟਾਉਣ ਦੀ ਮੰਗ ਕੀਤੀ ਗਈ। ਇਸ ਦੇ ਨਾਲ ਹੀ ਪੰਜਾਬ ਸਰਕਾਰ ਤੋਂ ਵੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਰ੍ਹਾਂ ਸਾਰੇ ਗੁਰੂ ਘਰਾਂ ਤੋਂ ਜੀ.ਐਸ.ਟੀ. ਖ਼ਤਮ ਦੀ ਮੰਗ ਕੀਤੀ ਗਈ। ਇਕ ਹੋਰ ਮਤੇ ਰਾਹੀਂ ਫਿਲਮਾਂ, ਨਾਟਕਾਂ ਅਤੇ ਟੀ.ਵੀ. ਸੀਰੀਅਲਾਂ ਵਿਚ ਸਿੱਖ ਪਾਤਰਾਂ ਨੂੰ ਮਜਾਕਿਆਂ ਲਹਿਜ਼ੇ ਵਿਚ ਪੇਸ਼ ਕਰਨ ਦੀ ਨਿਖੇਧੀ ਕੀਤੀ ਗਈ ਅਤੇ ਭਾਰਤ ਸਰਕਾਰ ਤੋਂ ਮੰਗ ਕੀਤੀ ਗਈ ਕਿ ਇਸ ਚਲਨ ਨੂੰ ਰੋਕਣ ਲਈ ਫਿਲਮ ਸੈਂਸਰ ਬੋਰਡ ਵਿਚ ਸ਼੍ਰੋਮਣੀ ਕਮੇਟੀ ਦਾ ਇਕ ਨੁਮਾਇੰਦਾ ਸ਼ਾਮਲ ਕੀਤਾ ਜਾਵੇ। ਇਕ ਹੋਰ ਮਤੇ ਰਾਹੀਂ ਪੰਜਾਬ ਵਿਚ ਅਨੰਦ ਮੈਰਿਜ ਰਜਿਸਟ੍ਰੇਸ਼ਨ ਰੂਲਜ਼-2016 ਪਾਸ ਕੀਤੇ ਜਾਣ ਤੋਂ ਬਾਅਦ ਵੀ ਇਸ ਰਾਹੀਂ ਸਿੱਖਾਂ ਦੇ ਅਨੰਦ ਕਾਰਜ ਰਜਿਸਟਰਡ ਨਾ ਹੋਣ ਦਾ ਹਵਾਲਾ ਦਿੰਦਿਆਂ ਭਾਰਤ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਪੰਜਾਬ ਅੰਦਰ ਇਸ ਐਕਟ ਅਧੀਨ ਰਜਿਸਟ੍ਰੇਸ਼ਨ ਲਾਜ਼ਮੀ ਕੀਤੀ ਜਾਵੇ ਅਤੇ ਜਿਨ੍ਹਾਂ ਸੂਬਿਆਂ ਵਿਚ ਅਨੰਦ ਮੈਰਿਜ ਐਕਟ ਲਾਗੂ ਨਹੀਂ ਹੋਏ, ਉਥੇ ਵੀ ਤੁਰੰਤ ਲਾਗੂ ਕੀਤੇ ਜਾਣ। ਇਕ ਹੋਰ ਮਤੇ ਰਾਹੀਂ ਵਿਦੇਸ਼ਾਂ ਵਿਚ ਸਿੱਖਾਂ 'ਤੇ ਹੋ ਰਹੇ ਨਸਲੀ ਹਮਲਿਆਂ ਸਬੰਧੀ ਵੱਖ-ਵੱਖ ਦੇਸ਼ਾਂ ਦੀਆਂ ਸਰਕਾਰਾਂ ਨਾਲ ਗੱਲਬਾਤ ਕਰਨ ਅਤੇ ਇਸ ਚਲਨ ਨੂੰ ਰੋਕਣ ਲਈ ਭਾਰਤ ਸਰਕਾਰ ਨੂੰ ਅਪੀਲ ਕੀਤੀ ਗਈ। ਇਸੇ ਤਰ੍ਹਾਂ ਇਕ ਹੋਰ ਮਤਾ ਪਾਸ ਕਰਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਆਉਂਦੇ ਰਸਤਿਆਂ ਬੁਰਜ ਅਕਾਲੀ ਫੂਲਾ ਸਿੰਘ, ਘਿਓ ਮੰਡੀ ਚੌਂਕ, ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਅਤੇ ਚਾਟੀਵਿੰਡ ਗੇਟ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੱਕ ਸਾਰੇ ਰਸਤਿਆਂ ਨੂੰ ਖੁੱਲ੍ਹਾ ਕਰਕੇ ਵਿਰਾਸਤੀ ਦਿੱਖ ਦੇਣ ਦੀ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਗਈ। ਇਸੇ ਤਰ੍ਹਾਂ ਇਕ ਹੋਰ ਮਤੇ ਰਾਹੀਂ ਜੰਮੂ ਕਸ਼ਮੀਰ 'ਚ ਵੱਸਦੇ ਸਿੱਖਾਂ ਨੂੰ ਘਟ ਗਿਣਤੀ ਵਾਲੀਆਂ ਸਹੂਲਤਾਂ ਦੇਣ ਦੀ ਭਾਰਤ ਸਰਕਾਰ ਤੋਂ ਮੰਗ ਕੀਤੀ ਗਈ। ਇਕ ਮਤੇ ਰਾਹੀਂ ਸੀ.ਬੀ.ਐਸ.ਈ. ਅਤੇ ਆਈ.ਸੀ.ਐਸ.ਈ. ਸਿਲੇਬਸ ਦੀਆਂ ਕਿਤਾਬਾਂ ਵਿਚ ਸਿੱਖ ਇਤਿਹਾਸ ਨੂੰ ਤੋੜ ਮਰੋੜ ਕੇ ਗਲਤ ਤਰੀਕੇ ਨਾਲ ਲਿਖਣ ਦੀ ਨਿੰਦਾ ਕੀਤੀ ਗਈ ਅਤੇ ਭਾਰਤ ਸਰਕਾਰ ਤੋਂ ਮੰਗ ਕੀਤੀ ਗਈ ਕਿ ਐਨ.ਸੀ.ਈ.ਆਰ.ਟੀ. ਦੀਆਂ ਕਿਤਾਬਾਂ ਲਿਖਣ ਵਾਲੇ ਪੈਨਲ ਵਿਚ ਪੱਕੇ ਤੌਰ 'ਤੇ ਸ਼੍ਰੋਮਣੀ ਕਮੇਟੀ ਦਾ ਨੁਮਾਇੰਦਾ ਸ਼ਾਮਲ ਕੀਤਾ ਜਾਵੇ। ਇਸੇ ਤਰ੍ਹਾਂ ਇੱਕ ਮਤੇ ਰਾਹੀਂ ਪਿਛਲੇ ਲੰਮੇ ਸਮੇਂ ਤੋਂ ਦੇਸ਼ ਦੀਆਂ ਵੱਖ-ਵੱਖ ਜ਼ੇਲ੍ਹਾ ਵਿਚ ਟਾਡਾ ਅਤੇ ਹੋਰ ਕਾਲੇ ਕਾਨੂੰਨਾਂ ਅਧੀਨ ਨਿਰਦੋਸ਼ ਨਜ਼ਰਬੰਦ ਸਿੱਖਾਂ ਦੀ ਰਿਹਾਈ ਲਈ ਭਾਰਤ ਸਰਕਾਰ ਅਤੇ ਵੱਖ-ਵੱਖ ਰਾਜਾਂ ਦੀਆਂ ਸਰਕਾਰਾਂ ਪਾਸੋਂ ਪੁਰਜ਼ੋਰ ਮੰਗ ਕੀਤੀ ਗਈ। ਇਕ ਹੋਰ ਮਤਾ ਪਾਸ ਕਰਦਿਆਂ ਜਨਰਲ ਇਜਲਾਸ ਨੇ ਸ਼੍ਰੋਮਣੀ ਕਮੇਟੀ ਅਤੇ ਗੁਰਦੁਆਰਾ ਸਾਹਿਬਾਨ ਨਾਲ ਸਬੰਧਤ ਜ਼ਮੀਨਾਂ ਅਤੇ ਟਰੱਸਟਾਂ, ਸੁਸਾਇਟੀਆਂ, ਸੰਸਥਾਵਾਂ ਜਿਨ੍ਹਾਂ ਦਾ ਪ੍ਰਧਾਨ ਜਾ ਚੇਅਰਮੈਨ ਸ਼੍ਰੋਮਣੀ ਕਮੇਟੀ ਪ੍ਰਧਾਨ ਨਹੀਂ ਹੈ, ਉਨ੍ਹਾਂ ਦਾ ਪ੍ਰਬੰਧ ਸ਼੍ਰੋਮਣੀ ਕਮੇਟੀ ਪਾਸ ਲੈਣ ਲਈ ਲੋੜੀਂਦੀ ਕਾਰਵਾਈ (ਚਾਰਾਜੋਈ) ਕਰਨ ਨੂੰ ਵੀ ਪ੍ਰਵਾਨਗੀ ਦਿੱਤੀ ਗਈ। (30 ਮਾਰਚ)

## ਮੋਗਾ ਜ਼ਿਲ੍ਹੇ ਦੇ ਪਿੰਡ ਮਾਣੂਕੇ ਗਿੱਲ ਵਿਖੇ ਅੰਮ੍ਰਿਤ ਸੰਚਾਰ



ਮੋਗਾ -ਧਰਮ ਪ੍ਰਚਾਰ ਕਮੇਟੀ ਵੱਲੋਂ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਮੋਗਾ ਜਿਲ੍ਹੇ ਦੇ ਪਿੰਡ ਮਾਣੂਕੇ ਵਿਖੇ ਸਭਾ ਸੁਸਇਟੀਆਂ ਅਤੇ ਪਿੰਡ ਦੀਆਂ ਸੰਗਤਾਂ ਵੱਲੋਂ ਧਰਮ ਪ੍ਰਚਾਰ ਕਮੇਟੀ ਦੇ ਸਹਿਯੋਗ ਨਾਲ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਤਿੰਨ ਰੋਜਾ ਗੁਰਮਤਿ ਸਮਾਗਮ ਵਿਚ ਸਿੰਘ ਸਾਹਿਬ ਗਿਆਨੀ ਮਾਨ ਸਿੰਘ, ਗਿਆਨੀ ਹਰਮਿੰਦਰ ਸਿੰਘ ਤੇ ਗਿਆਨੀ ਜਸਵੰਤ ਸਿੰਘ, ਲਖਬੀਰ ਸਿੰਘ ਮੋਗਾ ਪ੍ਰਚਾਰਕ ਅਤੇ ਭਾਈ ਜਗਦੇਵ ਸਿੰਘ ਸਾਹੋਕੇ ਕਵੀਸਰ ਨੇ ਵਿਸ਼ੇਸ ਤੌਰ ਤੇ ਹਾਜ਼ਰੀ ਭਰਦਿਆਂ ਗੁਰਮਤਿ ਵੀਚਾਰਾਂ ਦੀ ਸਾਂਝ ਕੀਤੀ। ਇਸ ਸਮਾਗਮ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੁਜੇ ਪੰਜ ਪਿਆਰ ਸਾਹਿਬਾਨ ਨੇ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ। ਜਿਸ ਵਿਚ 75 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਸ. ਵਿਸਾਖਾ ਸਿੰਘ ਪ੍ਰਧਾਨ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਧਰਮ ਪ੍ਰਚਾਰ ਕਮੇਟੀ ਦਾ ਸਹਿਯੋਗ ਲਈ ਧਨਵਾਦ ਕੀਤਾ।

# ਸੰਮਤ ਨਾਨਕਸ਼ਾਹੀ ੫੫੦ ਦੀ ਆਮਦ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਗੁਰਮਤਿ ਸਮਾਗਮ

### grprb Aq hr ieiqhwisk idhwV nwnkSwhI klfr Answr mnwe jwx-BweI lgvwl




ਸੰਮਤ ਨਾਨਕਸ਼ਾਹੀ 550 ਦੀ ਆਮਦ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬੀਤੀ ਰਾਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸੰਗਤਾਂ ਨਾਲ ਵਿਚਾਰ ਸਾਂਝੇ ਕੀਤੇ। ਭਾਈ ਲੌਂਗੋਵਾਲ ਨੇ ਆਪਣੇ ਸੰਬੋਧਨ ਦੌਰਾਨ ਜਿੱਥੇ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਨਵੇਂ ਨਾਨਕਸ਼ਾਹੀ ਵਰ੍ਹੇ ਦੀ ਮੁਬਾਰਕਬਾਦ ਦਿੱਤੀ, ਉੱਥੇ ਹੀ ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਗੁਰਪੁਰਬ ਅਤੇ ਹੋਰ ਇਤਿਹਾਸਿਕ ਦਿਹਾੜੇ ਨਾਨਕਸ਼ਾਹੀ ਕੈਲੰਡਰ ਅਨੁਸਾਰ ਹੀ ਮਨਾਏ ਜਾਣ। ਉਨ੍ਹਾਂ ਕਿਹਾ ਕਿ ਅੱਜ ਕੌਮ ਨੂੰ ਕੁਝ ਪੰਥ ਵਿਰੋਧੀ ਸ਼ਕਤੀਆਂ ਵੰਡਣ ਦਾ ਯਤਨ ਕਰ ਰਹੀਆਂ ਹਨ। ਉਨ੍ਹਾਂ ਨੇ ਪੰਥ ਦੀ ਚੜ੍ਹਦੀ ਕਲਾ ਲਈ ਆਪਸੀ ਏਕਤਾ ਤੇ ਇਤਫ਼ਾਕ ਨਾਲ ਅੱਗੇ ਵਧਣ ਦਾ ਸੱਦਾ ਦਿੱਤਾ। ਇਸ ਮੌਕੇ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਸੰਗਤਾਂ ਨੂੰ ਬਾਣੀ ਤੇ ਬਾਣੇ ਨਾਲ ਜੁੜਨ ਦੀ ਪ੍ਰੇਰਨਾ ਕੀਤੀ। ਇਸ ਦੌਰਾਨ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਨੇ ਸੰਗਤਾਂ ਨੂੰ ਕਥਾ ਵਖਿਆਨ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਰਵਿੰਦਰ ਸਿੰਘ, ਭਾਈ ਗੁਰਦੇਵ ਸਿੰਘ ਕੁਹਾੜਕਾ, ਭਾਈ ਰਾਇ ਸਿੰਘ, ਭਾਈ ਸਤਿੰਦਰਬੀਰ ਸਿੰਘ ਅਤੇ ਭਾਈ ਕਾਰਜ ਸਿੰਘ ਦੇ ਜਥਿਆਂ ਨੇ ਗੁਰਬਾਣੀ ਕੀਰਤਨ ਨਾਲ ਜੋੜਿਆ। ਇਸ ਸਮੇਂ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਤੋਂ ਭਾਈ ਪ੍ਰੀਤਮ ਸਿੰਘ ਦੀ ਅਗਵਾਈ ਵਿਚ ਪਹੁੰਚੀਆਂ ਸੰਗਤਾਂ ਵੀ ਹਾਜ਼ਰ ਸਨ। ਇਸ ਮੌਕੇ ਸਿੰਘ ਸਾਹਿਬ ਗਿਆਨੀ ਸੁਖਜਿੰਦਰ ਸਿੰਘ, ਗਿਆਨੀ ਬਲਵਿੰਦਰ ਸਿੰਘ, ਭਾਈ ਮਲਕੀਤ ਸਿੰਘ ਹੈੱਡ ਗ੍ਰੰਥੀ ਸ੍ਰੀ ਅਕਾਲ ਤਖ਼ਤ ਸਾਹਿਬ, ਗਿਆਨੀ ਜਸਵਿੰਦਰ ਸਿੰਘ, ਐਡਵੋਕੇਟ ਭਗਵੰਤ ਸਿੰਘ ਸਿਆਲਕਾ ਅੰਤ੍ਰਿੰਗ ਮੈਂਬਰ, ਸ. ਸੁਖਵਰਸ਼ ਸਿੰਘ ਪੰਨੂੰ ਮੈਂਬਰ ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ ਤੇ ਸ. ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਬਿਜੈ ਸਿੰਘ, ਸ. ਪ੍ਰਤਾਪ ਸਿੰਘ, ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸ. ਸੁਲੱਖਣ ਸਿੰਘ ਭੰਗਾਲੀ ਮੈਨੇਜਰ, ਸ. ਜਗਜੀਤ ਸਿੰਘ ਜੱਗੀ ਨਿੱਜੀ ਸਹਾਇਕ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਹਰਿੰਦਰਪਾਲ ਸਿੰਘ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਤੇਜਿੰਦਰ ਸਿੰਘ ਪੱਡਾ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਅਟਾਰੀ, ਸ. ਲਖਵਿੰਦਰ ਸਿੰਘ ਬੱਦੋਵਾਲ, ਸ. ਹਰਪ੍ਰੀਤ ਸਿੰਘ, ਸ. ਬਘੇਲ ਸਿੰਘ, ਸ. ਸਤਨਾਮ ਸਿੰਘ ਸੁਪ੍ਰਿੰਟੈਂਡੈਂਟ, ਸ. ਮਲਕੀਤ ਸਿੰਘ ਬਹਿੜਵਾਲ ਸ/ਸੁਪ੍ਰਿੰਟਿੰਡੈਂਟ ਤੇ ਹੋਰਾਂ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ।

(14 ਮਾਰਚ)

# ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਸਮੇਂ ਭਾਈ ਲੌਂਗੋਵਾਲ ਵੱਲੋਂ 'ਇੱਕ ਨਗਰ ਇੱਕ ਗੁਰਦੁਆਰਾ' ਮੁਹਿੰਮ ਨੂੰ ਉਤਸ਼ਾਹਤ ਕਰਨ ਵਾਲੀਆਂ ਕਮੇਟੀਆਂ ਤੇ ਪੰਚਾਇਤਾਂ ਨੂੰ ਸਨਮਾਨਿਤ ਕਰਨ ਦਾ ਐਲਾਨ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਅੱਜ ਇਥੇ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਦੇ ਗਿਆਨੀ ਗੁਰਮੁੱਖ ਸਿੰਘ ਯਾਦਗਾਰੀ ਹਾਲ ਵਿਖੇ ਹੋਈ ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦਾ ਸਾਲਾਨਾ ਬਜਟ ਇਜਲਾਸ 30 ਮਾਰਚ ਨੂੰ ਸੱਦਣ ਦਾ ਫੈਸਲਾ ਕੀਤਾ ਗਿਆ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ 'ਚ ਹੋਈ ਇਸ ਇਕੱਤਰਤਾ ਦੌਰਾਨ ਪਿਛਲੇ ਸਾਲ ਸ਼੍ਰੋਮਣੀ ਕਮੇਟੀ 'ਚ ਹੋਈਆਂ ਨਿਯੁਕਤੀਆਂ ਸਬੰਧੀ ਬਣਾਈ ਸਬ ਕਮੇਟੀ ਦੀ ਰਿਪੋਰਟ ਵੀ ਪ੍ਰਵਾਨ ਕਰ ਲਈ ਗਈ। ਇਕੱਤਰਤਾ ਦੀ ਆਰੰਭਤਾ ਸਮੇਂ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਕਾਲਾਬੂਲਾ ਦੇ ਅਕਾਲ ਚਲਾਣੇ 'ਤੇ ਸ਼ੋਕ ਮਤਾ ਪਾਸ ਕਰਦਿਆਂ ਉਨ੍ਹਾਂ ਨਮਿੱਤ ਮੂਲ ਮੰਤਰ ਅਤੇ ਗੁਰਮੰਤਰ ਦੇ ਪਾਠ ਕਰਕੇ ਸ਼ਰਧਾਂਜਲੀ ਦਿੱਤੀ।

ਇਕੱਤਰਤਾ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦਾ ਬਜਟ ਇਜਲਾਸ 30 ਮਾਰਚ ਨੂੰ ਸੱਦਣ ਦਾ ਫੈਸਲਾ ਕੀਤਾ ਗਿਆ ਹੈ, ਜੋ ਸ਼੍ਰੋਮਣੀ ਕਮੇਟੀ ਦੇ ਸ੍ਰੀ ਅੰਮ੍ਰਿਤਸਰ ਸਥਿਤ ਮੁੱਖ ਦਫਤਰ ਤੇਜ਼ਾ ਸਿੰਘ ਸਮੁੰਦਰੀ ਹਾਲ ਵਿਖੇ ਹੋਵੇਗਾ। ਇਸ ਇਜਲਾਸ ਵਿਚ ਸ਼੍ਰੋਮਣੀ ਕਮੇਟੀ ਦਾ ਸਾਲਾਨਾ ਬਜਟ ਪਾਸ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਦੌਰਾਨ ਸ਼੍ਰੋਮਣੀ ਕਮੇਟੀ ਦੀਆਂ ਨਿਯੁਕਤੀਆਂ ਦੀ ਘੋਖ ਪੜਤਾਲ ਕਰਨ ਸਬੰਧੀ ਬਣਾਈ ਗਈ ਸਬ ਕਮੇਟੀ ਵੱਲੋਂ ਦਿੱਤੀ ਰਿਪੋਰਟ ਨੂੰ ਪ੍ਰਵਾਨ ਕਰ ਲਿਆ ਗਿਆ ਹੈ। ਇਸ ਤਹਿਤ ਜੋ ਨਿਯਮਾਂ ਦੀ ਉਲੰਘਣਾ ਕਰਕੇ ਕੀਤੀਆਂ ਗਈਆਂ ਨਿਯੁਕਤੀਆਂ ਪ੍ਰਭਾਵਤ ਹੋਣਗੀਆਂ। ਇਸ ਦੌਰਾਨ ਭਾਈ ਲੌਂਗੋਵਾਲ ਨੇ ਦੱਸਿਆ ਕਿ ਪਿੰਡਾਂ ਅਤੇ ਸ਼ਹਿਰਾਂ ਵਿਚ ਆਪਸੀ ਮੇਲ ਮਿਲਾਪ ਅਤੇ ਮਿਲਵਰਤਣ ਵਧਾਉਣ, ਜਾਤਾਂ-ਪਾਤਾਂ ਤੇ ਬਰਾਦਰੀਆਂ ਦੀ ਵਿੱਥ ਨੂੰ ਖ਼ਤਮ ਕਰਨ ਲਈ 'ਇਕ ਨਗਰ ਇਕ ਗੁਰਦੁਆਰਾ ਮੁਹਿੰਮ' ਨੂੰ ਉਤਸ਼ਾਹਤ ਕਰਨ ਵਾਲੀਆਂ ਪੰਚਾਇਤਾਂ ਅਤੇ ਗੁਰਦੁਆਰਾ ਕਮੇਟੀਆਂ ਨੂੰ ਸਨਮਾਨਤ ਕੀਤਾ ਜਾਵੇਗਾ। ਇਕੱਤਰਤਾ ਦੌਰਾਨ ਲਏ ਗਏ ਹੋਰ ਫੈਸਲਿਆਂ ਸਬੰਧੀ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਦੱਸਿਆ ਕਿ ਏਸ਼ਿਆਈ ਕੁਸ਼ਤੀ ਚੈਂਪੀਅਨਸ਼ਿਪ ਵਿਚ ਸੋਨ ਤਮਗਾ ਪ੍ਰਾਪਤ ਕਰਨ ਵਾਲੀ ਤਰਨਤਾਰਨ ਜ਼ਿਲ੍ਹੇ ਦੀ ਸਿੱਖ ਲੜਕੀ ਨਵਜੋਤ ਕੌਰ ਨੂੰ ਸ਼੍ਰੋਮਣੀ ਕਮੇਟੀ ਵੱਲੋਂ 2 ਲੱਖ 51 ਹਜ਼ਾਰ ਰੁਪਏ ਦੀ ਰਾਸ਼ੀ ਨਾਲ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ। ਇਸ ਦੇ ਨਾਲ ਹੀ ਅੰਡਰ-19 ਵਿਚ ਕ੍ਰਿਕਟ ਵਿਸ਼ਵ ਕੱਪ-2018 ਦੌਰਾਨ ਵਧੀਆ ਕਾਰਗੁਜ਼ਾਰੀ ਵਿਖਾਉਣ ਵਾਲੇ ਸਿੱਖ ਖਿਡਾਰੀ ਅਰਸ਼ਦੀਪ ਸਿੰਘ ਨੂੰ ਵੀ 1 ਲੱਖ 25 ਹਜ਼ਾਰ ਰੁਪਏ ਦਾ ਸਨਮਾਨ ਦੇਣ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਵਾਤਾਵਰਣ ਦੀ ਸਾਂਭ ਸੰਭਾਲ ਲਈ ਵੀ ਸੁਹਿਰਦ ਵਿਚਾਰਾਂ ਤੋਂ ਬਾਦ ਇਹ ਫੈਸਲਾ ਲਿਆ ਗਿਆ ਹੈ ਕਿ ਸ੍ਰੀ ਗੁਰੂ ਹਰਿਰਾਏ ਸਾਹਿਬ ਜੀ ਦੇ ਗੁਰਗੱਦੀ ਦਿਵਸ ਮੌਕੇ 15 ਮਾਰਚ ਨੂੰ ਸਿੱਖ ਵਾਤਾਵਰਣ ਦਿਵਸ ਵਜੋਂ ਵਿਸ਼ਾਲ ਪੱਧਰ 'ਤੇ ਮਨਾਉਂਦਿਆਂ ਵੱਡੀ ਗਿਣਤੀ ਵਿਚ ਬੂਟੇ ਲਗਾਏ ਜਾਣਗੇ। ਇਸ ਸਬੰਧੀ ਸਕੂਲਾਂ ਕਾਲਜਾਂ ਤੇ ਗੁਰਦੁਆਰਾ ਸਾਹਿਬਾਨ ਵਿਖੇ ਵਾਤਾਵਰਣ ਦੀ ਸੰਭਾਲ ਲਈ ਸੰਗਤਾਂ ਅਤੇ ਵਿਦਿਆਰਥੀਆਂ ਨੂੰ ਜਾਗਰੂਕ ਵੀ ਕੀਤਾ ਜਾਵੇਗਾ। ਅੰਤ੍ਰਿੰਗ ਕਮੇਟੀ ਨੇ ਇਕ ਹੋਰ ਅਹਿਮ ਫੈਸਲਾ ਕਰਦਿਆਂ ਧਰਮ ਪ੍ਰਚਾਰ ਲਹਿਰ ਤਹਿਤ ਸੇਵਾ ਨਿਭਾ ਰਹੇ ਪ੍ਰਚਾਰਕਾਂ, ਢਾਡੀ ਕਵੀਸ਼ਰਾਂ ਨੂੰ ਤੇਲ ਖਰਚ ਵਜੋਂ 1000 ਰੁਪਏ ਮਹੀਨੇ ਵਿਸ਼ੇਸ਼ ਭੱਤਾ ਦੇਣ ਨੂੰ ਪ੍ਰਵਾਨਗੀ ਦਿੱਤੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਧਰਮ ਪ੍ਰਚਾਰ ਲਹਿਰ ਵਿਚ ਪ੍ਰਚਾਰਕ ਅਹਿਮ ਯੋਗਦਾਨ ਪਾ ਰਹੇ ਹਨ ਅਤੇ ਉਨ੍ਹਾਂ ਵੱਲੋਂ ਵਰਤੇ ਜਾਂਦੇ ਵਹੀਕਲਾਂ ਦੇ ਤੇਲ ਲਈ ਸ਼੍ਰੋਮਣੀ ਕਮੇਟੀ ਇਹ ਵਿਸ਼ੇਸ਼ ਭੱਤਾ ਦੇਵੇਗੀ ਤਾਂ ਜੋ ਉਹ ਧਰਮ ਪ੍ਰਚਾਰ ਲਹਿਰ ਨੂੰ ਹੋਰ ਸ਼ਿੱਦਤ ਨਾਲ ਪ੍ਰਚੰਡ ਕਰ ਸਕਣ। ਉਨ੍ਹਾਂ ਇਹ ਵੀ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਵਿੱਦਿਅਕ ਅਦਾਰਿਆਂ ਦੀਆਂ ਲੋਕਲ ਮੈਨੇਜਿੰਗ ਕਮੇਟੀਆਂ ਨੂੰ ਨਵੇਂ ਸਿਰੇ ਤੋਂ ਗਠਿਤ ਕਰਨ ਨੂੰ ਵੀ ਪ੍ਰਵਾਨਗੀ ਦਿੱਤੀ ਗਈ ਹੈ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਵਿੱਦਿਅਕ ਅਦਾਰਿਆਂ ਵਿਚ ਬਾਇਓਮੈਟਰਿਕ ਹਾਜ਼ਰੀ ਸਿਸਟਮ ਨੂੰ ਲਾਗੂ ਕਰਕੇ ਇਸ ਨੂੰ ਮੁੱਖ ਦਫਤਰ ਅੰਮ੍ਰਿਤਸਰ ਅਤੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਨਾਲ ਜੋੜਿਆ ਜਾਵੇਗਾ।

ਉਨ੍ਹਾਂ ਦੱਸਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ੍ਰੀ ਗੁਰੂ ਰਾਮਦਾਸ ਲੰਗਰ ਅਤੇ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਦੇ ਵਿਚਕਾਰ ਪਾਰਕਾਂ ਵਿਚ 400 ਕਿਸਮਾਂ ਦੇ ਫੁੱਲ ਲਗਾਏ ਜਾਣਗੇ। ਭਾਈ ਲੌਂਗੋਵਾਲ ਨੇ ਅੱਗੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਵੱਖ ਵੱਖ ਗੁਰਦੁਆਰਾ ਸਾਹਿਬਾਨ ਵਿਖੇ ਲੋੜ ਅਨੁਸਾਰ ਗ੍ਰੰਥੀ ਅਤੇ ਰਾਗੀ ਸਿੰਘਾਂ ਦੀ ਭਰਤੀ ਕੀਤੀ ਜਾਵੇਗੀ ਅਤੇ ਲੋੜ ਅਨੁਸਾਰ ਡਰਾਈਵਰ ਵੀ ਰੱਖੇ ਜਾਣਗੇ। ਇਨ੍ਹਾਂਨਿਯੁਕਤੀਆਂ ਲਈ ਅਖ਼ਬਾਰਾਂ ਵਿਚ ਇਸ਼ਤਿਹਾਰ ਦੇ ਕੇ ਦਰਖਾਸਤਾਂ ਮੰਗੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਲੋੜ ਅਨੁਸਾਰ ਪ੍ਰਮੋਸ਼ਨਾਂ ਕਰਨ ਨੂੰ ਵੀ ਪ੍ਰਵਾਨਗੀ ਦਿੱਤੀ ਗਈ ਹੈ। ਇਕ ਹੋਰ ਅਹਿਮ ਫੈਸਲੇ ਬਾਰੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਪਹਿਲਾਂ ਲਏ ਗਏ ਇਕ ਫੈਸਲੇ ਅਨੁਸਾਰ ਪੱਛੜੇ ਇਲਾਕਿਆਂ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਮੈਡੀਕਲ ਸਹੂਲਤਾਂ ਦੇਣ ਦਾ ਫੈਸਲਾ ਕੀਤਾ ਗਿਆ ਸੀ। ਇਸ ਨੂੰ ਲਾਗੂ ਕਰਨ ਲਈ ਅੱਜ ਦੀ ਇਕੱਤਰਤਾ ਵਿਚ ਗਿਆਰਾਂ ਮੈਡੀਕਲ ਵੈਨਾਂ ਠੇਕੇ 'ਤੇ ਲੈਣ ਦੀ ਪ੍ਰਵਾਨਗੀ ਦਿੱਤੀ ਗਈ ਹੈ ਅਤੇ ਇਸ ਤੋਂ ਇਲਾਵਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਇਸ਼ਨਾਨ ਦੀ ਸੰਗਤਾਂ ਨੂੰ ਸਹੂਲਤ ਦੇਣ ਲਈ 15 ਬੱਸਾਂ ਵੀ ਇਕ ਸਾਲ ਲਈ ਠੇਕੇ 'ਤੇ ਲਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਮਨੀਕਰਨ ਸਾਹਿਬ ਦੀ ਯਾਤਰਾ 'ਤੇ ਗਏ ਅੰਮ੍ਰਿਤਸਰ ਜ਼ਿਲ੍ਹੇ ਦੇ 8 ਨੌਜਵਾਨਾਂ ਦੀ ਹਾਦਸੇ ਦੌਰਾਨ ਹੋਈ ਮੌਤ ਕਾਰਨ ਉਨ੍ਹਾਂ ਦੇ ਪਰਿਵਾਰਾਂ ਨੂੰ 50-50 ਹਜ਼ਾਰ ਰੁਪਏ ਦੀ ਸਹਾਇਤਾ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਇਸ ਹਾਦਸੇ ਦੌਰਾਨ ਜ਼ਖ਼ਮੀ ਹੋਏ ਇਕ ਨੌਜਵਾਨ ਨੂੰ ਇਲਾਜ ਲਈ 50 ਹਜ਼ਾਰ ਰੁਪਏ ਇਲਾਜ ਲਈ ਦਿੱਤੇ ਜਾਣਗੇ।




ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਹਰਪਾਲ ਸਿੰਘ ਜੱਲ੍ਹਾ, ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਮੈਂਬਰਾਨ ਸ. ਭਗਵੰਤ ਸਿੰਘ ਸਿਆਲਕਾ, ਸ. ਲਖਬੀਰ ਸਿੰਘ ਅਰਾਈਆਂਵਾਲਾ, ਸ. ਗੁਰਤੇਜ ਸਿੰਘ ਢੱਡੇ, ਸ. ਨਵਤੇਜ ਸਿੰਘ ਕਾਉਣੀ, ਸ. ਹਰਦੇਵ ਸਿੰਘ ਰੋਗਲਾ, ਸ. ਗੁਰਮੀਤ ਸਿੰਘ ਬੂਹ, ਸ. ਸੱਜਣ ਸਿੰਘ ਬੱਜੂਮਾਨ, ਬਾਬਾ ਗੁਰਮੀਤ ਸਿੰਘ ਤ੍ਰਿਲੋਕਵਾਲਾ, ਬੀਬੀ ਗੁਰਪ੍ਰੀਤ ਕੌਰ ਤੇ ਸ. ਅਮਰੀਕ ਸਿੰਘ ਸ਼ਾਹਪੁਰ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ ਤੇ ਸ. ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਸ. ਕੇਵਲ ਸਿੰਘ, ਸ. ਪ੍ਰਤਾਪ ਸਿੰਘ ਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ, ਸ. ਦਰਸ਼ਨ ਸਿੰਘ ਅਤੇ ਮੈਨੇਜਰ ਸ. ਜਗੀਰ ਸਿੰਘ ਸਮੇਤ ਹੋਰ ਹਾਜ਼ਰ ਸਨ।

(7 ਮਾਰਚ)



## ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਾਨਕਸ਼ਾਹੀ ਸੰਮਤ 550 ਦਾ ਕੈਲੰਡਰ ਜਾਰੀ

ਅੰਮ੍ਰਿਤਸਰ - ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਨੇ ਦਫ਼ਤਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਾਨਕਸ਼ਾਹੀ ਸੰਮਤ 550 (2018-19) ਦਾ ਨਾਨਕਸ਼ਾਹੀ ਕੈਲੰਡਰ ਜਾਰੀ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਕਿਹਾ ਕਿ ਇਸ ਸਾਲ ਦਾ ਨਾਨਕਸ਼ਾਹੀ ਕੈਲੰਡਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੀਤਾ ਗਿਆ ਹੈ। ਉਨ੍ਹਾਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਤਿਆਰ ਕੀਤੇ ਗਏ ਇਸ ਨਾਨਕਸ਼ਾਹੀ ਕੈਲੰਡਰ ਅਨੁਸਾਰ ਹੀ ਗੁਰਪੁਰਬ ਅਤੇ ਹੋਰ ਇਤਿਹਾਸਕ ਦਿਹਾੜੇ ਮਨਾਉਣ। ਉਨ੍ਹਾਂ ਕਿਹਾ ਕਿ ਸਮੁੱਚੀਆਂ ਸੰਗਤਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੋ ਕੇ ਗੁਰੂ ਸਾਹਿਬਾਨ ਦੇ ਫ਼ਲਸਫ਼ੇ ਦੇ ਪ੍ਰਚਾਰ ਪ੍ਰਸਾਰ ਲਈ ਸੰਯੁਕਤ ਹੰਭਲਾ ਮਾਰਨ। ਉਨ੍ਹਾਂ ਕਿਹਾ ਕਿ ਅਗਲੇ ਸਾਲ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550ਵਾਂ ਪ੍ਰਕਾਸ਼ ਦਿਹਾੜਾ ਆ ਰਿਹਾ ਹੈ, ਇਸ ਦਿਹਾੜੇ ਨੂੰ ਸਮਰਪਿਤ ਹੋ ਕੇ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਘਰ-ਘਰ ਪਹੁੰਚਾਉਣ ਲਈ ਸਾਰੀਆਂ ਸੰਗਤਾਂ ਜਤਨਸੀਲ ਹੋਣ। ਉਨ੍ਹਾਂ ਕਿਹਾ ਕਿ ਧਰਮ ਪ੍ਰਚਾਰ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ ਵੱਖ-ਵੱਖ ਨਗਰਾਂ ਵਿਚ ਕਰਵਾਏ ਜਾ ਰਹੇ ਹਨ, ਜਿਨ੍ਹਾਂ ਵਿਚ ਧਾਰਮਿਕ ਦੀਵਾਨਾਂ ਦੇ ਨਾਲ-ਨਾਲ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਨੂੰ ਗੁਰਮਤਿ ਦੀ ਜਾਣਕਾਰੀ ਦੇਣ ਲਈ ਪ੍ਰਚਾਰਕ ਭੇਜੇ ਜਾ ਰਹੇ ਹਨ। ਉਨ੍ਹਾਂ ਸੰਗਤਾਂ ਨੂੰ ਇਨ੍ਹਾਂ ਸਮਾਗਮਾਂ ਨੂੰ ਸਫਲ ਬਣਾਉਣ ਦੀ ਅਪੀਲ ਵੀ ਕੀਤੀ। ਉਨ੍ਹਾਂ ਕਿਹਾ ਕਿ ਸੰਗਤਾਂ ਦੀ ਸਹੂਲਤ ਲਈ ਜਲਦ ਹੀ ਨਾਨਕਸ਼ਾਹੀ ਜੰਤਰੀ ਅਤੇ ਡਾਇਰੀ ਵੀ ਤਿਆਰ ਕਰਕੇ ਸੰਗਤ ਅਰਪਣ ਕੀਤੀ ਜਾਵੇਗੀ।

ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਕਮੇਟੀ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਸਿਮਰਜੀਤ ਸਿੰਘ ਮੀਤ ਸਕੱਤਰ, ਸ. ਸੁਲੱਖਣ ਸਿੰਘ ਭੰਗਾਲੀ ਮੈਨੇਜਰ ਸ੍ਰੀ ਦਰਬਾਰ ਸਾਹਿਬ, ਸ. ਗੁਰਬਚਨ ਸਿੰਘ ਇੰਚਾਰਜ ਦਫ਼ਤਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ, ਸ. ਸੁਖਬੀਰ ਸਿੰਘ ਵਧੀਕ ਮੈਨੇਜਰ ਅਤੇ ਸ. ਸਤਿੰਦਰਪਾਲ ਸਿੰਘ ਆਦਿ ਮੌਜੂਦ ਸਨ। (05 ਮਾਰਚ)

## ਜੰਮੂ ਕਸ਼ਮੀਰ 'ਚ ਵਧੀਆ ਸੇਵਾਵਾਂ ਵਾਲੇ ਪ੍ਰਚਾਰਕਾਂ ਨੂੰ ਹਰ ਸਾਲ 51 ਹਜ਼ਾਰ ਨਾਲ ਸਨਮਾਨਤ ਕਰੇਗੀ ਸ਼੍ਰੋਮਣੀ ਕਮੇਟੀ -ਭਾਈ ਲੌਂਗੋਵਾਲ

### ਸ਼੍ਰੋਮਣੀ ਕਮੇਟੀ ਵੱਲੋਂ ਅਕਾਲੀ ਕੌਰ ਸਿੰਘ ਦੀ ਯਾਦ ਵਿਚ ਜੰਮੂ ਵਿਖੇ ਗੁਰਮਤਿ ਸਮਾਗਮ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਿੱਖ ਕੌਮ ਦੇ ਮਹਾਨ ਵਿਦਵਾਨ ਅਕਾਲੀ ਕੌਰ ਸਿੰਘ ਦੀ ਯਾਦ ਵਿਚ ਗੁਰਦੁਆਰਾ ਬਾਬਾ ਫਤਹਿ ਸਿੰਘ, ਗਾਂਧੀ ਨਗਰ ਜੰਮੂ ਵਿਖੇ ਇੱਕ ਮਹਾਨ ਗੁਰਮਤਿ ਸਮਾਗਮ ਮੌਕੇ ਸੰਬੋਧਨ ਕਰਦਿਆਂ ਐਲਾਨ ਕੀਤਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਅਕਾਲੀ ਕੌਰ ਸਿੰਘ ਦੇ ਨਾਂ 'ਤੇ ਹਰ ਸਾਲ ਜੰਮੂ ਕਸ਼ਮੀਰ ਖੇਤਰ ਵਿਚ ਵਧੀਆ ਧਰਮ ਪ੍ਰਚਾਰ ਸੇਵਾਵਾਂ ਨਿਭਾਉਣ ਵਾਲੇ ਪ੍ਰਚਾਰਕ ਨੂੰ 51 ਹਜ਼ਾਰ ਰੁਪਏ ਦੀ ਰਾਸ਼ੀ ਨਾਲ ਸਨਮਾਨਿਤ ਕੀਤਾ ਜਾਇਆ ਕਰੇਗਾ। ਉਨ੍ਹਾਂ ਕਿਹਾ ਕਿ ਜੰਮੂ ਕਸ਼ਮੀਰ ਅੰਦਰ ਸਿੱਖ ਧਰਮ ਦੇ ਪ੍ਰਚਾਰ ਨੂੰ ਹੋਰ ਤੇਜ਼ ਕਰਨ ਲਈ ਇਸੇ ਖੇਤਰ ਵਿਚੋਂ ਹੀ 10 ਪ੍ਰਚਾਰਕ ਵੀ ਰੱਖੇ ਜਾਣਗੇ। ਜੰਮੂ ਕਸ਼ਮੀਰ ਅੰਦਰ ਸਿੱਖਾਂ ਨੂੰ ਘੱਟ ਗਿਣਤੀ ਵਾਲੀਆਂ ਸਹੂਲਤਾਂ ਤੋਂ ਵਾਂਝੇ ਰੱਖੇ ਜਾਣ ਸਬੰਧੀ ਉਨਾਂ ਕਿਹਾ ਕਿ ਇਸ ਮਾਮਲੇ ਨੂੰ ਲੈ ਕੇ ਜਲਦੀ ਹੀ ਕੇਂਦਰ ਸਰਕਾਰ ਨਾਲ ਗੱਲ ਕੀਤੀ ਜਾਵੇਗੀ ਅਤੇ ਵਿਸ਼ੇਸ਼ ਕਰਕੇ ਇਹ ਮਾਮਲਾ ਭਾਰਤ ਦੇ ਗ੍ਰਹਿ ਮੰਤਰੀ ਸ੍ਰੀ ਰਾਜਨਾਥ ਸਿੰਘ ਕੋਲ ਉਠਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਖੇਤਰ ਵਿਚ ਸਿੱਖਾਂ ਨੂੰ ਘੱਟ ਗਿਣਤੀ ਕੌਮਾਂ ਵਾਲੀਆਂ ਸਹੂਲਤਾਂ ਮਿਲਣੀਆਂ ਚਾਹੀਦੀਆਂ ਹਨ। ਭਾਈ ਲੌਂਗੋਵਾਲ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਰਮਪਿਤ ਜੰਮੂ ਤੋਂ ਸੁਲਤਾਨਪੁਰ ਲੋਧੀ ਤੱਕ ਇੱਕ ਵਿਸ਼ਾਲ ਨਗਰ ਕੀਤਰਨ ਸਜਾਉਣ ਦੇ ਨਾਲ-ਨਾਲ ਜੰਮੂ ਯੂਨੀਵਰਸਿਟੀ ਵਿਖੇ ਇੱਕ ਸੈਮੀਨਾਰ ਵੀ ਕਰਵਾਇਆ ਜਾਵੇਗਾ। ਇਸ ਤੋਂ ਇਲਾਵਾ ਉਨ੍ਹਾਂ 550 ਸਾਲਾ ਨੂੰ ਸਮਰਪਿਤ ਜੰਮੂ ਕਸ਼ਮੀਰ ਵਿਚ ਤਿੰਨ ਵਿਸ਼ਾਲ ਗੁਰਮਤਿ ਸਮਾਗਮ ਕਰਵਾਉਣ ਦਾ ਐਲਾਨ ਕਰਦਿਆਂ ਇਸ ਵਰ੍ਹੇ ਇਸ ਖਿੱਤੇ ਅੰਦਰ 50 ਹਜ਼ਾਰ ਪ੍ਰਾਣੀਆਂ ਨੂੰ ਅੰਮ੍ਰਿਤ ਛਕਾਉਣ ਦੀ



ਗੱਲ ਵੀ ਆਖੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਅਕਾਲੀ ਕੌਰ ਸਿੰਘ ਦੇ ਜੀਵਨ ਇਤਿਹਾਸ ਨੂੰ ਸਾਂਝਾ ਕਰਦਿਆਂ ਉਨ੍ਹਾਂ ਨੂੰ ਸਿੱਖ ਪੰਥ ਦੇ ਹੀਰੇ ਆਖਿਆ। ਉਨ੍ਹਾਂ ਕਿਹਾ ਕਿ ਅਕਾਲੀ ਕੌਰ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਸੰਦੇਸ਼ ਭਾਰਤ ਤੇ ਅਫਗਾਨਸਤਾਨ ਵਿਚ ਫੈਲਾਉਣ ਲਈ ਸਾਰਾ ਜੀਵਨ ਸਮਰਪਿਤ ਕਰ ਦਿੱਤਾ। ਇਸ ਤੋਂ ਇਲਾਵਾ ਉਨ੍ਹਾਂ ਅਕਾਲੀ ਕੌਰ ਸਿੰਘ ਵੱਲੋਂ ਵਿਦਿਅਕ, ਸਾਹਿਤਕ ਆਦਿ ਖੇਤਰਾਂ ਵਿਚ ਪਾਏ ਯੋਗਦਾਨ ਨੂੰ ਵੀ ਸੰਗਤਾਂ ਨਾਲ ਸਾਂਝਾ ਕੀਤਾ। ਸਟੇਜ ਦੀ ਸੇਵਾ ਨਿਭਾਉਂਦਿਆਂ ਸ. ਅਵਤਾਰ ਸਿੰਘ ਖਾਲਸਾ ਜਨਰਲ ਸਕੱਤਰ ਡਿਸਟ੍ਰਿਕਟ ਗੁਰਦੁਆਰਾ ਜੰਮੂ ਨੇ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾ ਰਹੇ ਧਰਮ ਪ੍ਰਚਾਰ ਕਾਰਜਾਂ ਦੀ ਸ਼ਲਾਘਾ ਕੀਤੀ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਅਕਾਲੀ ਕੌਰ ਸਿੰਘ ਦੇ ਨਾਂ 'ਤੇ ਗੁਰਦੁਆਰਾ ਕਲਗੀਧਰ ਡੀ.ਸੀ. ਰੋਡ ਰਿਹਾੜੀ ਜੰਮੂ ਵਿਖੇ ਸਿੱਖ ਮਿਸ਼ਨ ਜੰਮੂ ਦੀ ਬਣਾਈ ਗਈ ਨਵੀਂ ਇਮਾਰਤ ਦਾ ਉਦਘਾਟਨ ਕੀਤਾ। ਇਸ ਮੌਕੇ ਜੰਮੂ ਕਸ਼ਮੀਰ ਦੀਆਂ ਸੰਗਤਾਂ ਵੱਲੋਂ ਭਾਈ ਗੋਬਿੰਦ ਸਿੰਘ ਲੌਂਗੋਵਾਲ, ਡਾ. ਰੂਪ ਸਿੰਘ ਤੇ ਹੋਰਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਦੇ ਨਾਲ ਹੀ ਜੰਮੂ ਸਿੱਖ ਮਿਸ਼ਨ ਦੇ ਇੰਚਾਰਜ ਗਿਆਨੀ ਸਵਰਨ ਸਿੰਘ ਨੂੰ ਉਨ੍ਹਾਂ ਦੀਆਂ ਸੇਵਾਵਾਂ ਬਦਲੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਟੀ.ਐਸ. ਵਜੀਰ, ਐਡਵੋਕੇਟ ਸੁਰਿੰਦਰ ਸਿੰਘ, ਜਥੇਦਾਰ ਮੋਹਿੰਦਰ ਸਿੰਘ, ਸ. ਹਰਜਿੰਦਰ ਸਿੰਘ ਰੈਨਾ, ਸ. ਬਲਵਿੰਦਰ ਸਿੰਘ ਜੌੜਾ ਸਿੰਘਾ ਵਧੀਕ ਸਕੱਤਰ, ਸ. ਜਗਜੀਤ ਸਿੰਘ ਜੱਗੀ ਨਿੱਜੀ ਸਹਾਇਕ, ਸ. ਦਰਸ਼ਨ ਸਿੰਘ ਪੀ.ਏ., ਗਿਆਨੀ ਸਵਰਨ ਸਿੰਘ ਇੰਚਾਰਜ ਸਿੱਖ ਮਿਸ਼ਨ, ਸ. ਦਿਆਲ ਸਿੰਘ ਵਜੀਰ, ਸ. ਜਸਪਾਲ ਸਿੰਘ ਮੰਗਲ, ਸ. ਨਰਿੰਦਰ ਸਿੰਘ ਖਾਲਸਾ, ਭਾਈ ਗੁਰਦੇਵ ਸਿੰਘ, ਸ. ਸੁਚਵੰਤ ਸਿੰਘ, ਸ. ਬਲਵੰਤ ਸਿੰਘ, ਸ. ਸੁਰਜੀਤ ਸਿੰਘ, ਸ. ਰਣਯੋਧ ਸਿੰਘ ਨਲਵਾ, ਸ. ਮਨਜੀਤ ਸਿੰਘ, ਸ. ਅਤਰ ਸਿੰਘ, ਸ. ਰਣਜੀਤ ਸਿੰਘ, ਸ. ਸੁਰਿੰਦਰ ਸਿੰਘ ਅਤੇ ਸ. ਹਰਮਨਨ ਸਿੰਘ ਆਦਿ ਮੌਜੂਦ ਸਨ। (04 ਮਾਰਚ)

## ਸ਼੍ਰੋਮਣੀ ਕਮੇਟੀ ਵੱਲੋਂ ਹਿਮਾਚਲ ਪ੍ਰਦੇਸ਼ ਸੜਕ ਹਾਦਸੇ ਦੇ ਮ੍ਰਿਤਕਾਂ ਦੇ ਵਾਰਸਾਂ ਨੂੰ 50-50 ਹਜ਼ਾਰ ਦੀ ਸਹਾਇਤਾ



ਹਿਮਾਚਲ ਪ੍ਰਦੇਸ਼ 'ਚ ਸੜਕ ਹਾਦਸੇ ਦੌਰਾਨ ਮਾਰੇ ਗਏ ਅੰਮ੍ਰਿਤਸਰ ਜਿਲ੍ਹੇ ਦੇ 8 ਨੌਜੁਆਨਾਂ ਦੇ ਵਾਰਸਾਂ ਅਤੇ ਇੱਕ ਜਖਮੀ ਨੌਜਵਾਨ ਨੂੰ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 50-50 ਹਜ਼ਾਰ ਦੀ ਸਹਾਇਤਾ ਦੇ ਚੈੱਕ ਦਿੱਤੇ ਗਏ। ਅੱਜ ਮ੍ਰਿਤਕ ਨੌਜਵਾਨਾਂ ਦੀ ਆਤਮਕ ਸ਼ਾਂਤੀ ਲਈ ਪਿੰਡ ਕਾਲੇ ਘਣੂੰਪੁਰ ਨੇੜੇ ਸਥਿਤ ਗੁਰਦੁਆਰਾ ਸੰਗਤਸਰ ਡੇਰਾ ਬਾਬਾ ਦਰਸ਼ਨ ਸਿੰਘ ਕੁੱਲੀ ਵਾਲਿਆਂ ਦੇ ਦੀਵਾਨ ਹਾਲ ਵਿਖੇ ਰੱਖੇ ਗਏ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਉਪਰੰਤ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਹਰਪਾਲ ਸਿੰਘ ਜੱਲ੍ਹਾ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਮ੍ਰਿਤਕਾਂ ਦੇ ਪਰਿਵਾਰਾਂ ਤੇ ਜ਼ਖਮੀ ਨੂੰ 50-50 ਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ।

ਸ. ਹਰਪਾਲ ਸਿੰਘ ਜੱਲ੍ਹਾ ਨੇ ਇਸ ਮੌਕੇ ਮ੍ਰਿਤਕਾਂ ਦੇ ਪਰਿਵਾਰਾਂ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਭਰ ਜਵਾਨੀ ਵਿਚ ਐਸਾ ਭਿਆਨਕ ਹਾਦਸਾ ਵਾਪਰਨ ਕਾਰਨ ਮ੍ਰਿਤਕ ਨੌਜਵਾਨਾਂ ਦੇ ਮਾਪਿਆਂ ਨੂੰ ਪਿਆ ਘਾਟਾ ਪੂਰਾ ਤਾਂ ਨਹੀਂ ਕੀਤਾ ਜਾ ਸਕਦਾ ਪਰ ਸ਼੍ਰੋਮਣੀ ਕਮੇਟੀ ਇਨ੍ਹਾਂ ਪਰਿਵਾਰਾਂ ਦੀ ਅੱਗੋਂ ਵੀ ਮਦਦ ਕਰਨ ਦੀ ਕੋਸ਼ਿਸ਼ ਕਰੇਗੀ। ਉਨ੍ਹਾਂ ਕਿਹਾ ਕਿ ਅਕਾਲ ਪੁਰਖ ਦਾ ਭਾਣਾ ਅਟੱਲ ਹੈ ਅਤੇ ਉਸ ਅੱਗੇ ਕਿਸੇ ਦਾ ਜ਼ੋਰ ਨਹੀਂ ਚੱਲਦਾ। ਉਨ੍ਹਾਂ ਕਿਹਾ ਕਿ ਮੇਰੀ ਸ੍ਰੀ ਗੁਰੂ ਰਾਮਦਾਸ ਪਾਤਸ਼ਾਹ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਹੈ ਕਿ ਸਤਿਗੁਰੂ ਜੀ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰ ਤੇ ਸਨੇਹੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ। ਉਨ੍ਹਾਂ ਜ਼ਖਮੀ ਨੌਜਵਾਨ ਦੇ ਜਲਦੀ ਸਿਹਤਯਾਬ ਹੋਣ ਦੀ ਵੀ ਅਰਦਾਸ ਜੋਦੜੀ ਕੀਤੀ। ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਸ੍ਰੀ ਮਨੀਕਰਨ ਸਾਹਿਬ ਦੀ ਯਾਤਰਾ 'ਤੇ ਗਏ ਨੌਜਵਾਨਾਂ ਦੇ ਵਾਪਸ ਪਰਤਣ ਮੌਕੇ ਹਿਮਾਚਲ ਪ੍ਰਦੇਸ਼ ਦੇ ਸਵਾਰਘਾਟ ਕੋਲ ਕਾਰ ਦੇ ਡੂੰਘੀ ਖੱਡ 'ਚ ਡਿੱਗ ਜਾਣ ਕਾਰਨ 8 ਦੀ ਮੌਤ ਹੋ ਗਈ ਸੀ ਅਤੇ ਇੱਕ ਨੌਜਵਾਨ ਗੰਭੀਰ ਰੂਪ 'ਚ ਜ਼ਖਮੀ ਹੋ ਗਿਆ ਸੀ।

ਇਸ ਮੌਕੇ ਜੂਨੀਅਰ ਮੀਤ ਪ੍ਰਧਾਨ ਸ. ਹਰਪਾਲ ਸਿੰਘ ਜੱਲ੍ਹਾ ਨਾਲ ਗਏ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਬਾਵਾ ਸਿੰਘ ਗੁਮਾਨਪੁਰਾ, ਸ. ਮਗਵਿੰਦਰ ਸਿੰਘ ਖਾਪੜਖੇੜੀ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ, ਮੈਨੇਜਰ ਸ. ਸੁਲੱਖਣ ਸਿੰਘ, ਇੰਚਾਰਜ ਸ. ਕਰਮਬੀਰ ਸਿੰਘ, ਸ. ਗੁਰਚਰਨ ਸਿੰਘ ਕੋਹਾਲਾ ਤੇ ਸ. ਲਾਲ ਸਿੰਘ ਨੇ ਵੀ ਮ੍ਰਿਤਕ ਪਰਿਵਾਰਾਂ ਨਾਲ ਦੁੱਖ ਦਾ ਇਜ਼ਹਾਰ ਕੀਤਾ। (10 ਮਾਰਚ)

## ਪਾਕਿਸਤਾਨ 'ਚ ਅਨੰਦ ਕਾਰਜ ਐਕਟ ਪਾਸ ਹੋਣ ਦਾ ਭਾਈ ਲੌਂਗੋਵਾਲ ਵੱਲੋਂ ਸਵਾਗਤ

ਪਾਕਿਸਤਾਨ ਦੇ ਸੂਬਾ ਪੰਜਾਬ ਦੀ ਅਸੈਂਬਲੀ ਵਿਚ ਸਿੱਖਾਂ ਦੀ ਨਿਆਰੀ ਹੋਂਦ-ਹਸਤੀ ਦੇ ਪ੍ਰਤੀਕ ਅਨੰਦ ਕਾਰਜ ਐਕਟ ਦੇ ਪਾਸ ਹੋਣ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਵਾਗਤ ਕੀਤਾ ਹੈ। ਭਾਈ ਲੌਂਗੋਵਾਲ ਨੇ ਆਖਿਆ ਕਿ ਸਿੱਖ ਇਕ ਵੱਖਰੀ ਕੌਮ ਹੈ ਅਤੇ ਇਸ ਕੌਮ ਦੇ ਸੰਸਕਾਰ, ਸੱਭਿਆਚਾਰ, ਰੀਤੀ-ਰਿਵਾਜ਼ ਬਾਕੀ ਧਰਮਾਂ ਨਾਲੋਂ ਨਿਰਾਲੇ ਹਨ। ਅਨੰਦ ਕਾਰਜ ਦੀ ਮਰਯਾਦਾ ਵੀ ਸਿੱਖ ਕੌਮ ਦੇ ਨਿਰਾਲੇਪਨ ਦੀ ਪ੍ਰਤੀਕ ਹੈ। ਭਾਈ ਲੌਂਗੋਵਾਲ ਨੇ ਆਖਿਆ ਕਿ ਅੰਗਰੇਜ਼ ਸਰਕਾਰ ਸਮੇਂ ਸਿੱਖਾਂ ਦੇ ਵੱਖਰੇ ਅਨੰਦ ਮੈਰਿਜ ਐਕਟ ਦੀ ਮੰਗ ਉਠੀ ਸੀ ਪਰ ਲਗਭਗ ਇਕ ਸਦੀ ਤੱਕ ਇਹ ਮੰਗ ਪ੍ਰਵਾਨ ਨਹੀਂ ਹੋ ਸਕੀ। ਕੁਝ ਸਾਲ ਪਹਿਲਾਂ ਭਾਰਤ ਦੀ ਪਾਰਲੀਮੈਂਟ 'ਚ ਅਨੰਦ ਮੈਰਿਜ ਐਕਟ ਪਾਸ ਹੋਣ ਤੋਂ ਬਾਅਦ ਭਾਰਤ ਦੇ ਬਹੁਤ ਸਾਰੇ ਸੂਬਿਆਂ ਵਿਚ ਅਨੰਦ ਮੈਰਿਜ ਐਕਟ ਲਾਗੂ ਹੋ ਗਿਆ ਹੈ ਅਤੇ ਹੁਣ ਪਾਕਿਸਤਾਨ ਵਿਚ ਵੀ ਇਹ ਪਾਸ ਹੋ ਗਿਆ ਹੈ।

ਭਾਈ ਲੌਂਗੋਵਾਲ ਨੇ ਪਾਕਿਸਤਾਨ ਵਿਚ ਅਨੰਦ ਮੈਰਿਜ ਐਕਟ ਪਾਸ ਕਰਨ 'ਤੇ ਪਾਕਿਸਤਾਨ ਸਰਕਾਰ ਦਾ ਧੰਨਵਾਦ ਕਰਦਿਆਂ ਆਖਿਆ ਕਿ ਹੁਣ ਜਦੋਂ ਗੁਆਂਢੀ ਦੇਸ਼ ਦੀ ਸਰਕਾਰ ਨੇ ਵੀ ਸਿੱਖਾਂ ਦੇ ਨਿਰਾਲੇਪਨ ਨੂੰ ਪ੍ਰਵਾਨ ਕਰ ਲਿਆ ਹੈ ਤਾਂ ਭਾਰਤ ਦੇ ਜਿਨ੍ਹਾਂ ਸੂਬਿਆਂ ਵਿਚ ਅਜੇ ਤਕ ਅਨੰਦ ਮੈਰਿਜ ਐਕਟ ਲਾਗੂ ਨਹੀਂ ਹੋਇਆ ਉਨ੍ਹਾਂ ਨੂੰ ਵੀ ਤੁਰੰਤ ਲਾਗੂ ਕਰਨ ਦੀ ਪਹਿਲਕਦਮੀ ਕਰਨੀ ਚਾਹੀਦੀ ਹੈ। ਉਨ੍ਹਾਂ ਪਾਕਿਸਤਾਨ ਦੇ ਸਿੱਖ ਆਗੂ ਰਮੇਸ਼ ਸਿੰਘ ਅਰੋੜਾ ਸਮੇਤ ਅਨੰਦ ਕਾਰਜ ਐਕਟ ਲਾਗੂ ਕਰਵਾਉਣ ਲਈ ਯਤਨ ਕਰਨ ਵਾਲੀਆਂ ਸਾਰੀਆਂ ਧਿਰਾਂ ਦਾ ਧੰਨਵਾਦ ਕੀਤਾ ਅਤੇ ਪਾਕਿਸਤਾਨ ਦੇ ਸਿੱਖਾਂ ਨੂੰ ਇਸ ਪ੍ਰਾਪਤੀ ਲਈ ਵਧਾਈ ਵੀ ਦਿੱਤੀ। (15 ਮਾਰਚ)

## ਧਰਮ ਪ੍ਰਚਾਰ ਲਹਿਰ ਤਹਿਤ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹਫ਼ਤਾਵਾਰੀ ਸਮਾਗਮ ਦੌਰਾਨ 419 ਪ੍ਰਾਣੀ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣੇ

ਤਲਵੰਡੀ ਸਾਬੋ - ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਤਖ਼ਤ ਸਾਹਿਬਾਨ 'ਤੇ ਆਰੰਭੀ ਹਫ਼ਤਾਵਾਰੀ ਸਮਾਗਮਾਂ ਦੀ ਲੜੀ ਤਹਿਤ ਦਸਵਾਂ ਹਫ਼ਤਾਵਾਰੀ ਸਮਾਗਮ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਕਰਵਾਇਆ ਗਿਆ, ਜਿਸ ਵਿਚ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਸਮਾਗਮ ਵਿਚ ਹੈੱਡ ਗ੍ਰੰਥੀ ਭਾਈ ਗੁਰਜੰਟ ਸਿੰਘ, ਭਾਈ ਬਲਵੰਤ ਸਿੰਘ ਸਾਬਕਾ ਹੈੱਡ ਗ੍ਰੰਥੀ, ਭਾਈ ਗੁਰਦਿੱਤ ਸਿੰਘ ਹਜ਼ੂਰੀ ਰਾਗੀ, ਭਾਈ ਯਾਦਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਜਸਪਾਲ ਸਿੰਘ ਮਾਣੀਖੇੜਾ ਕਵੀਸ਼ਰੀ ਜਥਾ, ਭਾਈ ਜਰਨੈਲ ਸਿੰਘ ਸੁੰਮਨ, ਭਾਈ ਮੱਘਰ ਸਿੰਘ ਭੌਰਾ ਆਦਿ ਦੇ ਢਾਡੀ ਜਥੇ ਨੇ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ। ਇਸ ਮੌਕੇ ਧਰਮ ਪ੍ਰਚਾਰ ਦਫ਼ਤਰ ਇੰਚਾਰਜ ਭੋਲਾ ਸਿੰਘ ਨੇ ਸੰਗਤਾਂ ਨੂੰ ਧਰਮ ਪ੍ਰਚਾਰ ਕਮੇਟੀ ਵਲੋਂ ਚਲਾਈਆਂ ਜਾ ਰਹੀਆਂ ਗਤੀਵਿਧੀਆਂ ਤੋਂ ਜਾਣੂੰ ਕਰਵਾਉਂਦਿਆਂ ਦੱਸਿਆ ਕਿ ਧਰਮ ਪ੍ਰਚਾਰ ਕਮੇਟੀ ਵੱਲੋਂ ਪਿੰਡਾਂ ਅੰਦਰ ਕੀਤੇ ਜਾ ਰਹੇ ਪ੍ਰਚਾਰ ਤੋਂ ਪ੍ਰੇਰਿਤ ਹੋ ਕੇ ਅੱਜ ਹੋਏ ਅੰਮ੍ਰਿਤ ਸੰਚਾਰ ਸਮੇਂ 419 ਪ੍ਰਾਣੀਆਂ ਨੇ ਅੰਮ੍ਰਿਤ ਪਾਣ ਕੀਤਾ। ਇਸ ਮੌਕੇ ਸ. ਕਰਨ ਸਿੰਘ ਮੈਨੇਜਰ ਤਖ਼ਤ ਸ੍ਰੀ ਦਮਦਮਾ ਸਾਹਿਬ, ਸ. ਭੋਲਾ ਸਿੰਘ ਇੰਚਾਰਜ ਸਬ ਆਫ਼ਿਸ, ਸ. ਬਲਵੀਰ ਸਿੰਘ ਰਾਏਪੁਰ, ਸ. ਸਵਰਨ ਸਿੰਘ ਮੂਸਾ, ਸ. ਅਮਨਦੀਪ ਸਿੰਘ, ਸ. ਕੁਲਵਿੰਦਰ ਸਿੰਘ ਬੰਗੀ ਤੇ ਸ.ਗੁਰਦੀਪ ਸਿੰਘ ਦੁਫੇੜਾ ਆਦਿ ਹਾਜ਼ਰ ਸਨ। (1 ਅਪ੍ਰੈਲ)

## 'ਇੱਕ ਪਿੰਡ ਇੱਕ ਗੁਰਦੁਆਰਾ ਮੁਹਿੰਮ' ਤਹਿਤ ਪਿੰਡ ਧੂੜਕੋਟ ਦਾ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨ

ਇਥੋਂ ਨੇੜਲੇ ਪਿੰਡ ਧੂੜਕੋਟ ਦੀਆਂ ਗੁਰਦੁਆਰਾ ਕਮੇਟੀਆਂ ਅਤੇ ਪੰਚਾਇਤ ਵੱਲੋਂ ਪਿੰਡ ਅੰਦਰ ਦੋ ਤੋਂ ਇਕ ਗੁਰਦੁਆਰਾ ਸਾਹਿਬ ਕਰਨ ਦੇ ਫੈਸਲੇ ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਇਸ ਪਿੰਡ ਵਿਚ ਪਹੁੰਚ ਕੇ ਜਿਥੇ ਇਸ ਕਾਰਜ ਲਈ ਪਿੰਡ ਵਾਸੀਆਂ ਨੂੰ ਵਧਾਈ ਦਿੱਤੀ, ਉਥੇ ਹੀ ਸ਼੍ਰੋਮਣੀ ਕਮੇਟੀ ਵੱਲੋਂ ਆਰੰਭੀ 'ਇਕ ਪਿੰਡ ਇਕ ਗੁਰਦੁਆਰਾ ਮੁਹਿੰਮ' ਤਹਿਤ ਇੱਕ ਲੱਖ ਰੁਪਏ ਸਨਮਾਨ ਵਜੋਂ ਦੇਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਪਿੰਡ ਵਿਚ ਖ਼ਾਲੀ ਹੋਏ ਦੂਸਰੇ ਗੁਰਦੁਆਰਾ ਸਾਹਿਬ ਦੀ ਇਮਾਰਤ ਨੂੰ ਲਾਇਬ੍ਰੇਰੀ ਦੇ ਤੌਰ 'ਤੇ ਸਥਾਪਿਤ ਕੀਤਾ ਜਾਵੇਗਾ ਅਤੇ ਇਸ ਲਈ ਸ਼੍ਰੋਮਣੀ ਕਮੇਟੀ ਧਾਰਮਿਕ ਪੁਸਤਕਾਂ ਦੇਵੇਗੀ। ਇਸ ਮੌਕੇ ਕਰਵਾਏ ਗਏ



ਸਮਾਗਮ ਸਮੇਂ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਜਾਤ ਬਰਾਦਰੀਆਂ ਅਤੇ ਧੜ੍ਹੇਬੰਦੀਆਂ ਦੇ ਨਾਂ 'ਤੇ ਸਥਾਪਿਤ ਕੀਤੇ ਗਏ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕਾਂ ਨੂੰ ਗੁਰਮਤਿ ਜੁਗਤ ਅਪਣਾ ਕੇ ਸਾਂਝੇ ਰੂਪ ਵਿਚ ਇਕ ਗੁਰਦੁਆਰਾ ਸਾਹਿਬ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਆਉਣ ਵਾਲੇ ਸਮੇਂ ਸ਼੍ਰੋਮਣੀ ਕਮੇਟੀ ਵੱਲੋਂ ਆਰੰਭੀ ਇਸ ਮੁਹਿੰਮ ਦਾ ਹਿੱਸਾ ਬਣ ਕੇ ਹੋਰ ਨਗਰ ਵੀ ਪੰਥਕ ਏਕਤਾ ਦਾ ਰਾਹ ਅਪਨਾਉਣਗੇ।

ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਲਖਬੀਰ ਸਿੰਘ ਅਰਾਈਆਂਵਾਲਾ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਅਤੇ ਸ. ਸ਼ੇਰ ਸਿੰਘ ਮੰਡਵਾਲਾ ਨੇ ਆਪਣੇ ਸੰਬੋਧਨ ਵਿਚ ਜਿਥੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਕੌਮੀ ਏਕਤਾ ਲਈ ਵਿੱਢੀ ਗਈ 'ਇਕ ਪਿੰਡ ਇਕ ਗੁਰਦੁਆਰਾ ਮੁਹਿੰਮ' ਦੀ ਸ਼ਲਾਘਾ ਕੀਤੀ, ਉਥੇ ਹੀ ਪਿੰਡ ਧੂੜਕੋਟ ਦੀ ਸੰਗਤ ਨੂੰ ਇਸ ਲਹਿਰ ਵਿਚ ਮੋਹਰੀ ਬਣਨ ਲਈ ਵਧਾਈ ਦਿੱਤੀ ਅਤੇ ਸਮੁੱਚੇ ਪੰਜਾਬ ਦੀਆਂ ਸੰਗਤਾਂ ਨੂੰ ਇਸ ਪਿੰਡ ਤੋਂ ਸੇਧ ਲੈਣ ਦੀ ਅਪੀਲ ਵੀ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਮੈਂਬਰ ਸਾਹਿਬਾਨ ਵੱਲੋਂ ਸਾਂਝੇ ਰੂਪ ਵਿਚ ਪਿੰਡ ਦੀ ਗੁਰਦੁਆਰਾ ਕਮੇਟੀ ਅਤੇ ਪੰਚਾਇਤ ਨੂੰ ਸਨਮਾਨਿਤ ਕੀਤਾ। ਇਸ ਦੇ ਨਾਲ ਹੀ ਗੁਰਦੁਆਰਾ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਵੀ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਸਤਪਾਲ ਸਿੰਘ ਤਲਵੰਡੀ ਭਾਈ, ਸ. ਗੁਰਮੇਲ ਸਿੰਘ ਸੰਗਤਪੁਰਾ ਅਤੇ ਸ. ਮੱਖਣ ਸਿੰਘ ਤੋਂ ਇਲਾਵਾ ਸ. ਅਰਸ਼ਦੀਪ ਸਿੰਘ ਗਿੱਲ ਐਸ.ਪੀ., ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਕੇਵਲ ਸਿੰਘ ਭੂਰਾਕੋਹਨਾ, ਸ. ਪ੍ਰੀਤਪਾਲ ਸਿੰਘ ਲੀਗਲ ਐਡਵਾਈਜ਼ਰ, ਸ. ਦਰਸ਼ਨ ਸਿੰਘ ਪੀ.ਏ., ਸ. ਗੁਰਜੀਤ ਸਿੰਘ ਖ਼ਾਲਸਾ, ਸ. ਸੁਖਦੇਵ ਸਿੰਘ ਸਾਬਕਾ ਪ੍ਰਧਾਨ, ਸ. ਸੁਖਮੰਦਰ ਸਿੰਘ ਪ੍ਰਧਾਨ ਗੁਰਦੁਆਰਾ ਕਮੇਟੀ, ਸ. ਗੁਰਚਰਨ ਸਿੰਘ ਸਰਪੰਚ ਧੂੜਕੋਟ, ਸ. ਦਿਲਬਾਗ ਸਿੰਘ ਵਿਰਕ ਜਨਰਲ ਸਕੱਤਰ ਸਿੱਖ ਸਟੂਡੈਂਟਸ ਫੈਡਰੇਸ਼ਨ, ਸ. ਮਨਪ੍ਰੀਤ ਸਿੰਘ, ਸ. ਗੁਰਫਤਹਿ ਸਿੰਘ, ਸ. ਗੁਰਪ੍ਰੀਤ ਸਿੰਘ, ਸ. ਗੁਰਪ੍ਰੀਤ ਸਿੰਘ ਮਨੀਲਾਵਾਲੇ, ਸ. ਮੰਗਲ ਸਿੰਘ ਨੰਗਲ, ਡਾ. ਹਰਭਜਨ ਸਿੰਘ, ਸ. ਹਰਫੂਲ ਸਿੰਘ, ਸ. ਅਜਮੇਰ ਸਿੰਘ, ਸ. ਹਰਜਿੰਦਰ ਸਿੰਘ, ਸ. ਨਾਇਬ ਸਿੰਘ, ਸ. ਗੁਰਚਰਨ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ। (27 ਮਾਰਚ)

## ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਫਰਾਂਸ ਦੇ ਰਾਸ਼ਟਰਪਤੀ ਨੂੰ ਫਰਾਂਸ ਵਿਚ ਵੱਸਦੇ ਸਿੱਖਾਂ ਦੇ ਮਸਲੇ ਹੱਲ ਕਰਨ ਲਈ ਕੀਤੀ ਅਪੀਲ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਫਰਾਂਸ ਦੇ ਰਾਸ਼ਟਰਪਤੀ ਮੈਕਰੋਨ ਦੀ ਭਾਰਤ ਫੇਰੀ ਮੌਕੇ ਫਰਾਂਸ ਵਿਚ ਰਹਿੰਦੇ ਸਿੱਖਾਂ ਦੇ ਮਸਲੇ ਹੱਲ ਕਰਨ ਲਈ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਫਰਾਂਸ ਵਿਚ 2004 'ਚ ਦਸਤਾਰ ਸਬੰਧੀ ਪਾਬੰਦੀ ਤੋਂ ਬਾਅਦ ਸਿੱਖ ਭਾਈਚਾਰੇ ਦੇ ਲੋਕ ਲੰਮੇ ਸਮੇਂ ਤੋਂ ਸੰਘਰਸ਼ ਕਰਦੇ ਆ ਰਹੇ ਹਨ ਪਰ ਫਰਾਂਸ ਸਰਕਾਰ ਵੱਲੋਂ ਅਜੇ ਤਕ ਇਹ ਮਸਲਾ ਜਿਉਂ ਦਾ ਤਿਉਂ ਲਟਕਾਇਆ ਜਾ ਰਿਹਾ ਹੈ। ਦੱਸਣਯੋਗ ਹੈ ਕਿ ਦਸਤਾਰ 'ਤੇ ਪਾਬੰਦੀ ਲੱਗਣ ਉਪਰੰਤ ਫਰਾਂਸ ਦੇ ਸਾਰੇ ਸਰਕਾਰੀ ਦਸਤਾਵੇਜ਼ ਪਾਸਪੋਰਟ, ਡਰਾਈਵਿੰਗ ਲਾਇਸੈਂਸ, ਹੈਲਥ ਕਾਰਡ, ਬੱਸ ਪਾਸ ਤੇ ਸਕੂਲ ਪਹਿਚਾਣ ਪੱਤਰ ਆਦਿ ਉਪਰ ਬਿਨਾਂ ਦਸਤਾਰ ਵਾਲੀ ਫੋਟੋ ਲਗਾਉਣੀ ਜ਼ਰੂਰੀ ਕੀਤੀ ਗਈ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਦਸਤਾਰ ਸਿੱਖਾਂ ਦਾ ਧਾਰਮਿਕ ਚਿੰਨ੍ਹ ਹੋਣ ਕਰਕੇ ਮਾਣ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਦਸਤਾਰ ਕਲਗੀਧਰ ਦਸਮੇਸ਼ ਪਿਤਾ ਵੱਲੋਂ ਸਿੱਖ ਨੂੰ ਬਖਸ਼ਿਆ ਗਿਆ ਤਾਜ ਹੈ ਤੇ ਦਸਤਾਰ ਨਾਲ ਹੀ ਸਿੱਖ ਦੀ ਵਿਲੱਖਣ ਪਹਿਚਾਣ ਹੈ।

ਪਰ ਫਰਾਂਸ ਦੀ ਸਰਕਾਰ ਵੱਲੋਂ ਕੋਈ ਵੀ ਸਰਕਾਰੀ ਨੌਕਰੀ ਹਾਸਲ ਕਰਨ ਲਈ ਦਸਤਾਰ ਉਤਾਰਨੀ ਜ਼ਰੂਰੀ ਕੀਤੀ ਗਈ ਹੈ ਜੋ ਠੀਕ ਨਹੀਂ ਹੈ। ਇਥੋਂ ਤਕ ਕਿ ਸਕੂਲ ਵਿਚ ਪੜ੍ਹਦੇ ਸਿੱਖ ਬੱਚਿਆਂ ਦੇ ਪਟਕਾ ਬੰਨ੍ਹਣ 'ਤੇ ਵੀ ਮਨਾਹੀ ਹੈ। ਯਾਦ ਰਹੇ ਕਿ ਪਹਿਲੀ ਸੰਸਾਰ ਜੰਗ ਵਿਚ ਸਿੱਖਾਂ ਨੇ ਫਰਾਂਸ ਵੱਲੋਂ ਸਿੱਖੀ ਸਰੂਪ ਵਿਚ ਹੀ ਜੰਗ ਲੜੀ ਸੀ ਪਰ ਫਰਾਂਸ ਸਰਕਾਰ ਦਾ ਇਹ ਵਤੀਰਾ ਸਿੱਖਾਂ ਵਿਚ ਭਾਰੀ ਪ੍ਰੇਸ਼ਾਨੀ ਦਾ ਕਾਰਨ ਬਣਿਆ ਹੋਇਆ ਹੈ।

ਉਨ੍ਹਾਂ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਤੇ ਵਿਦੇਸ਼ ਮੰਤਰੀ ਸ੍ਰੀਮਤੀ ਸੁਸ਼ਮਾ ਸਵਰਾਜ ਨੂੰ ਫਰਾਂਸ ਵਿਚ ਸਿੱਖਾਂ ਨੂੰ ਦਰਪੇਸ਼ ਮਸਲਿਆਂ ਦਾ ਕੋਈ ਠੋਸ ਹੱਲ ਕੱਢਣ ਲਈ ਫਰਾਂਸ ਦੇ ਰਾਸ਼ਟਰਪਤੀ ਮੈਕਰੋਨ ਦੀ ਭਾਰਤ ਫੇਰੀ ਦੌਰਾਨ ਗੱਲਬਾਤ ਲਈ ਫੌਰੀ ਹੱਲ ਕੱਢਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਕੇਵਲ ਦਸਤਾਰ ਹੀ ਨਹੀਂ ਬਲਕਿ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਬਖਸ਼ੇ ਪੰਜ ਕੱਕਾਰ ਵੀ ਸਿੱਖ ਨੂੰ ਪਹਿਨਣ ਦੀ ਇਜਾਜ਼ਤ ਦੇਣੀ ਚਾਹੀਦੀ ਹੈ।

(10 ਮਾਰਚ)

# ਪਿੰਡਾਂ ਦੀਆਂ ਸੱਥਾਂ, ਕਲੱਬਾਂ ਅਤੇ ਘਰਾਂ ਤੱਕ ਪਹੁੰਚ ਕਰਕੇ ਦਿੱਤੀ ਜਾ ਰਹੀ ਹੈ ਗੁਰਮਤਿ ਦੀ ਜਾਣਕਾਰੀ

ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ 'ਧਰਮ ਪ੍ਰਚਾਰ ਲਹਿਰ' ਤਹਿਤ ਪਿੰਡਾਂ ਵਿਚ ਗੁਰਮਤਿ ਸਮਾਗਮ ਕੀਤੇ ਜਾ ਰਹੇ ਹਨ। ਇਨ੍ਹਾਂ ਗੁਰਮਤਿ ਸਮਾਗਮਾਂ ਸਮੇਂ ਜਿਥੇ ਗੁਰਦੁਆਰਾ ਸਾਹਿਬਾਨ ਵਿਚ ਸੰਗਤਾਂ ਨੂੰ ਗੁਰ-ਇਤਿਹਾਸ ਅਤੇ ਸਿੱਖੀ ਸਿਧਾਤਾਂ ਨਾਲ ਜੋੜਿਆ ਜਾ ਰਿਹਾ ਹੈ, ਉਥੇ ਪਿੰਡਾਂ ਦੀਆਂ ਸੱਥਾਂ, ਕਲੱਬਾਂ, ਗਰਾਊਂਡਾਂ ਅਤੇ ਘਰਾਂ ਵਿਚ ਪਹੁੰਚ ਕਰਕੇ ਨੌਜਵਾਨਾਂ ਨੂੰ ਕੇਸਾਂ ਦੀ ਮਹਾਨਤਾ ਅਤੇ ਨਸ਼ਿਆਂ ਤੋਂ ਦੂਰ ਰਹਿਣ ਬਾਰੇ ਜਾਣੂੰ ਕਰਵਾਇਆ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਅਨੁਸਾਰ ਆਰੰਭੀ ਗਈ ਇਸ ਲਹਿਰ ਦੇ ਸਾਰਥਿਕ ਨਤੀਜੇ ਸਾਹਮਣੇ ਆ ਰਹੇ ਹਨ। ਪਿੰਡ-ਪਿੰਡ ਜਾ ਕੇ ਡਿਊਟੀ ਰੂਪੀ ਸੇਵਾ ਨਿਭਾਅ ਰਹੇ ਸ਼੍ਰੋਮਣੀ ਕਮੇਟੀ ਦੇ ਪ੍ਰਚਾਰਕ, ਢਾਡੀ ਅਤੇ ਕਵੀਸ਼ਰ ਸਾਹਿਬਾਨ ਵੱਲੋਂ ਪੁੱਜ ਰਹੀਆਂ ਰਿਪੋਰਟਾਂ ਅਨੁਸਾਰ ਜਿਥੇ ਬਹੁਤ ਸਾਰੀ ਸੰਗਤ ਅੰਮ੍ਰਿਤ ਛੱਕ ਕੇ ਗੁਰੂ ਵਾਲੀ ਬਣ ਰਹੀ ਹੈ, ਉਥੇ ਪਤਿਤ ਨੌਜਵਾਨ ਇਤਿਹਾਸ ਦੀ ਜਾਣਕਾਰੀ ਪ੍ਰਾਪਤ ਕਰ ਕੇਸ ਰੱਖਣ ਦਾ ਪ੍ਰਣ ਕਰ ਰਹੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਅਤੇ ਧਰਮ ਪ੍ਰਚਾਰ ਕਮੇਟੀ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਚੁਫੇਰਿਓਂ ਪ੍ਰਸ਼ੰਸਾ ਹੋਰ ਰਹੀ ਹੈ। ਕੌਮੀ ਚਿੰਤਕ ਲੋਕ ਇਸਨੂੰ ਸਹੀ ਫੈਸਲਾ ਮੰਨਦੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਸਿੱਖੀ ਤੋਂ ਦੂਰ ਜਾ ਰਹੇ ਨੌਜਵਾਨ ਗੁਰਦੁਆਰਾ ਸਾਹਿਬ ਵਿਖੇ ਆ ਕੇ ਦੀਵਾਨ ਵਿਚ ਹਾਜ਼ਰੀ ਨਹੀਂ ਭਰਦੇ, ਇਸ ਲਈ ਉਨ੍ਹਾਂ ਤੱਕ ਪਹੁੰਚ ਕਰਕੇ ਉਨ੍ਹਾਂ ਨੂੰ ਸਿੱਖੀ ਦੇ ਕਲਾਵੇ ਵਿਚ ਲੈਣ ਦਾ ਇਹ ਇੱਕ ਨਿੱਘਾ ਤੇ ਪ੍ਰਭਾਵਸ਼ਾਲੀ ਉਪਰਾਲਾ ਹੈ।














ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੀਰੋ ਕਲਾਂ (ਮਾਨਸਾ) ਵਿਖੇ 'ਖ਼ਾਲਸਾ ਮੇਰੋ ਰੂਪ ਹੈ ਖਾਸ' ਨਾਟਕ ਧਰਮ ਪ੍ਰਚਾਰ ਕਮੇਟੀ ਦੀ ਟੀਮ ਵੱਲੋਂ ਪੇਸ਼ ਕੀਤਾ ਗਿਆ।




ਮਾਲਵਾ ਜ਼ੋਨ ਦੇ ਪਿੰਡ ਫਫੜੇ ਭਾਈ ਕੇ ਦੇ ਸਕੂਲ ਵਿਖੇ ਧਰਮ ਪ੍ਰਚਾਰ ਕਮੇਟੀ ਦੀ ਨਾਟਕ ਟੀਮ ਦੁਆਰਾ ਖੇਡੇ ਗਏ ਧਾਰਮਿਕ ਨਾਟਕ 'ਸਿੰਘ ਸੂਰਮੇ' ਦੀ ਪੇਸ਼ਕਾਰੀ ਕਰਦੇ ਹੋਏ ਟੀਮ ਦੇ ਮੈਂਬਰ।



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਮਾਝਾ ਜ਼ੋਨ ਦੇ ਪਿੰਡ ਤੂਤ ਦੇ ਇੱਕ ਸਕੂਲ ਵਿਖੇ ਬੱਚਿਆਂ ਨੂੰ ਗੁਰਮਤਿ ਦੀ ਜਾਣਕਾਰੀ ਦਿੰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਖਜਾਨ ਸਿੰਘ।




ਧਰਮ ਪ੍ਰਚਾਰ ਕਮੇਟੀ ਵੱਲੋਂ ਕਰਵਾਏ ਅੰਮ੍ਰਿਤ ਸੰਚਾਰ ਦੌਰਾਨ ਕ੍ਰਮਵਾਰ ਹਲਕਾ ਬੱਲੂਆਣਾ (ਬਠਿੰਡਾ) ਵਿਚ 26 ਪ੍ਰਾਣੀਆਂ ਅਤੇ ਗੁਰਦੁਆਰਾ ਬਾਬਾ ਬੀਰ ਸਿੰਘ ਜੀ ਬਾਬਾ ਧੀਰ ਸਿੰਘ ਜੀ ਤਲਵੰਡੀ ਸਾਬੋ ਵਿਚ 243 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।



ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਗੁਰਦੁਆਰਾ ਬਾਬਾ ਭੂਰੀਵਾਲਾ ਹੈਬੋਵਾਲ ਕਲਾਂ (ਲੁਧਿਆਣਾ) ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਪ੍ਰਿਤਪਾਲ ਸਿੰਘ, ਪ੍ਰਚਾਰਕ ਸਾਹਿਬਾਨ ਤੇ ਸੰਗਤਾਂ।

# ਤਸਵੀਰਾਂ ਦੀ ਜ਼ੁਬਾਨੀ



ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਾਝਾ ਜ਼ੋਨ ਦੇ ਕਸਬਾ ਕਾਦੀਆਂ (ਹਲਕਾ ਬਟਾਲਾ) ਵਿਖੇ ਕਰਵਾਏ ਗਏ ਅੰਮ੍ਰਿਤ-ਸੰਚਾਰ ਸਮਾਗਮ ਸਮੇਂ 41 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਧਰਮ ਪ੍ਰਚਾਰ ਕਮੇਟੀ ਵੱਲੋਂ ਪਿੰਡ ਦੇਹਲਾਂ ਸੀਹਾਂ (ਸੰਗਰੂਰ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 65 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।

## ਸਿਕਲੀਗਰ ਭਾਈਚਾਰੇ ਦੇ ਬੱਚਿਆਂ ਦੀਆਂ ਸ਼੍ਰੋਮਣੀ ਕਮੇਟੀ ਨੇ ਫ਼ੀਸਾਂ ਜਮ੍ਹਾਂ ਕਰਵਾਈਆਂ





ਸ੍ਰੀ ਅੰਮ੍ਰਿਤਸਰ- ਸ਼੍ਰੋਮਣੀ ਕਮੇਟੀ ਵਲੋਂ ਸਿਕਲੀਗਰ ਭਾਈਚਾਰੇ ਦੀ ਸਿੱਖ ਧਰਮ ਪ੍ਰਤੀ ਪ੍ਰਪੱਕਤਾ ਨੂੰ ਦੇਖਦੇ ਹੋਏ ਉਨ੍ਹਾਂ ਦੇ ਬੱਚਿਆਂ ਦੀ ਪੜ੍ਹਾਈ ਦਾ ਜਿੰਮਾ ਚੁੱਕਿਆ ਗਿਆ ਹੈ, ਜਿਸ ਦੇ ਤਹਿਤ ਸ਼੍ਰੋਮਣੀ ਕਮੇਟੀ ਧਰਮ ਪ੍ਰਚਾਰ ਵਿੰਗ ਵਲੋਂ ਆਂਧਰਾ ਪ੍ਰਦੇਸ਼ ਦੇ ਵਿਸ਼ਾਖਾਪਟਨਮ ਵਿਖੇ 84 ਬੱਚਿਆਂ ਦੀ 7 ਲੱਖ 92 ਹਜ਼ਾਰ 125 ਰੁਪਏ ਫ਼ੀਸ ਜਮ੍ਹਾਂ ਕਰਵਾਈ ਗਈ। ਇਸ ਬਾਰੇ ਗੱਲਬਾਤ ਕਰਦਿਆਂ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸੁਖਵਰਸ਼ ਸਿੰਘ ਪੰਨੂੰ ਨੇ ਦੱਸਿਆ ਕਿ ਆਂਧਰਾ ਪ੍ਰਦੇਸ਼ ਦੇ ਪ੍ਰਧਾਨ ਦਿਲਸ਼ਾਦ ਸਿੰਘ ਆਨੰਦ ਵਲੋਂ ਸ਼੍ਰੋਮਣੀ ਕਮੇਟੀ ਨੂੰ ਪੱਤਰ ਲਿਖ ਕੇ ਮੰਗ ਕੀਤੀ ਗਈ ਸੀ ਕਿ ਸਿਕਲੀਗਰ ਭਾਈਚਾਰੇ ਦੇ ਬੱਚਿਆਂ ਦੀ ਪੜ੍ਹਾਈ ਦਾ ਜਿੰਮਾ ਸ਼੍ਰੋਮਣੀ ਕਮੇਟੀ ਆਪਣੇ ਉੱਪਰ ਲਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ਼੍ਰੋਮਣੀ ਕਮੇਟੀ ਵਲੋਂ ਸੁਖਵਰਸ਼ ਸਿੰਘ ਪੰਨੂੰ ਮੈਂਬਰ ਧਰਮ ਪ੍ਰਚਾਰ ਕਮੇਟੀ, ਗੁਰਮੀਤ ਸਿੰਘ ਇੰਚਾਰਜ਼ ਛੱਤੀਸਗੜ੍ਹ, ਗੁਰਿੰਦਰ ਸਿੰਘ ਠਰੂ ਧਰਮ ਪ੍ਰਚਾਰ ਕਮੇਟੀ ਅੰਮ੍ਰਿਤਸਰ ਨੂੰ ਇਸ ਕਾਰਜ਼ ਲਈ ਭੇਜਿਆ। ਇਸ ਵਫਦ ਨੇ ਸ. ਦਿਲਸ਼ਾਦ ਸਿੰਘ ਆਨੰਦ ਪ੍ਰਧਾਨ ਵਿਸ਼ਾਖਾਪਟਨਮ ਨੂੰ ਨਾਲ ਲੈ ਕੇ ਸ਼੍ਰੋਮਣੀ ਕਮੇਟੀ ਵਲੋਂ ਭੇਜੀ ਗਈ 7 ਲੱਖ 92 ਹਜ਼ਾਰ 125 ਰੁਪਏ ਦੀ ਰਾਸ਼ੀ ਸਿਕਲੀਗਰ ਭਾਈਚਾਰੇ ਦੇ ਬੱਚਿਆਂ ਦੀਆਂ ਫ਼ੀਸਾਂ ਵਜੋਂ ਵੱਖ-ਵੱਖ ਸਕੂਲਾਂ ਵਿਚ ਜਮ੍ਹਾਂ ਕਰਵਾਈ।



## ਮਾਝਾ ਜੋਨ ਦੇ ਹਲਕਾ ਨੌਸ਼ਿਹਰਾ ਪੰਨੂਆ ਦੇ ਪਿੰਡ ਸਖੀਰਾ ਵਿਖੇ ਗੁਰਮਤਿ ਅਤੇ ਅੰਮ੍ਰਿਤ ਸੰਚਾਰ ਸਮਾਗਮ



ਨੌਸ਼ਿਹਰਾ ਪੰਨੂਆ - ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਹਲਕਾ ਨੌਸ਼ਿਹਰਾ ਪੰਨੂਆ ਦੇ ਪਿੰਡ ਸਖੀਰਾ ਵਿਖੇ ਗੁਰਮਤਿ ਅਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂਵਾਲਾ ਦੀ ਅਗਵਾਈ ਵਿਚ ਗੁਰਦੁਆਰਾ ਬਾਬਾ ਮਾਈ ਦਾਸ ਦੇ ਪ੍ਰਬੰਧਕਾਂ ਅਤੇ ਪਿੰਡ ਸਖੀਰਾ ਦੀ ਪੰਚਾਇਤ ਦੇ ਸਹਿਯੋਗ ਨਾਲ ਹੋਏ ਇਸ ਸਮਾਗਮ ਵਿਚ ਗਿਆਨੀ ਜਸਵੰਤ ਸਿੰਘ ਸਾਬਕਾ ਗ੍ਰੰਥੀ ਸ੍ਰੀ ਦਰਬਾਰ ਸਾਹਿਬ, ਭਾਈ ਕਰਨੈਲ ਸਿੰਘ ਤੇ ਭਾਈ ਸਤਿੰਦਰਬੀਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਪ੍ਰਚਾਰਕ ਭਾਈ ਸੁਰਜੀਤ ਸਿੰਘ ਸਭਰਾ, ਭਾਈ ਗੁਰਬਚਨ ਸਿੰਘ ਕਲਸੀਆਂ ਨੇ ਸੰਗਤਾਂ ਨੂੰ ਗੁਰਬਾਣੀ ਗੁਰ-ਇਤਿਹਾਸ ਨਾਲ ਜੋੜਿਆ। ਇਸ ਸਮਾਗਮ ਤੋਂ ਪਹਿਲਾਂ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਹੀਰਾ ਸਿੰਘ ਮਨਿਹਾਲਾ, ਭਾਈ ਸੁਖਬੀਰ ਸਿੰਘ ਮਾਨੋਚਾਹਲ, ਕਵੀਸ਼ਰ ਭਾਈ ਭਗਵਾਨ ਸਿੰਘ ਸੂਰਵਿੰਡ ਅਤੇ ਸਰਪੰਚ ਸ. ਨਿਸ਼ਾਨ ਸਿੰਘ ਸਖੀਰਾ ਨੇ ਵੱਖ-ਵੱਖ ਪਿੰਡਾਂ ਵਿਚ ਸੰਗਤਾਂ ਨੂੰ ਅੰਮ੍ਰਿਤ ਛੱਕਣ ਲਈ ਪ੍ਰੇਰਿਆ। ਇਸ ਸਮੇਂ ਹੋਏ ਅੰਮ੍ਰਿਤ ਸੰਚਾਰ ਸਮਾਗਮ ਵਿਚ 78 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਕਕਾਰ ਧਰਮ ਪਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂਵਾਲਾ ਨੇ ਅੰਮ੍ਰਿਤ ਛੱਕਣ ਵਾਲੇ ਪ੍ਰਾਣੀਆਂ ਨੂੰ ਵਧਾਈ ਦਿੱਤੀ।

ਇਸ ਸਮਾਗਮ ਵਿਚ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਖੁਸਵਿੰਦਰ ਸਿੰਘ ਪੱਟੀ, ਸ. ਸੁਖਵਰਸ਼ ਸਿੰਘ ਨੌਸ਼ਿਹਰਾ ਪੰਨੂਆਂ ਨੇ ਵਿਸ਼ੇਸ ਤੌਰ ਤੇ ਹਾਜ਼ਰੀ ਭਰੀ। ਇਸ ਮੌਕੇ ਪ੍ਰਿੰਸ਼ੀਪਲ ਸੁੱਖਾ ਸਿੰਘ, ਸ. ਸਤਨਾਮ ਸਿੰਘ ਸਰਹਾਲੀ, ਸ. ਜੱਸਾ ਸਿੰਘ ਮੈਨੇਜਰ, ਸ. ਭਗਵਾਨ ਸਿੰਘ ਸਰਪੰਚ ਨਿਸ਼ਾਨ ਸਿੰਘ ਸਖੀਰਾ, ਸ. ਕਰਨੈਲ ਸਿੰਘ ਪ੍ਰਧਾਨ, ਸ. ਮਲਕੀਤ ਸਿੰਘ ਗ੍ਰੰਥੀ, ਸ. ਸੁਖਜੀਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।



ਗੁਰਦੁਆਰਾ ਸਾਹਿਬ ਪਾ: ਛੇਵੀਂ ਨਡਾਲਾ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 30 ਪ੍ਰਾਣੀਆਂ ਨੇ ਅੰਮ੍ਰਿਤ ਛਕਿਆ।



ਗੁਰਦੁਆਰਾ ਬਾਬਾ ਬੁੱਢਾ ਸਾਹਿਬ ਜੀ ਰਮਦਾਸ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 100 ਪ੍ਰਾਣੀਆਂ ਨੇ ਅੰਮ੍ਰਿਤ ਛਕਿਆ।

## ਧਰਮ ਪ੍ਰਚਾਰ ਲਹਿਰ ਤਹਿਤ ਕਰਵਾਏ ਜਾਂਦੇ ਹਫਤਾਵਾਰੀ ਸਮਾਗਮਾਂ ਸਮੇਂ ਕਾਫਲਿਆਂ ਦੇ ਰੂਪ ਵਿਚ ਸ਼ਾਮਲ ਹੁੰਦੀਆਂ ਸੰਗਤਾਂ













## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਚੌਗਿਰਦੇ ਵਿਚ ਆਕਸੀਜਨ ਵਾਲੇ ਪੌਦਿਆਂ ਦੇ ਨਾਲ 400 ਕਿਸਮਾਂ ਦੇ ਫੁੱਲ ਪਾਰਕਾਂ ਦਾ ਸ਼ਿੰਗਾਰ ਬਣਨਗੇ- ਡਾ. ਰੂਪ ਸਿੰਘ



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਚੌਗਿਰਦਾ ਸੁੰਦਰ, ਸੁਗੰਧਤ ਬਣਾਉਣ ਅਤੇ ਵਾਤਾਵਰਣ ਅੰਦਰ ਪ੍ਰਦੂਸ਼ਣ ਦੀ ਮਾਤਰਾ ਘਟਾਉਣ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਰਾਮਦਾਸ ਲੰਗਰ ਅਤੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਦੇ ਵਿਚਕਾਰ ਸਥਿਤ ਦੋ ਪਾਰਕਾਂ ਨੂੰ ਖ਼ੂਬਸੂਰਤ ਦਿੱਖ ਦਿੱਤੀ ਜਾਵੇਗੀ, ਜਿਸ ਨੂੰ ਅਮਲ ਵਿਚ ਲਿਆਉਣ ਲਈ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਾਲੀ ਅੰਤ੍ਰਿੰਗ ਕਮੇਟੀ ਨੇ ਪ੍ਰਵਾਨਗੀ ਦੇ ਦਿੱਤੀ ਹੈ। ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਅਤੇ ਬਾਗਬਾਨੀ ਦੇ ਮਾਹਿਰਾਂ ਵੱਲੋਂ ਇੱਕ ਬੈਠਕ ਦੌਰਾਨ ਵਿਚਾਰ-ਵਟਾਂਦਰਾ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਹੋਈ ਇਸ ਇਕੱਤਰਤਾ ਦੌਰਾਨ ਡਾ. ਰੂਪ ਸਿੰਘ ਤੋਂ ਇਲਾਵਾ ਬਾਗਬਾਨੀ ਦੇ ਮਾਹਿਰ ਸੇਵਾਮੁਕਤ ਡਾ. ਜੇ. ਐਸ. ਅਰੋੜਾ ਸਾਬਕਾ ਡੀਨ ਪੰਜਾਬ ਐਗਰੀਕਲਚਰ ਯੂਨੀਵਰਸਿਟੀ ਲੁਧਿਆਣਾ, ਡਾ. ਜਸਵਿੰਦਰ ਸਿੰਘ ਬਿਲਗਾ ਬਾਗਬਾਨੀ ਸਲਾਹਕਾਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਵਾਤਾਵਰਣ ਪ੍ਰੇਮੀ ਸਵਾਮੀ ਜੀ ਹੁਸ਼ਿਆਰਪੁਰ ਵਾਲੇ, ਇੰਜੀਨੀਅਰ ਬੀ. ਐਸ. ਭੁਲਾਣਾ ਅਤੇ ਬਾਬਾ ਸੁਖਵਿੰਦਰ ਸਿੰਘ ਕਾਰ ਸੇਵਾ ਸੰਪ੍ਰਦਾ ਭੂਰੀਵਾਲੇ, ਸੱਕਤਰ ਸ. ਮਨਜੀਤ ਸਿੰਘ ਬਾਠ ਤੇ ਸ. ਜਗਜੀਤ ਸਿੰਘ ਜੱਗੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਕੱਤਰਤਾ ਦੌਰਾਨ ਮਾਹਿਰਾਂ ਨੇ ਪਾਰਕਾਂ ਸਬੰਧੀ ਕੀਤੀ ਵਿਉਂਤਬੰਦੀ ਅਤੇ ਰੂਪ-ਰੇਖਾ ਨੂੰ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਨਾਲ ਸਾਂਝਾ ਕੀਤਾ ਅਤੇ ਇਸ ਤੋਂ ਬਾਅਦ ਉਨ੍ਹਾਂ ਨੇ ਪਾਰਕਾਂ ਦਾ ਨਿਰੀਖਣ ਵੀ ਕੀਤਾ। ਇਸ ਮੌਕੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਅੰਤ੍ਰਿੰਗ ਕਮੇਟੀ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਨਜ਼ਦੀਕ ਇਨ੍ਹਾਂ ਦੋਹਾਂ ਪਾਰਕਾਂ ਨੂੰ ਖ਼ੂਬਸੂਰਤ ਢੰਗ ਨਾਲ ਸਜਾਉਣ ਲਈ ਮਤਾ ਪਾਸ ਕੀਤਾ ਗਿਆ ਹੈ ਅਤੇ ਜਲਦੀ ਹੀ ਇਨ੍ਹਾਂ ਨੂੰ ਨਵਿਆਉਣ ਦਾ ਕਾਰਜ ਆਰੰਭ ਕਰ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪਾਰਕਾਂ ਨੂੰ ਤਿਆਰ ਕਰਨ ਦੀ ਕਾਰ ਸੇਵਾ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਵੱਲੋਂ ਕੀਤੀ ਜਾਵੇਗੀ। ਡਾ. ਰੂਪ ਸਿੰਘ ਨੇ ਕਿਹਾ ਕਿ ਇਸ ਸਬੰਧੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਬਾਗਬਾਨੀ ਮਾਹਿਰ ਡਾ. ਜਸਵਿੰਦਰ ਸਿੰਘ ਬਿਲਗਾ ਅਤੇ ਪੰਜਾਬ ਐਗਰੀਕਲਚਰ ਯੂਨੀਵਰਸਿਟੀ ਦੇ ਸਾਬਕਾ ਡੀਨ ਡਾ. ਜੇ. ਐਸ. ਅਰੋੜਾ ਦੀਆਂ ਸਲਾਹਕਾਰ ਵਜੋਂ ਸੇਵਾਵਾਂ ਲਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਪਾਰਕਾਂ ਵਿਚ ਚਾਰ ਸਤੰਬ ਬਣਾਏ ਜਾਣਗੇ ਅਤੇ ਹਰ ਸਤੰਬ ਦਾ ਘੇਰਾ 20 ਫੁੱਟ ਹੋਵੇਗਾ। ਸਤੰਬ ਦੇ 10 ਸਟੈੱਪ ਹੋਣਗੇ ਅਤੇ ਹਰ ਸਟੈੱਪ ਇੱਕ-ਇੱਕ ਫੁੱਟ ਦਾ ਹੋਵੇਗਾ। ਹਰ ਸਤੰਬ ਦੇ ਉੱਪਰ ਫੁਹਾਰਾ ਸਥਾਪਤ ਕੀਤਾ ਜਾਵੇਗਾ ਅਤੇ ਵਿਸ਼ੇਸ਼ ਲਾਈਟਾਂ ਵੀ ਲਗਾਈਆਂ ਜਾਣਗੀਆਂ। ਡਾ. ਰੂਪ ਸਿੰਘ ਅਨੁਸਾਰ ਪਾਰਕਾਂ ਦੇ ਆਲੇ ਦੁਆਲੇ ਖ਼ੂਬਸੂਰਤ ਕਿਆਰੀਆਂ ਤਿਆਰ ਕਰਕੇ ਇਸ ਵਿਚ ਆਕਸੀਜਨ ਬੰਬ ਦੇ ਨਾਲ-ਨਾਲ ਖ਼ੁਸ਼ਬੂ, ਸੁੰਦਰਤਾ ਅਤੇ ਮੈਡੀਸਨ ਮੁੱਲ ਵਾਲੇ ਪੌਦੇ ਵੀ ਵਿਸ਼ੇਸ਼ ਹੋਣਗੇ। ਉਨ੍ਹਾਂ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਦਾ ਬਹਾਰ ਅਤੇ ਆਕਸੀਜਨ ਵਾਲੇ ਪੌਦਿਆਂ ਤੋਂ ਇਲਾਵਾ ਵੱਖ-ਵੱਖ 400 ਕਿਸਮਾਂ ਦੇ ਫੁੱਲ ਵੀ ਇਨ੍ਹਾਂ ਪਾਰਕਾਂ ਦਾ ਸ਼ਿੰਗਾਰ ਬਣਨਗੇ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਇਹ ਪਾਰਕਾਂ ਜਿਥੇ ਸੰਗਤਾਂ ਦਾ ਮਨ ਮੋਹਣਗੀਆਂ ਉਥੇ ਹੀ ਪ੍ਰਦੂਸ਼ਣ ਦੀ ਰੋਕਥਾਮ ਲਈ ਵੀ ਕਾਰਗਰ ਸਾਬਤ ਹੋਣਗੀਆਂ। (19 ਮਾਰਚ)

## ਅਮਰੀਕੀ ਸੂਬੇ ਦੀ ਵਿਧਾਨ ਸਭਾ 'ਚ ਸਿੱਖਾਂ ਲਈ ਪ੍ਰਸ਼ੰਸਾ ਮਤੇ ਦਾ ਸ਼੍ਰੋਮਣੀ ਕਮੇਟੀ ਵੱਲੋਂ ਸਵਾਗਤ

### ਸਿੱਖਾਂ ਨੇ ਭਾਈਚਾਰਕ ਸਾਂਝ ਦੇ ਗੁਣ ਨਾਲ ਕੌਮਾਂਤਰੀ ਭਾਈਚਾਰੇ ਨੂੰ ਆਪਣੇ ਵੱਲ ਖਿੱਚਿਆ -ਭਾਈ ਲੌਂਗੋਵਾਲ

ਅਮਰੀਕੀ ਸੂਬੇ ਇੰਡੀਆਨਾ ਦੀ ਵਿਧਾਨ ਸਭਾ ਅੰਦਰ ਸਿੱਖਾਂ ਵੱਲੋਂ ਦੇਸ਼ ਦੇ ਵਿਕਾਸ ਲਈ ਪਾਏ ਮਹੱਤਵਪੂਰਨ ਯੋਗਦਾਨ ਲਈ ਪ੍ਰਸੰਸਾ ਦਾ ਮਤਾ ਪਾਸ ਕਰਨਾ ਸਮੁੱਚੀ ਕੌਮ ਲਈ ਮਾਣ ਦੀ ਗੱਲ ਹੈ। ਇਸ ਨਾਲ ਪੂਰੀ ਦੁਨੀਆਂ ਅੰਦਰ ਸਿੱਖਾਂ ਦੀ ਵਿਲੱਖਣ ਪਛਾਣ ਨੂੰ ਹੋਰ ਮਜਬੂਤੀ ਮਿਲੇਗੀ। ਇਹ ਪ੍ਰਗਾਟਾਵਾ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪ੍ਰਸੰਨਤਾ ਨਾਲ ਕਿਹਾ ਕਿ ਅੱਜ ਪੂਰੀ ਦੁਨੀਆਂ ਅੰਦਰ ਸਿੱਖਾਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਹੋ ਰਹੀ ਹੈ ਅਤੇ ਸਿੱਖਾਂ ਨੂੰ ਇਹ ਮਾਣ ਗੁਰੂ ਬਖਸ਼ੀ ਜੀਵਨ ਜਾਚ ਨਾਲ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦੀ ਵਿਚਾਰਧਾਰਾ ਤੇ ਚੱਲਦਿਆਂ ਸਿੱਖਾਂ ਨੇ ਜਿਥੇ ਵੱਖ-ਵੱਖ ਦੇਸ਼ਾਂ ਦੀ ਤਰੱਕੀ ਤੇ ਖੁਸ਼ਹਾਲੀ ਵਿਚ ਯੋਗਦਾਨ ਪਾਇਆ ਹੈ, ਉਥੇ ਹੀ ਇਨ੍ਹਾਂ ਨੇ ਭਾਈਚਾਰਕ ਸਾਂਝ ਦੇ ਗੁਣ ਨਾਲ ਕੌਮਾਂਤਰੀ ਭਾਈਚਾਰੇ ਨੂੰ ਵੀ ਆਪਣੇ ਵੱਲ ਖਿੱਚਿਆ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਅਮਰੀਕੀ ਸੂਬੇ ਇੰਡੀਆਨਾ ਦੀ ਵਿਧਾਨ ਸਭਾ ਦੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਇਸ ਪ੍ਰਾਪਤੀ ਲਈ ਸਿੱਖ ਭਾਈਚਾਰੇ ਨੂੰ ਵਧਾਈ ਦਿੱਤੀ ਹੈ। (01 ਮਾਰਚ)

## ਦੋਆਬਾ ਜੋਨ ਦੀ ਧਰਮ ਪ੍ਰਚਾਰ ਲਹਿਰ ਸਬੰਧੀ ਹੋਈ ਇਕੱਤਰਤਾ



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਨੂੰ ਪ੍ਰਚੰਡ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਅਤੇ ਡਾ. ਪਰਮਜੀਤ ਸਿੰਘ ਸਰੋਆ ਵੱਲੋਂ ਅੱਜ ਗੁਰਦੁਆਰਾ ਸ੍ਰੀ ਚਰਨਕੰਵਲ ਸਾਹਿਬ ਬੰਗਾ ਵਿਖੇ ਪ੍ਰਚਾਰਕਾਂ ਤੇ ਢਾਡੀ-ਕਵੀਸ਼ਰਾਂ ਨਾਲ ਇਕ ਇਕੱਤਰਤਾ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਨੇ ਜਿਥੇ ਪ੍ਰਚਾਰਕਾਂ ਨੂੰ ਪਿੰਡਾਂ, ਸ਼ਹਿਰਾਂ ਤੇ ਕਸਬਿਆਂ ਅੰਦਰ ਗੁਰਮਤਿ ਪ੍ਰਚਾਰ ਲਈ ਉਤਸ਼ਾਹ ਨਾਲ ਕਾਰਜ ਕਰਨ ਦੀ ਪ੍ਰੇਰਣਾ ਕੀਤੀ, ਉਥੇ ਹੀ ਪ੍ਰਚਾਰਕ ਸ਼੍ਰੇਣੀ ਪਾਸੋਂ ਪ੍ਰਚਾਰ ਕਾਰਜਾਂ ਦੌਰਾਨ ਆਉਂਦੀਆਂ ਸਮੱਸਿਆਵਾਂ ਵੀ ਸੁਣੀਆਂ। ਇਸ ਦੌਰਾਨ ਸ. ਦਿਲਜੀਤ ਸਿੰਘ ਬੇਦੀ ਨੇ ਕਿਹਾ ਕਿ ਗੁਰਦੁਆਰਾ ਸਾਹਿਬਾਨ ਅੰਦਰ ਪ੍ਰਚਾਰ ਦੇ ਨਾਲ-ਨਾਲ ਸਕੂਲਾਂ ਕਾਲਜਾਂ ਵਿਚ ਵੀ ਸਵੇਰ ਦੀ ਸਭਾ ਦੌਰਾਨ ਵਿਦਿਆਰਥੀਆਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ ਜਾਣ ਅਤੇ ਸਕੂਲਾਂ ਅਮਦਰ ਗੁਰਮਤਿ ਦੇ ਫਲਸਫੇ ਦਾ ਪ੍ਰਚਾਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਧਰਮ ਪ੍ਰਚਾਰ ਲਹਿਰ ਨੂੰ ਜ਼ਮੀਨੀ ਪੱਧਰ 'ਤੇ ਪ੍ਰਚੰਡ ਕਰਨ ਲਈ ਸੰਯੁਕਤ ਯਤਨ ਆਰੰਭਣੇ ਅਤੀ ਜ਼ਰੂਰੀ ਹਨ। ਉਨ੍ਹਾਂ ਪ੍ਰਚਾਰਕ ਸ਼੍ਰੇਣੀ ਨੂੰ ਸੰਗਤਾਂ ਨਾਲ ਸੰਵਾਦ ਵਿਧੀ ਰਾਹੀਂ ਧਰਮ ਪ੍ਰਚਾਰ ਕਾਰਜ ਕਰਨ ਲਈ ਵੀ ਪ੍ਰੇਰਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਉਪ ਦਫ਼ਤਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਦੇ ਵਧੀਕ ਸਕੱਤਰ ਡਾ. ਪਰਮਜੀਤ ਸਿੰਘ ਸਰੋਆ ਨੇ ਦੋਆਬਾ, ਹਿਮਾਚਲ ਅਤੇ ਚੰਡੀਗੜ੍ਹ ਖੇਤਰਾਂ ਵਿਚ ਚੱਲ ਰਹੇ ਧਰਮ ਪ੍ਰਚਾਰ ਕਾਰਜਾਂ ਤੇ ਤਸੱਲੀ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਦੋਆਬਾ ਜੋਨ ਦੇ ਪ੍ਰਚਾਰ ਇੰਚਾਰਜ ਭਾਈ ਸਰਬਜੀਤ ਸਿੰਘ ਢੋਟੀਆਂ ਨੇ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਪ੍ਰਚਾਰਕ, ਢਾਡੀ ਤੇ ਕਵੀਸ਼ਰ ਜਥੇ ਵੱਡੀ ਗਿਣਤੀ ਵਿਚ ਮੌਜੂਦ ਸਨ। (09 ਮਾਰਚ)

## ਧਰਮ ਪ੍ਰਚਾਰ ਲਹਿਰ ਤਹਿਤ ਗੁ: ਸ੍ਰੀ ਮੰਜੀ ਸਾਹਿਬ ਵਿਖੇ ਹਫਤਾਵਾਰੀ ਗੁਰਮਤਿ ਸਮਾਗਮ

### ਸ੍ਰੀ ਅਕਾਲ ਤਖਤ ਸਾਹਿਬ ਵਿਖੇ ਅੰਮ੍ਰਿਤ ਸੰਚਾਰ ਵਿੱਚ 269 ਪ੍ਰਾਣੀ ਗੁਰੂ ਵਾਲੇ ਬਣੇ



ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਲਹਿਰ ਤਹਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਹਫਤਾਵਾਰੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਹਜ਼ੂਰੀ ਰਾਗੀ ਭਾਈ ਨਰਿੰਦਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਭਾਈ ਸ਼ਮਸ਼ੇਰ ਸਿੰਘ ਦੇ ਢਾਡੀ ਜਥੇ ਤੇ ਭਾਈ ਗੁਰਜੀਤ ਸਿੰਘ ਦੇ ਕਵੀਸ਼ਰ ਜਥੇ ਨੇ ਗੁਰ ਇਤਿਹਾਸ ਸਰਵਣ ਕਰਵਾਇਆ। ਇਸ ਤੋਂ ਇਲਾਵਾ ਪ੍ਰਚਾਰਕ ਭਾਈ ਬਲਵੰਤ ਸਿੰਘ, ਭਾਈ ਸੁਰਜੀਤ ਸਿੰਘ ਸਭਰਾ, ਭਾਈ ਲਵਪ੍ਰੀਤ ਸਿੰਘ ਤੇ ਭਾਈ ਇੰਦਰਜੀਤ ਸਿੰਘ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਸੰਗਤਾਂ ਨੂੰ ਬਾਣੀ ਤੇ ਬਾਣੇ ਨਾਲ ਜੁੜਨ ਦੀ ਪ੍ਰੇਰਨਾ ਕੀਤੀ। ਸਮਾਗਮ ਦੌਰਾਨ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਅਤੇ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਮਾਜ ਵਿੱਚੋਂ ਕੁਰੀਤੀਆਂ ਦੇ ਖ਼ਾਤਮੇ ਲਈ ਗੁਰਬਾਣੀ ਦੀ ਵਿਚਾਰਧਾਰਾ 'ਤੇ ਪਹਿਰਾ ਦੇਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਆਰੰਭੀ ਧਰਮ ਪ੍ਰਚਾਰ ਲਹਿਰ ਦਾ ਹਿੱਸਾ ਬਣ ਕੇ ਇਸ ਨੂੰ ਘਰ ਘਰ ਤੱਕ ਪਹੁੰਚਾਉਣ ਲਈ ਪ੍ਰੇਰਣਾ ਵੀ ਕੀਤੀ। ਇਸੇ ਦੌਰਾਨ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਹੋਏ ਅੰਮ੍ਰਿਤ ਸੰਚਾਰ ਵਿੱਚ 269 ਪ੍ਰਾਣੀਆਂ ਨੇ ਅੰਮ੍ਰਿਤ ਪਾਨ ਕੀਤਾ।

ਸਮਾਗਮ ਸਮੇਂ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਰਜਿੰਦਰ ਸਿੰਘ, ਸ. ਨਿਰੰਜਨ ਸਿੰਘ ਸੁਪਰਵਾਈਜ਼ਰ, ਭਾਈ ਤਰਸੇਮ ਸਿੰਘ, ਭਾਈ ਹੀਰਾ ਸਿੰਘ, ਸ. ਜਤਿੰਦਰ ਸਿੰਘ ਲਾਲੀ ਸਮੇਤ ਸੰਗਤਾਂ ਮੌਜੂਦ ਸਨ। (1 ਅਪ੍ਰੈਲ)

## ਸ਼੍ਰੋਮਣੀ ਕਮੇਟੀ ਦੀਆਂ ਮਹੀਨਾਵਾਰ 'ਸੇਵਾ ਸਰਗਰਮੀਆਂ' ਦਾ ਪਹਿਲਾ ਅੰਕ ਭਾਈ ਲੌਂਗੋਵਾਲ ਨੇ ਕੀਤਾ ਜਾਰੀ



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ਼੍ਰੋਮਣੀ ਕਮੇਟੀ ਵੱਲੋਂ ਪ੍ਰਕਾਸ਼ਤ ਮਹੀਨਾਵਾਰ 'ਸੇਵਾ ਸਰਗਰਮੀਆਂ' ਦਾ ਪਹਿਲਾ ਅੰਕ ਜਾਰੀ ਕੀਤਾ। ਇਸ ਪਰਚੇ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਗਤੀਵਿਧੀਆਂ ਅਤੇ ਧਰਮ ਪ੍ਰਚਾਰ ਲਹਿਰ ਤਹਿਤ ਕਰਵਾਏ ਜਾਂਦੇ ਕਾਰਜਾਂ ਨੂੰ ਜਗ੍ਹਾ ਦਿੱਤੀ ਗਈ ਹੈ। ਇਸ ਮੌਕੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਧਰਮ ਪ੍ਰਚਾਰ ਕਮੇਟੀ ਦੇ ਫੈਸਲੇ ਅਨੁਸਾਰ ਇਹ ਮਹੀਨਾਵਾਰ 'ਸੇਵਾ ਸਰਗਰਮੀਆਂ' ਦੀ ਪ੍ਰਕਾਸ਼ਨਾ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਦਾ ਮੰਤਵ ਵੱਖ-ਵੱਖ ਥਾਵਾਂ 'ਤੇ ਕਰਵਾਏ ਜਾਂਦੇ ਧਰਮ ਪ੍ਰਚਾਰ ਸਮਾਗਮਾਂ ਨੂੰ ਵੱਧ ਤੋਂ ਵੱਧ ਸੰਗਤਾਂ ਤੱਕ ਪਹੁੰਚਾਉਣਾ ਹੈ, ਤਾਂ ਜੋ ਉਹ ਇਸ ਤੋਂ ਪ੍ਰੇਰਣਾ ਲੈ ਕੇ ਧਰਮ ਦੀਆਂ ਸਿੱਖਿਆਵਾਂ ਨਾਲ ਜੁੜ ਸਕਣ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਮਹੀਨਾਵਾਰ ਪਰਚੇ ਦੀ ਸੰਪਾਦਨਾ ਦਾ ਕਾਰਜ ਐਡੀਸ਼ਨਲ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੂੰ ਸੌਂਪਿਆ ਗਿਆ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਅਤੇ ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਪ੍ਰੋ. ਬਲਵਿੰਦਰ ਸਿੰਘ ਜੌੜਾਸਿੰਘਾ ਨੇ 'ਸੇਵਾ ਸਰਗਰਮੀਆਂ' ਦੀ ਪ੍ਰਕਾਸ਼ਨਾ ਨੂੰ ਸਮੇਂ ਦੀ ਲੋੜ ਦੱਸਦਿਆਂ ਕਿਹਾ ਕਿ ਇਹ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਸੋਚ ਦਾ ਬਿਹਤਰ ਪ੍ਰਗਟਾਵਾ ਹੈ। ਉਨ੍ਹਾਂ ਇਸ ਕਾਰਜ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੂੰ ਮੁਬਾਰਕਬਾਦ ਵੀ ਦਿੱਤੀ। ਇਸ ਮੌਕੇ ਸਕੱਤਰ ਸ. ਮਨਜੀਤ ਸਿੰਘ ਬਾਠ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਸ. ਪ੍ਰਤਾਪ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ, ਮੀਤ ਸਕੱਤਰ ਸ. ਸਤਿੰਦਰ ਸਿੰਘ, ਸ. ਦਰਸ਼ਨ ਸਿੰਘ ਪੀ.ਏ. ਮੌਜੂਦ ਸਨ। (23 ਮਾਰਚ)

## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਇਤਿਹਾਸਕ ਬੇਰ ਬਾਬਾ ਬੁੱਢਾ ਸਾਹਿਬ ਨਜ਼ਦੀਕ ਕਮਰਿਆਂ ਦੇ ਨਵੀਨੀਕਰਨ ਉਪਰੰਤ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਆਰੰਭ



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪਰਕਰਮਾ 'ਚ ਸਥਿਤ ਬੇਰ ਬਾਬਾ ਬੁੱਢਾ ਸਾਹਿਬ ਨਜ਼ਦੀਕ ਕਮਰੇ ਨੂੰ ਨਵੀਂ ਦਿੱਖ ਦੇਣ ਤੋਂ ਬਾਅਦ ਇਥੇ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਮੁੜ ਆਰੰਭ ਕੀਤੀ ਗਈ ਹੈ। ਇਸ ਕਮਰੇ ਦੇ ਨਵੀਨੀਕਰਨ ਲਈ ਸ. ਪ੍ਰਭਜੋਤ ਸਿੰਘ ਦੇ ਸਪੁੱਤਰਾਂ ਸ. ਸੁਰਿੰਦਰਪਾਲ ਸਿੰਘ ਤੇ ਸ. ਇੰਦਰਪਾਲ ਸਿੰਘ ਵੱਲੋਂ ਕਰਵਾਈ ਗਈ ਸੇਵਾ ਨੂੰ ਕਾਰ ਸੇਵਕ ਬਾਬਾ ਕਸ਼ਮੀਰ ਸਿੰਘ ਭੂਰੀਵਾਲਿਆਂ ਵੱਲੋਂ ਨੇਪਰੇ ਚਾੜ੍ਹਿਆ ਗਿਆ ਹੈ। ਦੱਸਣਯੋਗ ਹੈ ਕਿ ਨਵੀਨੀਕਰਨ ਕਰਨ ਸਮੇਂ ਜਿਥੇ ਇਸ ਕਮਰੇ ਵਿਚ ਸੁਨਿਹਰੀ ਪਾਲਕੀ ਸਾਹਿਬ ਬਣਾਈ ਗਈ ਹੈ, ਉਥੇ ਹੀ ਸਾਰੇ ਕਮਰੇ ਨੂੰ ਖ਼ੂਬਸੂਰਤ ਢੰਗ ਨਾਲ ਸਜਾਇਆ ਗਿਆ ਹੈ।

ਸੇਵਾ ਦੀ ਸੰਪੂਰਨਤਾ ਉਪਰੰਤ ਇਥੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭ ਕੀਤੀ ਗਈ ਲੜੀ ਤਹਿਤ ਪਹਿਲੇ ਅਖੰਡ ਪਾਠ ਸਾਹਿਬ ਦੀ ਸੇਵਾ ਸ. ਪ੍ਰਭਜੋਤ ਸਿੰਘ ਦੇ ਪਰਿਵਾਰ ਵੱਲੋਂ ਕਰਵਾਈ ਗਈ, ਜਿਸ ਦੀ ਆਰੰਭਤਾ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਅਮਨਦੀਪ ਸਿੰਘ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ ਅਤੇ ਭਾਈ ਕੁਲਵਿੰਦਰ ਸਿੰਘ ਨੇ ਅਰਦਾਸ ਕੀਤੀ। ਹੁਕਮਨਾਮੇ ਉਪਰੰਤ ਪਹਿਲੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਕੀਤੀ। ਇਸ ਸਮੇਂ ਗੁਰੂ ਘਰ ਪ੍ਰਤੀ ਸ਼ਰਧਾ ਨਾਲ ਕੀਤੀ ਗਈ ਸੇਵਾ ਲਈ ਸ. ਪ੍ਰਭਜੋਤ ਸਿੰਘ ਦੇ ਪਰਿਵਾਰਕ ਮੈਂਬਰਾਂ ਸ. ਸੁਰਿੰਦਰਪਾਲ ਸਿੰਘ, ਸ. ਇੰਦਰਪਾਲ ਸਿੰਘ ਸਮੇਤ ਹੋਰਾਂ ਨੂੰ ਗਿਆਨੀ ਗੁਰਬਚਨ ਸਿੰਘ, ਗਿਆਨੀ ਜਗਤਾਰ ਸਿੰਘ ਅਤੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਤੋਂ ਇਲਾਵਾ ਆਈਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਵੀ ਸਿਰੋਪਾਓ ਦਿੱਤੇ ਗਏ।

ਇਸ ਦੌਰਾਨ ਗੱਲਬਾਤ ਕਰਦਿਆਂ ਜਥੇਦਾਰ ਗਿਆਨੀ ਗੁਰਬਚਨ ਸਿੰਘ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਪਾਵਨ ਸਰੋਵਰ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਸੇਵਾ ਕਰਵਾਉਣ ਸਮੇਂ ਗੁਰੂ ਘਰ ਅਨਿੰਨ ਸੇਵਕ ਬਾਬਾ ਬੁੱਢਾ ਜੀ ਇਸ ਬੇਰੀ ਹੇਠ ਬੈਠਿਆ ਕਰਦੇ ਸਨ, ਇਸ ਕਰਕੇ ਇਸ ਦੀ ਵੱਡੀ ਇਤਿਹਾਸਕ ਮਹੱਤਤਾ ਹੈ। ਉਨ੍ਹਾਂ ਕਿਹਾ ਕਿ ਇਥੇ ਪਹਿਲਾਂ ਵੀ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਚਲਦੀ ਰਹੀ ਹੈ ਅਤੇ ਹੁਣ ਇਸ ਕਮਰੇ ਦੇ ਨਵੀਨੀਕਰਨ ਤੋਂ ਬਾਅਦ ਇਸ ਲੜੀ ਨੂੰ ਮੁੜ ਆਰੰਭ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਥੇ ਸੰਗਤਾਂ ਵੱਲੋਂ ਬੁੱਕ ਕਰਵਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਨਿਰੰਤਰ ਚੱਲਣਗੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸ. ਜਗਜੀਤ ਸਿੰਘ ਜੱਗੀ ਨਿੱਜੀ ਸਹਾਇਕ, ਸ੍ਰੀ ਅਕਾਲ ਤਖ਼ਤ ਸਾਹਿਬ ਮੁੱਖ ਗ੍ਰੰਥੀ ਭਾਈ ਮਲਕੀਤ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ, ਕਾਰਸੇਵਕ ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਬਾਬਾ ਸ਼ਿੰਦਾ ਜੀ ਹਜ਼ੂਰ ਸਾਹਿਬ ਵਾਲੇ, ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ ਵਾਲੇ ਆਦਿ ਹਾਜ਼ਰ ਸਨ।

(24 ਮਾਰਚ)

## ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਹੋਇਆ ਹਫਤਾਵਾਰੀ ਗੁਰਮਤਿ ਸਮਾਗਮ, 145 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ

ਸ੍ਰੀ ਅਨੰਦਪੁਰ ਸਾਹਿਬ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਦੇਸ਼ਾਂ ਵਿਚ ਵੀ ਗੁਰਮਤਿ ਪ੍ਰਚਾਰ ਲਹਿਰ ਨੂੰ ਪ੍ਰਚੰਡ ਕਰਨ ਲਈ ਉਪਰਾਲੇ ਕਰਨੇ ਚਾਹੀਦੇ ਹਨ। ਕੈਨੇਡਾ ਦੀ ਸਿੱਖ ਸੰਗਤ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਲਈ ਪੂਰਨ ਸਹਿਯੋਗ ਕਰੇਗੀ। ਇਹ ਪ੍ਰਗਟਾਵਾ ਟੋਰਾਂਟੋ (ਕੈਨੇਡਾ) ਤੋਂ ਅੱਜ ਵਿਸ਼ੇਸ਼ ਤੌਰ 'ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਪਹੁੰਚੇ, ਭਾਈ ਬਚਿੱਤਰ ਸਿੰਘ ਘੋਲੀਆਂ ਨੇ ਕੀਤਾ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ 'ਚ ਪੰਜਾਬ ਭਰ 'ਚ ਸ਼ੁਰੂ ਕੀਤੀ ਗਈ ਗੁਰਮਤਿ ਪ੍ਰਚਾਰ ਲਹਿਰ ਦੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਦੁਆਬਾ ਜ਼ੋਨ ਦੇ ਛੇਵੇਂ ਹਫ਼ਤਾਵਾਰੀ ਸਮਾਗਮ ਮੌਕੇ ਸੰਗਤ ਨਾਲ ਗੁਰਮਤਿ ਵਿਚਾਰ ਦੀ ਸਾਂਝ ਪਾਉਂਦਿਆਂ ਕਿਹਾ ਕਿ ਧਰਮ ਪ੍ਰਚਾਰ ਲਹਿਰ ਸ਼ਲਾਘਾਯੋਗ ਉਪਰਾਲਾ ਹੈ। ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਗੁਰਮਤਿ ਪ੍ਰਚਾਰ ਲਹਿਰ ਦੀ ਸ਼ਲਾਘਾ ਕੀਤੀ। ਹੈੱਡ ਗ੍ਰੰਥੀ ਗਿਆਨੀ ਫੂਲਾ ਸਿੰਘ ਨੇ ਕਿਹਾ ਕਿ ਗੁਰਮਤਿ ਪ੍ਰਚਾਰ ਲਹਿਰ ਦੇ ਨਤੀਜੇ ਉਤਸ਼ਾਹਜਨਕ ਹਨ। ਸ਼੍ਰੋਮਣੀ ਕਮੇਟੀ ਦੇ ਸਬ-ਆਫ਼ਿਸ ਦੇ ਵਧੀਕ ਸਕੱਤਰ ਡਾ. ਪਰਮਜੀਤ ਸਿੰਘ ਸਰੋਆ ਨੇ ਪ੍ਰਚਾਰਕਾਂ, ਢਾਡੀਆਂ ਅਤੇ ਕਵੀਸ਼ਰਾਂ ਤੇ ਸੰਗਤਾ ਦਾ ਲਹਿਰ ਦੀ ਸਫਲਤਾ ਲਈ ਸਹਿਯੋਗ ਲਈ ਧੰਨਵਾਦ ਕਰਦਿਆਂ ਦਸਿਆ ਕਿ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ 145 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਬਾਬਾ ਜਰਨੈਲ ਸਿੰਘ ਕਾਰ ਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਵਾਲੇ, ਐਡਵੋਕੇਟ ਹਰਦੇਵ ਸਿੰਘ, ਰਣਜੀਤ ਸਿੰਘ, ਦਰਸ਼ਨ ਸਿੰਘ ਘੋਲੀਆਂ ਪ੍ਰਧਾਨ ਹੋਂਦ ਚਿਲੜ ਇਨਸਾਫ਼ ਕਮੇਟੀ, ਸੁਖਵਿੰਦਰ ਸਿੰਘ ਜ਼ੀਰਾ, ਭਾਈ ਲਖਵੀਰ ਸਿੰਘ ਰਟਿਆਲਾ, ਸੁਖਮਿੰਦਰ ਸਿੰਘ ਕਾਨੂੰਗੋ ਮੋਗਾ ਆਦਿ ਵੀ ਹਾਜ਼ਰ ਸਨ। ਭਾਈ ਬਚਿੱਤਰ ਸਿੰਘ ਘੋਲੀਆਂ ਦਾ ਸਨਮਾਨ ਵੀ ਕੀਤਾ ਗਿਆ। ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਤਾਰ ਸਿੰਘ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਭਾਈ ਸੁਖਵੀਰ ਸਿੰਘ ਨੇ ਗੁਰਬਾਣੀ ਦੇ ਮਨੋਹਰ ਤੇ ਰਸ-ਭਿੰਨੇ ਕੀਰਤਨ ਦੁਆਰਾ ਨਿਹਾਲ ਕੀਤਾ। ਭਾਈ ਮਲਕੀਤ ਸਿੰਘ ਦੇ ਪੰਥ ਪ੍ਰਸਿੱਧ ਢਾਡੀ ਜਥੇ ਵੱਲੋਂ ਸੰਗਤਾਂ ਨੂੰ ਗੁਰੂ ਇਤਿਹਾਸ ਸਰਵਣ ਕਰਵਾਇਆ ਗਿਆ। ਭਾਈ ਕੇਵਲ ਸਿੰਘ ਗਗੜੇਵਾਲ ਦੇ ਜਥੇ ਨੇ ਕਵੀਸ਼ਰੀ ਰਾਹੀਂ ਸੰਗਤ ਨੂੰ ਨਿਹਾਲ ਕੀਤਾ।

(18 ਮਾਰਚ)

# ਗੁ: ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਬੇਬੇ ਨਾਨਕੀ ਜੀ ਗੁਰਮਤਿ ਸਮਾਗਮ ਕਰਵਾਇਆ

**ਸਿੱਖ ਇਤਿਹਾਸ ਤੋਂ ਪ੍ਰੇਰਣਾ ਲੈ ਕੇ ਸਮਾਜ ਨੂੰ ਕੁਰੀਤੀਆਂ ਰਹਿਤ ਬਣਾਉਣ ਲਈ ਬੀਬੀਆਂ ਅੱਗੇ ਆਉਣ -ਬੀਬੀ ਜਗੀਰ ਕੌਰ**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ 'ਬੇਬੇ ਨਾਨਕੀ ਜੀ ਗੁਰਮਤਿ ਸਮਾਗਮ' ਕਰਵਾਇਆ ਗਿਆ। ਇਸ ਸਮਾਗਮ ਵਿਚ ਇਸਤਰੀ ਅਕਾਲੀ ਦਲ ਦੀ ਪ੍ਰਧਾਨ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਦੀ ਅਗਵਾਈ ਵਿਚ ਵੱਡੀ ਗਿਣਤੀ ਵਿਚ ਬੀਬੀਆਂ ਨੇ ਸ਼ਮੂਲੀਅਤ ਕੀਤੀ। ਇਸ ਦੌਰਾਨ ਵਿਸ਼ੇਸ਼ ਤੌਰ 'ਤੇ ਮਹਾਰਾਸ਼ਟਰ ਇਕਾਈ ਦੀ ਨਵ-ਨਿਯੁਕਤ ਪ੍ਰਧਾਨ ਬੀਬੀ ਪਰਮਜੀਤ ਕੌਰ ਪਿੰਕੀ ਸਮੇਤ 60 ਬੀਬੀਆਂ ਦਾ ਜਥਾ ਵੀ ਸਮਾਗਮ ਵਿਚ ਪਹੁੰਚਿਆ।



ਇਸ ਮੌਕੇ ਆਪਣੇ ਸੰਬੋਧਨ ਦੌਰਾਨ ਬੀਬੀ ਜਗੀਰ ਕੌਰ ਨੇ ਕਿਹਾ ਕਿ ਸਿੱਖ ਇਤਿਹਾਸ ਵਿਚ ਬੀਬੀਆਂ ਦਾ ਵਿਲੱਖਣ ਅਤੇ ਅਹਿਮ ਸਥਾਨ ਹੈ। ਉਨ੍ਹਾਂ ਬੇਬੇ ਨਾਨਕੀ ਜੀ ਦੇ ਇਤਿਹਾਸ ਨੂੰ ਸਾਂਝਾ ਕਰਦਿਆਂ ਕਿਹਾ ਕਿ ਉਹ ਸਿੱਖ ਧਰਮ ਦੇ ਪਹਿਲੇ ਪ੍ਰਚਾਰਕ ਸਨ ਅਤੇ ਵਰਤਮਾਨ ਸਮੇਂ ਅੰਦਰ ਭੈਣਾਂ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਣਾ ਲੈ ਕੇ ਸਮਾਜ ਨੂੰ ਕੁਰੀਤੀਆਂ ਤੋਂ ਰਹਿਤ ਬਣਾਉਣ ਲਈ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਸਮਾਜ ਵਿਚੋਂ ਬੁਰਾਈਆਂ ਨੂੰ ਖਤਮ ਕਰਨ ਲਈ ਇਸਤਰੀਆਂ ਅਹਿਮ ਭੂਮਿਕਾ ਨਿਭਾਅ ਸਕਦੀਆਂ ਹਨ, ਇਸ ਲਈ ਸਾਨੂੰ ਆਪਣੀ ਜ਼ਿੰਮੇਵਾਰੀ ਸਮਝਦਿਆਂ ਗੁਰਬਾਣੀ ਤੋਂ ਸੇਧ ਲੈ ਕੇ ਇਸ ਕਾਰਜ ਪ੍ਰਤੀ ਕਾਰਜਸ਼ੀਲ ਹੋਣਾ ਚਾਹੀਦਾ ਹੈ।

ਉਨ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸਤਰੀ ਅਕਾਲੀ ਦਲ ਇਸ ਲਹਿਰ ਦੀ ਸਫਲਤਾ ਲਈ ਹਮੇਸ਼ਾ ਅੱਗੇ ਹੋ ਕੇ ਕਾਰਜ ਕਰੇਗਾ ਅਤੇ ਸਮੇਂ-ਸਮੇਂ ਇਸਤਰੀ ਅਕਾਲੀ ਦਲ ਵੱਲੋਂ ਧਰਮ ਪ੍ਰਚਾਰ ਲਹਿਰ ਤਹਿਤ ਸਮਾਗਮ ਕਰਵਾਏ ਜਾਂਦੇ ਰਹਿਣਗੇ। ਬੀਬੀ ਜਗੀਰ ਕੌਰ ਨੇ ਵੱਖ-ਵੱਖ ਸੂਬਿਆਂ ਤੋਂ ਇਲਾਵਾ ਪੰਜਾਬ ਭਰ 'ਚ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।

ਇਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ ਚੰਡੀਗੜ੍ਹ ਅਤੇ ਮਹਾਰਾਸ਼ਟਰ ਇਕਾਈ ਦੀ ਪ੍ਰਧਾਨ ਬੀਬੀ ਪਰਮਜੀਤ ਕੌਰ ਪਿੰਕੀ ਨੇ ਵਿਚਾਰ ਸਾਂਝੇ ਕਰਦਿਆਂ ਬੀਬੀਆਂ ਨੂੰ ਅਪੀਲ ਕੀਤੀ ਕਿ ਉਹ ਸਿੱਖ ਇਤਿਹਾਸ ਤੋਂ ਪ੍ਰੇਰਣਾ ਪ੍ਰਾਪਤ ਕਰਕੇ ਬੱਚਿਆਂ ਅਤੇ ਨੌਜੁਆਨਾਂ ਨੂੰ ਗੁਰਮਤਿ ਰਹਿਣੀ ਦੇ ਧਾਰਨੀ ਬਣਾਉਣ ਲਈ ਅੱਗੇ ਆਉਣ। ਉਨ੍ਹਾਂ ਬੀਬੀ ਜਗੀਰ ਕੌਰ ਦੀ ਅਗਵਾਈ ਵਿਚ ਇਸਤਰੀ ਅਕਾਲੀ ਦਲ ਵੱਲੋਂ ਸਮਾਜਿਕ ਕੁਰੀਤੀਆਂ ਖ਼ਿਲਾਫ਼ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਵੀ ਕੀਤੀ। ਇਸ ਤੋਂ ਪਹਿਲਾਂ ਭਾਈ ਸੰਦੀਪ ਸਿੰਘ ਤੇ ਬੀਬੀ ਅਮਰਜੀਤ ਕੌਰ ਦੇ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਬੀਬੀ ਹਰਪ੍ਰੀਤ ਕੌਰ ਪ੍ਰਚਾਰਕ, ਬੀਬੀ ਸਰਬਜੀਤ ਕੌਰ ਪ੍ਰਚਾਰਕ ਅਤੇ ਬੀਬੀ ਰੁਪਿੰਦਰ ਕੌਰ ਪ੍ਰਚਾਰਕ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ।

ਇਸ ਮੌਕੇ ਬੀਬੀ ਗੁਰਪ੍ਰੀਤ ਕੌਰ ਰੂਹੀ, ਬੀਬੀ ਹਰਜਿੰਦਰ ਕੌਰ ਚੰਡੀਗੜ੍ਹ, ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਰਾਜਵਿੰਦਰ ਕੌਰ ਰਾਜ, ਬੀਬੀ ਪਰਮਜੀਤ ਕੌਰ ਪਿੰਕੀ, ਬੀਬੀ ਕਰਮਜੀਤ ਕੌਰ ਬਰਾੜ, ਬੀਬੀ ਸ਼ਰਨਜੀਤ ਕੌਰ, ਬੀਬੀ ਸੁਖਦੇਵ ਕੌਰ, ਬੀਬੀ ਦਰਸ਼ਨ ਕੌਰ, ਪੂਨਮ ਅਰੋੜਾ, ਕਿਰਨ ਸ਼ਰਮਾ, ਬੀਬੀ ਦਵਿੰਦਰ ਕੌਰ, ਬੀਬੀ ਹਰਜੀਤ ਕੌਰ ਤਲਵੰਡੀ, ਬੀਬੀ ਸਿਮਰਜੀਤ ਕੌਰ, ਬੀਬੀ ਵਜਿੰਦਰ ਕੌਰ ਵੇਰਕਾ, ਬੀਬੀ ਗੁਰਮਿੰਦਰ ਕੌਰ, ਬੀਬੀ ਹਰਭਜਨ ਕੌਰ ਬਾਵਾ, ਬੀਬੀ ਹਰਪ੍ਰੀਤ ਕੌਰ ਪ੍ਰਚਾਰਕ, ਸ਼੍ਰੋਮਣੀ ਕਮੇਟੀ ਮੈਂਬਰ ਸ. ਜਰਨੈਲ ਸਿੰਘ ਡੋਗਰਾਂਵਾਲਾ, ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ ਤੇ ਸ. ਤੇਜਿੰਦਰ ਸਿੰਘ ਪੱਡਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ ਅਟਾਰੀ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ, ਸ. ਗੁਰਦਿਆਲ ਸਿੰਘ, ਸ. ਸਵਰਣ ਸਿੰਘ ਜੋਸ਼, ਪ੍ਰੋ: ਕਮਲਜੀਤ ਕੌਰ ਰੰਧਾਵਾ, ਬੀਬੀ ਦਲਜੀਤ ਕੌਰ ਦਾਉਦਪੁਰ, ਸ. ਮੁਖਤਿਆਰ ਸਿੰਘ ਪੀ.ਏ., ਸ. ਹਰਮੀਤ ਸਿੰਘ ਮਲੂਕਾ, ਭਾਈ ਸੁਰਜੀਤ ਸਿੰਘ ਸਭਰਾ ਪ੍ਰਚਾਰਕ, ਸ. ਜਗਦੇਵ ਸਿੰਘ ਪ੍ਰਚਾਰਕ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ। (25 ਮਾਰਚ)

# ਸਿੰਘ ਸਾਹਿਬਾਨ, ਸ਼੍ਰੋਮਣੀ ਕਮੇਟੀ ਪ੍ਰਧਾਨ ਅਤੇ ਕਾਰ ਸੇਵਾ ਵਾਲੇ ਮਹਾਂਪੁਰਸ਼ਾਂ ਸਮੇਤ ਲੱਖਾਂ ਸੰਗਤਾਂ ਨੇ ਕੀਤੀ ਗੁ: ਬੀੜ ਬਾਬਾ ਬੁੱਢਾ ਸਾਹਿਬ ਵਿਖੇ ਪਾਵਨ ਸਰੋਵਰ ਦੀ ਕਾਰ ਸੇਵਾ



ਇਤਿਹਾਸਕ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਠੱਠਾ (ਤਰਨ ਤਾਰਨ) ਦੇ ਪਾਵਨ ਇਤਿਹਾਸਕ ਸਰੋਵਰ ਦੀ ਕਾਰ ਸੇਵਾ ਦੀ ਆਰੰਭਤਾ ਮੌਕੇ ਲੱਖਾਂ ਸੰਗਤਾਂ ਨੇ ਸ਼ਮੂਲੀਅਤ ਕੀਤੀ ਅਤੇ ਕੁਝ ਘੰਟਿਆਂ ਵਿਚ ਹੀ ਸਰੋਵਰ 'ਚ ਸਫ਼ਾਈ ਦੀ ਸੇਵਾ ਮੁਕੰਮਲ ਕਰ ਦਿੱਤੀ। ਇਹ ਕਾਰ ਸੇਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਾਰ ਸੇਵਕ ਬਾਬਾ ਕਸ਼ਮੀਰ ਸਿੰਘ ਭੂਰੀਵਾਲਿਆਂ ਨੂੰ ਸੌਂਪੀ ਗਈ ਸੀ ਅਤੇ ਇਸ ਦੀ ਆਰੰਭਤਾ ਪੰਜ ਸਿੰਘਾਂ ਦੇ ਰੂਪ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਰਣਜੀਤ ਸਿੰਘ ਨੇ ਟੱਪ ਲਗਾ ਕੇ ਕੀਤੀ। ਇਸ ਮੌਕੇ ਬਾਬਾ ਅਵਤਾਰ ਸਿੰਘ ਸੁਰਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਵੱਡੀ ਗਿਣਤੀ ਵਿਚ ਮੈਂਬਰ ਸਾਹਿਬਾਨ ਸਮੇਤ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸ਼ਖ਼ਸੀਅਤਾਂ ਮੌਜੂਦ ਸਨ। ਇਸ ਸਮੇਂ ਹਵਾਈ ਜਹਾਜ਼ ਰਾਹੀਂ ਫੁੱਲਾਂ ਦੀ ਵਰਖਾ ਕੀਤੀ ਗਈ ਤੇ ਲੱਖਾਂ ਸੰਗਤਾਂ ਦਾ ਇਕੱਠ ਖ਼ਾਲਸਾਈ ਜਾਹੋ-ਜਲਾਲ ਪ੍ਰਗਟ ਕਰ ਰਿਹਾ ਸੀ।

ਕਾਰ ਸੇਵਾ ਆਰੰਭ ਕਰਨ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਕਿਹਾ ਕਿ ਇਸ ਪਾਵਨ ਅਸਥਾਨ 'ਤੇ ਦੇਸ਼ ਦੁਨੀਆਂ ਦੀ ਸੰਗਤਾਂ ਸ਼ਰਧਾ ਭਾਵਨਾ ਨਾਲ ਨਤਮਸਤਕ ਹੁੰਦੀਆਂ ਹਨ। ਇਸ ਮੌਕੇ ਬਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਗੁਰਦੁਆਰਾ ਸਾਹਿਬਾਨ ਦੇ ਇਤਿਹਾਸਕ ਸਰੋਵਰਾਂ ਦਾ ਵੱਡਾ ਮਹੱਤਵ ਹੈ ਅਤੇ ਗੁਰੂ ਘਰਾਂ ਦੇ ਪਾਵਨ ਸਰੋਵਰਾਂ ਵਿਚ ਇਸ਼ਨਾਨ ਕਰਕੇ ਮਨੁੱਖ ਹਉਮੈ ਰਹਿਤ ਹੋ ਜਾਂਦਾ ਹੈ। ਉਨ੍ਹਾਂ ਸਰੋਵਰ ਦੀ ਕਾਰ ਸੇਵਾ ਲਈ ਪਹੁੰਚੀਆਂ ਲੱਖਾਂ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਮੌਕਾ ਮਨੁੱਖਾ ਜ਼ਿੰਦਗੀ ਅੰਦਰ ਵੱਡੇ ਭਾਗਾਂ ਨਾਲ ਹੀ ਪ੍ਰਾਪਤ ਹੁੰਦਾ ਹੈ।



ਇਸ ਦੌਰਾਨ ਬਾਬਾ ਕਸ਼ਮੀਰ ਸਿੰਘ ਭੂਰੀਵਾਲਿਆਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਗੁਲਜ਼ਾਰ ਸਿੰਘ ਰਣੀਕੇ ਸਾਬਕਾ ਮੰਤਰੀ, ਸ. ਹਰਮੀਤ ਸਿੰਘ ਸੰਧੂ ਸਾਬਕਾ ਵਿਧਾਇਕ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਭਾਈ ਰਾਜਿੰਦਰ ਸਿੰਘ ਮਹਿਤਾ, ਬਾਬਾ ਨਿਰਮਲ ਸਿੰਘ ਨੌਸ਼ਹਿਰਾਢਾਲਾ, ਸ. ਸੁਰਜੀਤ ਸਿੰਘ ਭਿੱਟੇਵਡ, ਭਾਈ ਅਜਾਇਬ ਸਿੰਘ ਅਭਿਆਸੀ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਸੁਖਵਰਸ਼ ਸਿੰਘ ਪੰਨੂ, ਬਾਬਾ ਸੋਹਨ ਸਿੰਘ, ਗਿਆਨੀ ਨਿਸ਼ਾਨ ਸਿੰਘ ਹੈੱਡ ਗ੍ਰੰਥੀ, ਮਹੰਤ ਬਲਵੰਤ ਸਿੰਘ, ਬਹੰਤ ਗੋਪਾਲ ਸਿੰਘ ਕੁਠਾਰੀ, ਬਾਬਾ ਅਵਤਾਰ ਸਿੰਘ ਸੁਰਸਿੰਘ, ਬਾਬਾ ਨਿਰਮਲ ਸਿੰਘ ਭੂਰੀਵਾਲੇ, ਕਾਰ ਸੇਵਕ ਬਾਬਾ ਜਗਤਾਰ ਸਿੰਘ ਤਰਨ ਤਾਰਨ ਵਾਲੇ, ਬਾਬਾ ਮੇਜਰ ਸਿੰਘ ਹਜ਼ੂਰ ਸਾਹਿਬ, ਮਹੰਤ ਰਣਜੀਤ ਸਿੰਘ, ਬਾਬਾ ਬਚਨ ਸਿੰਘ ਭਲਵਾਨ, ਬਾਬਾ ਅਵਤਾਰ ਸਿੰਘ ਧੱਤਲਾਂ ਵਾਲੇ, ਬਾਬਾ ਮੇਜਰ ਸਿੰਘ ਵਾਂ, ਬਾਬਾ ਨਾਹਰ ਸਿੰਘ, ਬਾਬਾ ਅਨੂਪ ਸਿੰਘ ਹਜ਼ੂਰ ਸਾਹਿਬ ਵਾਲੇ, ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ, ਬਾਬਾ ਗੁਰਦੇਵ ਸਿੰਘ ਕੁੱਲੀਵਾਲੇ, ਬਾਬਾ ਨੰਦ ਸਿੰਘ ਮੁੰਡਾਪਿੰਡ, ਮਹੰਤ ਬਿਕਰਮ ਸਿੰਘ, ਮਹੰਤ ਪਾਲ ਸਿੰਘ ਲੋਈਆ, ਬਾਬਾ ਰਘਬੀਰ ਸਿੰਘ ਖਿਆਲਾ, ਬਾਬਾ ਸੁਬੇਗ ਸਿੰਘ, ਬਾਬਾ ਸੱਜਣ ਸਿੰਘ ਬੇਰ ਸਾਹਿਬ, ਬਾਬਾ ਗੁਰਪਿੰਦਰ ਸਿੰਘ ਵਡਾਲਾ, ਬਾਬਾ ਨਿਰੰਜਨ ਸਿੰਘ ਪੰਜਵੜ, ਸ. ਇੰਦਰਜੀਤ ਸਿੰਘ ਬਾਸਰਕੇ, ਸ. ਹਰਦਿਆਲ ਸਿੰਘ ਸੁਰਸਿੰਘ, ਸ. ਸੁਖਵਿੰਦਰ ਸਿੰਘ ਝਬਾਲ, ਸ. ਕਸ਼ਮੀਰ ਸਿੰਘ ਗੰਡੀਵਿੰਡ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਕੇਵਲ ਸਿੰਘ, ਸ. ਜਗਜੀਤ ਸਿੰਘ ਜੱਗੀ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ। (31 ਮਾਰਚ)

# ਸ਼੍ਰੋਮਣੀ ਕਮੇਟੀ ਸਿਕਲੀਗਰ ਸਿੱਖਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਵਚਨਬੱਧ- ਭਾਈ ਲੌਂਗੋਵਾਲ

## ਭੋਪਾਲ ਵਿਖੇ ਗੁਰਮਤਿ ਸਮਾਗਮ ਵਿਚ ਕੀਤੀ ਸ਼ਮੂਲੀਅਤ



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪਿਛਲੇ ਦਿਨੀ ਭੋਪਾਲ ਦੇ ਗੁਰਦੁਆਰਾ ਮਾਤਾ ਸਾਹਿਬ ਕੌਰ ਵਿਖੇ ਸਿਕਲੀਗਰ ਸਿੱਖਾਂ ਵੱਲੋਂ ਕਰਵਾਏ ਗਏ ਇਕ ਸਮਾਗਮ ਵਿਚ ਪਹੁੰਚ ਕੇ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਸ਼੍ਰੋਮਣੀ ਕਮੇਟੀ ਸਿੱਖ ਪੰਥ ਦਾ ਅਹਿਮ ਅੰਗ ਸਿਕਲੀਗਰ ਸਿੱਖਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਵਚਨਬਧ ਹੈ। ਉਨ੍ਹਾਂ ਕਿਹਾ ਕਿ ਸਿਕਲੀਗਰ ਸਿੱਖ ਬੱਚਿਆਂ ਦੀਆਂ ਫੀਸਾਂ ਦਾ ਖ਼ਰਚਾ ਸ਼੍ਰੋਮਣੀ ਕਮੇਟੀ ਵੱਲੋਂ ਚੁੱਕਿਆ ਗਿਆ ਹੈ ਅਤੇ ਬੱਚੀਆਂ ਲਈ ਵੀ ਕਿੱਤਾਮੁਖੀ ਸਿਖਲਾਈ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਵਿਸ਼ਵਾਸ ਦਵਾਇਆ ਕਿ ਸ਼੍ਰੋਮਣੀ ਕਮੇਟੀ ਸਿਕਲੀਗਰ ਸਿੱਖਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਕਾਰਜ ਕਰਦੀ ਰਹੇਗੀ।

ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨਾਲ ਗਏ ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਭੋਪਾਲ ਦੇ ਗੁਰਦੁਆਰਾ ਗੁਰੂ ਨਾਨਕ ਟੇਕਰੀ ਸਾਹਿਬ ਵਿਖੇ ਨਵੇਂ ਬਣੇ ਏਅਰ ਕੰਡੀਸ਼ਨ ਹਾਲ ਦਾ ਉਦਘਾਟਨ ਕਰਨ ਦੇ ਨਾਲ ਗਰੀਬ ਸਿੱਖਾਂ ਲਈ ਗੁਰੂ ਨਾਨਕ ਫ੍ਰੀ ਮੋਦੀ ਖਾਨਾ ਦੀ ਸ਼ੁਰੂਆਤ ਕੀਤੀ ਅਤੇ ਸਿੱਖ ਇਤਿਹਾਸ ਨੂੰ ਰੂਪਮਾਨ ਕਰਦੇ ਇਕ ਅਜਾਇਬ ਘਰ ਦਾ ਉਦਘਾਟਨ ਵੀ ਕੀਤਾ। ਇਸ ਤੋਂ ਇਲਾਵਾ ਭਾਈ ਲੌਂਗੋਵਾਲ ਨੇ ਗੁਰਦੁਆਰਾ ਨਾਨਕਸਰ ਸਾਹਿਬ ਹਮੀਦੀਆ ਰੋਡ ਵਿਖੇ ਲਾਇਬ੍ਰੇਰੀ ਅਤੇ ਗੁਰੂ ਨਾਨਕ ਨਿਵਾਸ ਨੂੰ ਵੀ ਸੰਗਤ ਅਰਪਣ ਕੀਤਾ।

ਉਨ੍ਹਾਂ ਦਸਿਆ ਕਿ ਭੋਪਾਲ ਪਹੁੰਚਣ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਸਿੰਘ ਸਭਾਵਾਂ ਦੇ ਪ੍ਰਧਾਨ ਗਿਆਨੀ ਦਲੀਪ ਸਿੰਘ ਨੇ ਧੰਨਵਾਦ ਕੀਤਾ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ ਅਤੇ ਲੋਕ ਭਲਾਈ ਦੀਆਂ ਸੇਵਾਵਾਂ ਲਈ ਪ੍ਰਸ਼ੰਸਾ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ, ਸ. ਦਰਸ਼ਨ ਸਿੰਘ ਪੀ.ਏ., ਸ. ਸੁਖਜਿੰਦਰ ਸਿੰਘ ਐਕਸੀਅਨ, ਗਿਆਨੀ ਦਲੀਪ ਸਿੰਘ, ਸ. ਅਮਰੀਕ ਸਿੰਘ, ਸ. ਮਨਜੀਤ ਸਿੰਘ, ਸ. ਸੁਰਜੀਤ ਸਿੰਘ, ਸ. ਗੁਰਵੇਲ ਸਿੰਘ, ਸ. ਕੁਲਬੀਰ ਸਿੰਘ, ਸ. ਪਰਮਜੀਤ ਸਿੰਘ, ਸ. ਗੁਰਮੀਤ ਸਿੰਘ ਆਦਿ ਮੌਜੂਦ ਸਨ। (28 ਮਾਰਚ)

# ਬਰਤਾਨੀਆਂ ਦੀ ਸੰਸਦ ਵਿੱਚ ਦਸਤਾਰ ਦਿਹਾੜਾ ਮਨਾਉਣਾ ਸਿੱਖਾਂ ਲਈ ਵੱਡੇ ਮਾਣ ਵਾਲੀ ਗੱਲ- ਭਾਈ ਲੌਂਗੋਵਾਲ



ਅੰਮ੍ਰਿਤਸਰ- ਸਿੱਖਾਂ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਬਰਤਾਨੀਆਂ ਦੀ ਸੰਸਦ ਵਿੱਚ ਦਸਤਾਰ ਦਿਹਾੜਾ ਮਨਾਉਣ ਦੀ ਸ਼ਲਾਘਾ ਕੀਤੀ ਹੈ। ਉਨ੍ਹਾਂ ਕਿਹਾ ਕਿ ਬਰਤਾਨੀਆਂ ਦੇ ਸੰਸਦ ਮੈਂਬਰਾਂ ਦੇ ਇਸ ਕਦਮ ਨਾਲ ਜਿੱਥੇ ਦਸਤਾਰ ਦੀ ਆਨ-ਸ਼ਾਨ ਵਿਚ ਹੋਰ ਵਾਧਾ ਹੋਇਆ ਹੈ, ਉਥੇ ਹੀ ਸਿੱਖ ਦਸਤਾਰ ਅਤੇ ਸਿੱਖਾਂ ਦੀ ਅੰਤਰਰਾਸ਼ਟਰੀ ਪੱਧਰ 'ਤੇ ਵੱਖਰੀ ਪਛਾਣ ਨੂੰ ਉਭਾਰਨ ਲਈ ਪ੍ਰਭਾਵਸ਼ਾਲੀ ਉਪਰਾਲਾ ਹੈ।

ਸ਼੍ਰੋਮਣੀ ਕਮੇਟੀ ਦੇ ਮੁੱਖ ਦਫਤਰ ਤੋਂ ਜਾਰੀ ਪ੍ਰੈਸ ਬਿਆਨ ਰਾਹੀਂ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਬਰਤਾਨੀਆਂ ਦੀ ਸੰਸਦ ਵਿਚ ਦਸਤਾਰ ਦਿਹਾੜਾ ਮਨਾਏ ਜਾਣ ਦਾ ਸਵਾਗਤ ਅਤੇ ਸ਼ਲਾਘਾ ਕੀਤੀ ਹੈ। ਉਨ੍ਹਾਂ ਕਿਹਾ ਕਿ ਬਰਤਾਨੀਆਂ ਦੀ ਸਰਕਾਰ ਵੱਲੋਂ ਚੁੱਕੇ ਇਸ ਮਹੱਤਵਪੂਰਨ ਕਦਮ ਨਾਲ ਅੰਤਰਰਾਸ਼ਟਰੀ ਪੱਧਰ 'ਤੇ ਸਿੱਖਾਂ ਦੀ ਆਨ-ਸ਼ਾਨ ਦਸਤਾਰ ਦੀ ਵੱਖਰੀ ਪਛਾਣ ਤੇ ਅਹਿਮੀਅਤ ਨੂੰ ਬਲ ਮਿਲੇਗਾ। ਇਸ ਨਾਲ ਸਿੱਖਾਂ ਦੀ ਪਹਿਚਾਣ ਸਬੰਧੀ ਪਾਏ ਜਾਂਦੇ ਭੁਲੇਖੇ ਦੂਰ ਹੋਣਗੇ। ਉਨ੍ਹਾਂ ਕਿਹਾ ਕਿ ਫਰਾਂਸ ਸਰਕਾਰ ਨੂੰ ਵੀ ਬਰਤਾਨੀਆਂ ਵਰਗੇ ਦੇਸ਼ ਦੀ ਅਜਿਹੀ ਪਹਿਲ ਕਦਮੀ ਤੋਂ ਸਬਕ ਲੈਣਾ ਚਾਹੀਦਾ ਹੈ। ਉਨ੍ਹਾਂ ਜਾਣਕਾਰੀ ਦਿੰਦਿਆਂ ਦਸਿਆ ਕਿ ਪਿਛਲੇ ਦਿਨੀ ਬਰਤਾਨੀਆਂ ਵਿਚ ਸ. ਰਵਨੀਤ ਸਿੰਘ ਨਾਮ ਦੇ ਇਕ ਵਿਅਕਤੀ ਦੀ ਦਸਤਾਰ ਤੇ ਹਮਲਾ ਕੀਤਾ ਗਿਆ ਸੀ ਤੇ ਉਥੋਂ ਦੇ ਸਿੱਖ ਸਾਂਸਦਾਂ ਦੀ ਪਹਿਲ ਅਤੇ ਬਰਤਾਨਵੀ ਸਰਕਾਰ ਵੱਲੋਂ ਦਸਤਾਰ ਦੀ ਮਹੱਤਤਾ ਤੇ ਇਸਦੀ ਅਹਿਮੀਅਤ ਅਤੇ ਪਛਾਣ ਵਿਚ ਵਾਧਾ ਕਰਨ ਲਈ ਇਹ ਵਿਸ਼ੇਸ ਉਪਰਾਲਾ ਕੀਤਾ ਗਿਆ। ਇਸ ਦਿਹਾੜੇ ਮੌਕੇ ਸਿੱਖਾਂ ਦੀ ਵੱਖਰੀ ਪਛਾਣ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਭਾਰਨ ਲਈ ਯੂ.ਕੇ. ਦੇ ਅੰਗਰੇਜ਼ ਅਤੇ ਹੋਰ ਐਮ.ਪੀ. ਅਤੇ ਅਧਿਕਾਰੀਆਂ ਵੱਲੋਂ ਆਪਣੇ ਸਿਰਾਂ ਉਪਰ ਦਸਤਾਰਾਂ ਸਜਾਈਆਂ ਗਈਆਂ, ਜੋ ਸਮੁੱਚੀ ਸਿੱਖ ਕੌਮ ਲਈ ਵੱਡੇ ਮਾਣ ਵਾਲੀ ਗੱਲ ਹੈ। ਜਿਸ ਲਈ ਸ਼੍ਰੋਮਣੀ ਕਮੇਟੀ ਉਨ੍ਹਾਂ ਦਾ ਧੰਨਵਾਦ ਕਰਦੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸਿੱਖਾਂ ਨੇ ਹਰ ਮੁਲਕ ਵਿਚ ਤਰੱਕੀਆਂ ਕਰਨ ਦੇ ਨਾਲ-ਨਾਲ ਆਪਣੀ ਵੱਖਰੀ ਪਛਾਣ ਲਈ ਹਮੇਸ਼ਾ ਸੰਘਰਸ਼ ਕੀਤਾ ਹੈ, ਜਿਸ ਲਈ ਉਹ ਵਧਾਈ ਦੇ ਪਾਤਰ ਵੀ ਹਨ। (27 ਮਾਰਚ)

## ਗੁ: ਬਾਬਾ ਬਕਾਲਾ ਸਾਹਿਬ ਵਿਖੇ 120 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ

ਬਾਬਾ ਬਕਾਲਾ ਸਾਹਿਬ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਇਤਿਹਾਸਕ ਗੁਰਦੁਆਰਾ ਨੌਵੀਂ ਪਾਤਸ਼ਾਹੀ ਬਾਬਾ ਬਕਾਲਾ ਸਾਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਗੁਰਤਾਗੱਦੀ ਦਿਵਸ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਕਰਵਾਇਆ ਗਿਆ, ਜਿਸ 'ਚ 120 ਦੇ ਕਰੀਬ ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਇਸ ਮੌਕੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤਪਾਨ ਕਰਵਾਉਣ ਪਿਛੋਂ ਅੰਮ੍ਰਿਤ ਛੱਕਣ ਵਾਲੇ ਪ੍ਰਾਣੀਆਂ ਨੂੰ ਗੁਰਮਤਿ ਰਹਿਤ ਮਰਯਾਦਾ ਤੋਂ ਜਾਣੂੰ ਕਰਵਾਇਆ। ਗੁ: ਸਾਹਿਬ ਦੇ ਮੈਨੇਜਰ ਭਾਈ ਮੇਜਰ ਸਿੰਘ ਨੇ ਅੰਮ੍ਰਿਤਪਾਨ ਕਰਨ ਵਾਲੇ ਪ੍ਰਾਣੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਦਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਅਸਥਾਨ 'ਤੇ ਹਰ ਪੂਰਨਮਸ਼ੀ 'ਤੇ ਅੰਮ੍ਰਿਤ ਸੰਚਾਰ ਕਰਵਾਇਆ ਜਾਂਦਾ ਹੈ। ਅੰਮ੍ਰਿਤ ਛੱਕਣ ਵਾਲੇ ਪ੍ਰਾਣੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਜਾਂਦੇ ਹਨ। (1 ਅਪ੍ਰੈਲ)